ਸਿੱਖ ਕੌਮ ਅਤੇ ਪੰਜਾਬੀਅਤ ਦਾ ਪਹਿਰੇਦਾਰ

# ਆਵਾਜ਼ਿ ਕੌਮ

www.awazeqaumtv.com

Also On

Visit on facebook

https://www.facebook.com/awazeqaumtv/videos/194899582124531/

Awaze Qaum

(ਯੂ. ਕੇ. ਤੋਂ ਪ੍ਰਕਾਸ਼ਿਤ)

You Tube https://youtu.be/LQwolgxDu7I

International Daily Newspaper & WEB TV

awazeqaumtvpunjab@gmail.com

ਵੀਰਵਾਰ, 28 ਅਗਸਤ 2025 (ਨਾਨਕਸ਼ਾਹੀ ਸੰਮਤ : ੫੫੭, ੧੩ ਭਾਦੋਂ) ਸੰਪਾਦਕ : ਰਘਵੀਰ ਸਿੰਘ ਵਾਲਸਾਲ ਯੂ.ਕੇ., ਸੰਪਰਕ : +447458381111,+447976210161,+919729091243




## ਛੁੱਟੀਆਂ ਦੇ ਬਾਵਜੂਦ ਸਕੂਲ ਖੋਲ੍ਹ ਕੇ 400 ਬੱਚਿਆਂ ਦੀ ਜਾਨ ਮੁਸੀਬਤ 'ਚ ਪਾਈ

**ਦੀਨਾਨਗਰ , 27 ਅਗਸਤ (ਆਵਾਜ਼ਿ ਕੌਮ ਬਿਊਰੋ)**-ਪੰਜਾਬ ਵਿਚ ਹੜ੍ਹਾਂ ਦੀ ਸਥਿਤੀ ਨੂੰ ਦੇਖਦੇ ਹੋਏ ਜਿੱਥੇ ਸੂਬਾ ਸਰਕਾਰ ਨੇ ਸਾਰੇ ਸਕੂਲਾਂ ਵਿਚ ਛੁੱਟੀਆਂ ਕਰ ਦਿੱਤੀਆਂ ਹਨ, ਉਥੇ ਹੀ ਵਿਧਾਨ ਸਭਾ ਹਲਕਾ ਦੀਨਾਨਗਰ ਅਧੀਨ ਆਉਂਦੇ ਸਰਹੱਦੀ ਪਿੰਡ ਦਬੂੜੀ ਵਿਖੇ ਸਥਿਤ ਨਵੋਦਿਆ ਵਿਦਿਆਲਿਆ ਸਕੂਲ ਵਿਚ 400 ਦੇ ਕਰੀਬ ਵਿਦਿਆਰਥੀ ਅਤੇ ਸਟਾਫ ਮੈਂਬਰ ਸਕੂਲ ਵਿਚ ਫਸੇ ਹੋਣ ਦੀ ਗੱਲ ਸਾਹਮਣੇ ਆਈ ਹੈ। ਛੁੱਟੀਆਂ ਹੋਣ ਦੇ ਬਾਵਜੂਦ ਸਕੂਲ ਖੁੱਲ੍ਹਾ ਹੋਣ ਕਰਕੇ ਵਿਦਿਆਰਥੀਆਂ ਦੀ ਜਾਨ ਖ਼ਤਰੇ ਵਿਚ ਪੈ ਗਈ ਹੈ। ਇਸ ਸਬੰਧੀ ਵਧੇਰੇ ਜਾਣਕਾਰੀ ਲਈ ਜਦੋਂ ਇਸ ਸਬੰਧੀ ਸਕੂਲ ਦੇ ਪ੍ਰਿੰਸੀਪਲ ਨਰੇਸ਼ ਕੁਮਾਰ ਨਾਲ ਫੋਨ 'ਤੇ ਗੱਲਬਾਤ ਕੀਤੀ ਗਈ ਤਾਂ ਉਨ੍ਹਾਂ ਇਸ ਗੱਲ ਦੀ ਪੁਸ਼ਟੀ ਕੀਤੀ ਕਿ ਸਕੂਲ ਅੰਦਰ ਕਰੀਬ 400 ਦੇ ਕਰੀਬ ਵਿਦਿਆਰਥੀ ਹਨ ਅਤੇ ਸਟਾਫ ਮੈਂਬਰਾਂ ਸਮੇਤ ਮੈਂ ਵੀ ਸਕੂਲ ਅੰਦਰ ਹਾਜ਼ਰ ਹਾਂ। ਉਨ੍ਹਾਂ ਕਿਹਾ ਕਿ ਸਕੂਲ ਦੀ ਹੇਠਾਂ ਵਾਲੀ ਬਿਲਡਿੰਗ ਵਿਚ ਪਾਣੀ ਵੜ ਗਿਆ ਹੈ ਅਤੇ ਬੱਚੇ ਅਤੇ ਸਕੂਲ ਸਟਾਫ ਨੂੰ ਹੋਸਟਰਾਂ ਦੀ ਬਿਲਡਿੰਗ ਦੀ ਦੂਸਰੀ ਮੰਜ਼ਿਲ 'ਤੇ ਪਹੁੰਚਾ ਦਿੱਤਾ ਗਿਆ ਹੈ ਅਤੇ ਜਿੱਥੇ ਵਿਦਿਆਰਥੀ ਅਤੇ ਸਟਾਫ ਬਿਲਕੁਲ ਸੁਰੱਖਿਅਤ ਹਨ। ਉਧਰ ਦੂਜੇ ਪਾਸੇ ਕੁਝ ਬੱਚਿਆਂ ਦੇ ਮਾਪਿਆਂ ਨਾਲ ਗੱਲਬਾਤ ਕੀਤੀ ਗਈ ਤਾਂ ਮਾਪਿਆਂ ਨੇ ਇਹ ਵੀ ਦੱਸਿਆ ਕਿ ਪਾਣੀ ਦਾ ਅਚਾਨਕ ਪੱਧਰ ਵਧਣ ਕਾਰਨ ਬੱਚਿਆਂ ਨੂੰ ਸਕੂਲ ਅੰਦਰ ਹੀ ਠਹਿਰਨ ਲਈ ਮਜਬੂਰ ਹੋਣਾ ਪਿਆ ਹੈ ਉਹਨਾਂ ਪ੍ਰਸ਼ਾਸਨ ਕੋਲੋਂ ਮੰਗ ਕੀਤੀ ਹੈ ਕਿ ਬੱਚਿਆਂ ਨੂੰ ਤੁਰੰਤ ਸੁਰੱਖਿਅਤ ਥਾਵਾਂ ਤੇ ਪਹੁੰਚਾਇਆ ਜਾਵੇ।

### ਮਾਧੋਪੁਰ ਹੈੱਡਵਰਕਸ ਦਾ ਫਲੱਡ ਗੇਟ ਟੁੱਟਿਆ, ਕਈ ਲੋਕ ਫਸੇ, ਮੁਲਾਜ਼ਮ ਲਾਪਤਾ

# ਪੰਜਾਬ 'ਚ ਵੱਡੀ ਤਬਾਹੀ ਦਾ ਖ਼ਤਰਾ !

**ਚੰਡੀਗੜ੍ਹ, 27 ਅਗਸਤ (ਆਵਾਜ਼ਿ ਕੌਮ ਬਿਊਰੋ)**-ਪੰਜਾਬ ਵਿਚ ਹੜ੍ਹਾਂ ਕਾਰਨ ਸਥਿਤੀ ਵਿਗੜ ਰਹੀ ਹੈ ਪਰ ਇਸ ਦੌਰਾਨ ਵੱਡੀ ਖ਼ਬਰ ਆ ਰਹੀ ਹੈ ਕਿ ਪਠਾਨਕੋਟ ਦੇ ਮਾਧੋਪੁਰ ਹੈੱਡਵਰਕਸ ਦਾ ਗੇਟ ਟੁੱਟ ਗਿਆ ਹੈ। ਡੈਮ ਤੋਂ ਸਿੱਧਾ ਰਾਵੀ ਨਦੀ ਵਿੱਚ ਪਾਣੀ ਜਾ ਰਿਹਾ ਹੈ। ਪਾਣੀ ਤੇਜ਼ੀ ਨਾਲ ਆ ਰਿਹਾ ਹੈ। ਦੂਜੇ ਪਾਸੇ ਲਗਭਗ 50 ਲੋਕ ਫਸੇ ਹੋਏ ਹਨ। ਹੈਲੀਕਾਪਟਰ ਰਾਹੀਂ ਬਚਾਅ ਕਾਰਜ ਚਲਾਏ ਜਾ ਰਹੇ ਹਨ। ਇੱਕ ਕਰਮਚਾਰੀ ਵੀ ਲਾਪਤਾ ਦੱਸਿਆ ਜਾ ਰਿਹਾ ਹੈ। ਜਾਣਕਾਰੀ ਮਿਲੀ ਹੈ ਕਿ ਮੁਲਾਜ਼ਮ ਇਕ ਖਰਾਬ ਗੇਟ ਨੂੰ ਠੀਕ ਕਰਨ ਲਈ ਆਏ ਸਨ। ਇਸ ਦੌਰਾਨ ਪਾਣੀ ਦੇ ਤੇਜ਼ ਵਹਾਅ ਕਾਰਨ ਇਕ ਫਲੱਡ ਗੇਟ ਟੁੱਟ ਗਿਆ। ਇਸ ਸਮੇਂ ਪਾਣੀ ਤੇਜ਼ੀ ਨਾਲ ਨਿਕਲ ਰਿਹਾ ਹੈ। ਇਧਰ, ਪ੍ਰਸ਼ਾਸਨ ਵੀ ਚੌਕਸ ਹੋ ਗਿਆ ਹੈ। ਦੱਸ ਦਈਏ ਕਿ ਮੀਂਹ



ਅਤੇ ਡੈਮਾਂ ਤੋਂ ਛੱਡੇ ਗਏ ਪਾਣੀ ਕਾਰਨ ਪੰਜਾਬ ਦੇ 7 ਜ਼ਿਲ੍ਹੇ ਹੜ੍ਹਾਂ ਦੀ ਮਾਰ ਹੇਠ ਆ ਗਏ ਹਨ। ਬੁੱਧਵਾਰ ਸ਼ਾਮ ਨੂੰ ਪਠਾਨਕੋਟ ਦੇ ਮਾਧੋਪੁਰ ਹੈੱਡਵਰਕਸ ਦਾ ਫਲੱਡ ਗੇਟ ਟੁੱਟ ਗਿਆ। ਇਸ ਕਾਰਨ ਰਾਵੀ ਨਦੀ ਵਿੱਚ ਹੜ੍ਹ ਆ ਗਿਆ ਹੈ। ਫਲੱਡ ਗੇਟ ਟੁੱਟਣ ਕਾਰਨ 50 ਲੋਕ ਪਾਣੀ ਵਿੱਚ ਫਸ ਗਏ ਹਨ। ਹੈੱਡਵਰਕਸ ਦਾ ਇੱਕ ਕਰਮਚਾਰੀ ਵੀ ਲਾਪਤਾ ਦੱਸਿਆ ਜਾ ਰਿਹਾ ਹੈ। ਉਨ੍ਹਾਂ ਨੂੰ ਹੈਲੀਕਾਪਟਰਾਂ ਰਾਹੀਂ ਬਚਾਇਆ ਜਾ ਰਿਹਾ ਹੈ। ਪਠਾਨਕੋਟ ਦੇ ਡੀਸੀ ਆਦਿੱਤਿਆ ਉੱਪਲ ਨੇ ਕਿਹਾ ਕਿ ਲਗਭਗ 50 ਲੋਕ ਫਲੱਡ ਗੇਟ ਦੀ ਮੁਰੰਮਤ ਵਿੱਚ ਲੱਗੇ ਹੋਏ ਸਨ। ਉਹ ਉਸ ਜਗ੍ਹਾ 'ਤੇ ਫਸ ਗਏ ਜਿੱਥੇ ਨੁਕਸਾਨ ਹੋਇਆ ਸੀ। ਹੈਲੀਕਾਪਟਰਾਂ ਦੀ ਮਦਦ ਨਾਲ ਕਈ ਲੋਕਾਂ ਨੂੰ ਸੁਰੱਖਿਅਤ ਬਾਹਰ ਕੱਢਿਆ ਗਿਆ ਹੈ। ਇਸ ਤੋਂ ਪਹਿਲਾਂ ਫੌਜ ਨੇ ਪਠਾਨਕੋਟ ਦੇ ਮਾਧੋਪੁਰ ਹੈੱਡਵਰਕਸ ਵਿਖੇ ਹੜ੍ਹ ਦੇ ਪਾਣੀ ਨਾਲ ਘਿਰੀ ਇੱਕ ਖੰਡਰ ਇਮਾਰਤ ਵਿੱਚ ਫਸੇ 22 ਸੀਆਰਪੀਐਫ ਜਵਾਨਾਂ ਅਤੇ 3 ਨਾਗਰਿਕਾਂ ਨੂੰ ਬਚਾਇਆ। ਹੈਲੀਕਾਪਟਰ ਰਾਹੀਂ ਬਚਾਅ ਕਾਰਜ ਤੋਂ ਤੁਰੰਤ ਬਾਅਦ ਇਮਾਰਤ ਦਾ ਇੱਕ ਹਿੱਸਾ ਢਹਿ ਗਿਆ।

## ਮੁੱਖ ਮੰਤਰੀ ਭਗਵੰਤ ਮਾਨ ਨੇ ਹੜ੍ਹ ਪੀੜਤਾਂ ਦੀ ਮਦਦ ਲਈ ਸੌਂਪਿਆ ਆਪਣਾ ਹੈਲੀਕਾਪਟਰ

**ਗੁਰਦਾਸਪੁਰ, 27 ਅਗਸਤ (ਆਵਾਜ਼ਿ ਕੌਮ ਬਿਊਰੋ)**-ਪੰਜਾਬ ਦੇ ਮੁੱਖ ਮੰਤਰੀ ਭਗਵੰਤ ਮਾਨ ਗੁਰਦਾਸਪੁਰ ਪਹੁੰਚ ਗਏ ਹਨ। ਉਹ ਹੜ੍ਹ ਪ੍ਰਭਾਵਿਤ ਇਲਾਕਿਆਂ ਦਾ ਜਾਇਜ਼ਾ ਲੈ ਰਹੇ ਹਨ। ਮੁੱਖ ਮੰਤਰੀ ਨੇ ਕਿਹਾ ਕਿ ਇੱਥੇ ਆਉਣ ਤੋਂ ਬਾਅਦ ਇਹ ਗੱਲ ਸਾਹਮਣੇ ਆਈ ਹੈ ਕਿ ਕਈ ਪਿੰਡਾਂ ਵਿੱਚ ਲੋਕ ਫਸੇ ਹੋਏ ਹਨ। ਲੋਕ ਘਰਾਂ ਦੀਆਂ ਛੱਤਾਂ 'ਤੇ ਬੈਠੇ ਹਨ ਅਤੇ ਉਨ੍ਹਾਂ ਨੂੰ ਰਾਸ਼ਨ ਵੀ ਨਹੀਂ ਮਿਲ ਰਿਹਾ। ਮੁੱਖ ਮੰਤਰੀ ਨੇ ਕਿਹਾ, "ਲੋਕਾਂ ਨੇ ਸਾਨੂੰ 92 ਸੀਟਾਂ ਦੇ ਕੇ ਸਰਕਾਰੀ ਹੈਲੀਕਾਪਟਰ ਦਿੱਤਾ ਸੀ। ਹੁਣ ਮੈਂ ਉਹੀ ਹੈਲੀਕਾਪਟਰ ਲੋਕਾਂ ਨੂੰ ਸੌਂਪ ਰਿਹਾ ਹਾਂ। ਮੈਂ ਇਸਨੂੰ ਇੱਥੇ ਛੱਡ ਰਿਹਾ ਹਾਂ ਤਾਂ ਜੋ ਇਸ ਰਾਹੀਂ ਲੋਕਾਂ ਤੱਕ ਦੁੱਧ, ਰਾਸ਼ਨ ਅਤੇ ਪਾਣੀ ਪਹੁੰਚਾਇਆ ਜਾ ਸਕੇ। ਮੈਂ ਇਸ ਲਈ ਡੀਸੀ ਸਾਹਿਬ ਨੂੰ ਨਿਰਦੇਸ਼ ਦੇ ਦਿੱਤੇ ਹਨ। ਮੈਂ ਖੁਦ ਕਾਰ ਰਾਹੀਂ ਵਾਪਸ ਜਾਵਾਂਗਾ।" ਦੱਸ ਦਈਏ ਕਿ ਪੰਜਾਬ ਵਿੱਚ ਮੀਂਹ ਅਤੇ ਡੈਮਾਂ ਤੋਂ ਪਾਣੀ ਛੱਡੇ ਜਾਣ ਕਾਰਨ 7 ਜ਼ਿਲ੍ਹੇ ਹੜ੍ਹ ਦੀ ਲਪੇਟ ਵਿੱਚ ਆ ਗਏ ਹਨ। ਪਠਾਨਕੋਟ, ਗੁਰਦਾਸਪੁਰ, ਤਰਨਤਾਰਨ, ਹੁਸ਼ਿਆਰਪੁਰ, ਕਪੂਰਥਲਾ, ਫਿਰੋਜ਼ਪੁਰ ਅਤੇ ਫਾਜ਼ਿਲਕਾ ਦੇ 150 ਤੋਂ ਵੱਧ ਪਿੰਡ ਹੜ੍ਹ ਦੀ ਲਪੇਟ ਵਿੱਚ ਹਨ। ਐਨਡੀਆਰਐਫ, ਐਸਡੀਆਰਐਫ ਤੋਂ ਇਲਾਵਾ ਫੌਜ ਨੇ ਇੱਥੋਂ 92 ਲੋਕਾਂ ਨੂੰ ਬਚਾਇਆ ਹੈ। ਬਚਾਅ ਕਾਰਜ ਲਗਾਤਾਰ ਜਾਰੀ ਹੈ। ਹੜ੍ਹਾਂ ਕਾਰਨ ਗੁਰਦਾਸਪੁਰ ਦੇ ਨਵੋਦਿਆ ਸਕੂਲ ਵਿੱਚ 400 ਵਿਦਿਆਰਥੀ ਅਤੇ ਅਧਿਆਪਕ ਫਸੇ ਹੋਏ ਹਨ। ਬਚਾਅ ਟੀਮਾਂ ਉਨ੍ਹਾਂ ਨੂੰ ਬਚਾਉਣ ਲਈ ਰਵਾਨਾ ਹੋ ਗਈਆਂ ਹਨ। ਦੂਜੇ ਪਾਸੇ, ਪਾਕਿਸਤਾਨ ਵਿੱਚ ਕਰਤਾਰਪੁਰ ਸਾਹਿਬ ਲਾਂਘਾ ਅਤੇ ਸ੍ਰੀ ਕਰਤਾਰਪੁਰ ਸਾਹਿਬ ਗੁਰਦੁਆਰਾ ਕੰਪਲੈਕਸ ਵੀ ਪਾਣੀ ਵਿੱਚ ਡੁੱਬ ਗਿਆ ਹੈ। ਸੰਗਰੂਰ ਜ਼ਿਲ੍ਹੇ ਵਿੱਚ ਮੁੱਖ ਮੰਤਰੀ ਭਗਵੰਤ ਮਾਨ ਦਾ ਪਿੰਡ ਸਤੌਜ ਵੀ ਪਾਣੀ ਦੀ ਲਪੇਟ ਵਿੱਚ ਹੈ। ਬੁੱਧਵਾਰ ਸਵੇਰੇ ਪਠਾਨਕੋਟ-ਜੰਮੂ ਹਾਈਵੇਅ ਨੇੜੇ ਨਹਿਰ ਟੁੱਟਣ ਕਾਰਨ ਹਾਈਵੇਅ ਉੱਤੇ ਪਾਣੀ ਵਹਿਣਾ ਸ਼ੁਰੂ ਹੋ ਗਿਆ। ਆਪ ਸਰਕਾਰ ਨੇ ਹੜ੍ਹ ਪ੍ਰਭਾਵਿਤ ਖੇਤਰਾਂ ਦੇ ਕਰਮਚਾਰੀਆਂ ਅਤੇ ਅਧਿਕਾਰੀਆਂ ਦੀਆਂ ਛੁੱਟੀਆਂ ਰੱਦ ਕਰ ਦਿੱਤੀਆਂ ਹਨ ਅਤੇ 30 ਅਗਸਤ ਤੱਕ ਸਕੂਲਾਂ ਵਿੱਚ ਛੁੱਟੀਆਂ ਦਾ ਐਲਾਨ ਵੀ ਕਰ ਦਿੱਤਾ ਹੈ। ਲੋਕਾਂ ਦੀ ਮਦਦ ਲਈ ਪੰਜਾਬ ਦੇ ਸਾਰੇ 23 ਜ਼ਿਲ੍ਹਿਆਂ ਵਿੱਚ ਕੰਟਰੋਲ ਰੂਮ ਸਥਾਪਤ ਕੀਤੇ ਗਏ ਹਨ। ਮੁੱਖ ਮੰਤਰੀ ਭਗਵੰਤ ਮਾਨ ਸਥਿਤੀ ਦਾ ਜਾਇਜ਼ਾ ਲੈਣ ਲਈ ਗੁਰਦਾਸਪੁਰ ਪਹੁੰਚੇ ਹਨ। ਉਨ੍ਹਾਂ ਲੋਕਾਂ ਨਾਲ ਮੁਲਾਕਾਤ ਕੀਤੀ ਹੈ। ਉਨ੍ਹਾਂ ਨੇ ਹੜ੍ਹ ਰਾਹਤ ਕਾਰਜਾਂ ਵਿੱਚ ਮਦਦ ਲਈ ਆਪਣਾ ਹੈਲੀਕਾਪਟਰ ਪ੍ਰਸ਼ਾਸਨ ਨੂੰ ਸੌਂਪ ਦਿੱਤਾ ਹੈ। ਤਾਂ ਜੋ ਲੋਕਾਂ ਨੂੰ ਸਮੇਂ ਸਿਰ ਲੋੜੀਂਦੀ ਮਦਦ ਮੁਹੱਈਆ ਕਰਵਾਈ ਜਾ ਸਕੇ।

## ਫਲੋਰੀਡਾ ਜੇਲ੍ਹ ਵਿੱਚ ਹਰਜਿੰਦਰ ਸਿੰਘ ਨੂੰ ਮਿਲੇ ਭਾਈ ਗੁਰਪਤਵੰਤ ਸਿੰਘ ਪੰਨੂ, 1 ਲੱਖ ਡਾਲਰ ਦੀ ਮਦਦ ਦਾ ਕੀਤਾ ਐਲਾਨ, ਟਰੱਕ ਹਾਦਸੇ ਵਿੱਚ ਗਈ ਸੀ 3 ਲੋਕਾਂ ਦੀ ਜਾਨ

**ਫਲੋਰੀਡਾ, 27 ਅਗਸਤ (ਆਵਾਜ਼ਿ ਕੌਮ ਬਿਊਰੋ)**-ਅਮਰੀਕਾ ਦੇ ਫਲੋਰੀਡਾ ਵਿੱਚ ਸੇਂਟ ਲੂਸੀ ਕਾਉਂਟੀ ਜੇਲ੍ਹ ਦੇ ਬਾਹਰ ਸੰਗਠਨ ਸਿੱਖ ਫਾਰ ਜਸਟਿਸ (SFJ) ਦੇ ਮੁਖੀ ਭਾਈ ਗੁਰਪਤਵੰਤ ਸਿੰਘ ਪੰਨੂ ਨੇ ਹਰਜਿੰਦਰ ਸਿੰਘ ਨਾਲ ਮੁਲਾਕਾਤ ਕੀਤੀ। ਹਾਲ ਹੀ ਵਿੱਚ, ਅਮਰੀਕਾ ਵਿੱਚ ਇੱਕ ਟਰੱਕ ਹਾਦਸੇ ਵਿੱਚ ਤਿੰਨ ਅਮਰੀਕੀ ਨਾਗਰਿਕਾਂ ਦੀ ਮੌਤ ਹੋ ਗਈ ਸੀ। ਇਹ ਮੁਲਾਕਾਤ ਇਸੇ ਮਾਮਲੇ ਨੂੰ ਲੈ ਕੇ ਹੋਈ ਸੀ। ਭਾਈ ਗੁਰਪਤਵੰਤ ਸਿੰਘ ਪੰਨੂ ਨੇ ਮੀਡੀਆ ਨੂੰ ਦੱਸਿਆ ਕਿ ਇਸ ਘਟਨਾ ਤੋਂ ਬਾਅਦ ਹਰਜਿੰਦਰ ਸਿੰਘ ਬਹੁਤ ਦੁਖੀ ਅਤੇ ਮਾਨਸਿਕ ਤੌਰ 'ਤੇ ਟੁੱਟਿਆ ਹੋਇਆ ਹੈ।



ਭਾਈ ਗੁਰਪਤਵੰਤ ਸਿੰਘ ਪੰਨੂ ਨੇ ਕਿਹਾ - ਹਰਜਿੰਦਰ ਸਿੰਘ ਨੇ ਉਸਨੂੰ ਦੱਸਿਆ ਕਿ ਜਿਵੇਂ ਹੀ ਹਾਦਸਾ ਹੋਇਆ, ਉਹ ਤੁਰੰਤ ਟਰੱਕ ਵਿੱਚੋਂ ਬਾਹਰ ਨਿਕਲਿਆ ਤੇ ਵੈਨ ਵਿੱਚ ਚਲਾ ਗਿਆ। ਉਸਨੇ ਖਿੜਕੀ ਤੋੜ ਦਿੱਤੀ ਤੇ ਅੰਦਰ ਲੋਕਾਂ ਦੀ ਮਦਦ ਕਰਨੀ ਸ਼ੁਰੂ ਕਰ ਦਿੱਤੀ। ਇਹ ਘਟਨਾ ਇੱਕ ਮੰਦਭਾਗੀ ਗਲਤੀ ਸੀ, ਕਿਸੇ ਵੀ ਤਰ੍ਹਾਂ ਦੀ ਜਾਣਬੁੱਝ ਕੇ ਕੀਤੀ ਗਈ ਘਟਨਾ ਨਹੀਂ। ਭਾਈ ਗੁਰਪਤਵੰਤ ਸਿੰਘ ਪੰਨੂ ਨੇ ਕਿਹਾ ਕਿ ਹਰਜਿੰਦਰ ਨੂੰ ਕਾਤਲ ਕਹਿਣਾ ਬੇਇਨਸਾਫ਼ੀ ਹੋਵੇਗੀ।

ਭਾਈ ਗੁਰਪਤਵੰਤ ਸਿੰਘ ਪੰਨੂ ਨੇ ਮਦਦ ਲਈ 1 ਲੱਖ ਡਾਲਰ (ਲਗਭਗ 83 ਲੱਖ ਰੁਪਏ) ਦੀ ਰਕਮ ਦੇਣ ਦਾ ਵੀ ਐਲਾਨ ਕੀਤਾ ਹੈ। ਇਹ ਫੰਡ ਫਲੋਰੀਡਾ ਦੇ ਗਵਰਨਰ ਰੌਨ ਡੀਸੈਂਟਿਸ ਦੇ ਦਫ਼ਤਰ ਰਾਹੀਂ ਦਿੱਤਾ ਜਾਵੇਗਾ। ਭਾਈ ਗੁਰਪਤਵੰਤ ਸਿੰਘ ਪੰਨੂ ਨੇ ਕਿਹਾ- ਅਮਰੀਕੀ ਸਿੱਖ ਭਾਈਚਾਰਾ ਪੀੜਤ ਪਰਿਵਾਰਾਂ ਲਈ ਸੰਵੇਦਨਾ ਅਤੇ ਇਨਸਾਫ਼ ਦੀ ਮੰਗ ਕਰਦਾ ਹੈ। ਅਸੀਂ ਨਿਰਪੱਖਤਾ ਚਾਹੁੰਦੇ ਹਾਂ, ਡਰ ਜਾਂ ਨਫ਼ਰਤ ਤੋਂ ਪ੍ਰੇਰਿਤ ਫੈਸਲੇ ਨਹੀਂ।

ਦੱਸ ਦਈਏ ਕਿ 12 ਅਗਸਤ, 2025 ਨੂੰ, ਹਰਜਿੰਦਰ ਸਿੰਘ ਦੁਆਰਾ ਚਲਾਏ ਜਾ ਰਹੇ ਇੱਕ ਟਰੈਕਟਰ-ਟ੍ਰੇਲਰ ਨੇ ਫਲੋਰੀਡਾ ਦੇ ਟਰਨ ਪਾਈਕ ਹਾਈਵੇਅ 'ਤੇ ਕਥਿਤ ਤੌਰ 'ਤੇ ਇੱਕ ਗੈਰ-ਕਾਨੂੰਨੀ ਯੂ-ਟਰਨ ਲਿਆ। ਇਸ ਦੌਰਾਨ, ਇੱਕ ਵਾਹਨ ਟ੍ਰੇਲਰ ਨਾਲ ਟਕਰਾ ਗਿਆ। ਇਸ ਭਿਆਨਕ ਟੱਕਰ ਵਿੱਚ 3 ਲੋਕਾਂ ਦੀ ਮੌਤ ਹੋ ਗਈ। ਹਾਦਸੇ ਤੋਂ ਬਾਅਦ, ਪਰਿਵਾਰ ਬਹੁਤ ਡਰ ਗਿਆ ਜਦੋਂ ਇਹ ਅਫਵਾਹ ਫੈਲ ਗਈ ਕਿ ਹਰਜਿੰਦਰ ਨੂੰ 45 ਸਾਲ ਦੀ ਕੈਦ ਦੀ ਸਜ਼ਾ ਸੁਣਾਈ ਜਾਵੇਗੀ। ਹਾਲਾਂਕਿ, ਇਸਦੀ ਸੁਣਵਾਈ ਹੁਣੇ ਸ਼ੁਰੂ ਹੋਈ ਹੈ।

## ਪਾਕਿਸਤਾਨ ਦੇ ਨਾਰੋਵਾਲ ਸਥਿਤ ਗੁਰਦੁਆਰਾ ਸ੍ਰੀ ਕਰਤਾਰਪੁਰ ਸਾਹਿਬ ਹੜ੍ਹ ਦੀ ਲਪੇਟ 'ਚ, ਕੰਪਲੈਕਸ 'ਚ ਭਰਿਆ 5-5 ਫੁੱਟ ਤੱਕ ਪਾਣੀ



**ਨਾਰੋਵਾਲ (ਪਾਕਿਸਤਾਨ), 27 ਅਗਸਤ (ਆਵਾਜ਼ਿ ਕੌਮ ਬਿਊਰੋ)**-ਉੱਤਰੀ ਭਾਰਤ ਵਿਚ ਲਗਾਤਾਰ ਪੈ ਰਹੇ ਮੀਂਹ ਨੇ ਆਮ ਜਨਜੀਵਨ ਨੂੰ ਪ੍ਰਭਾਵਿਤ ਕੀਤਾ ਹੈ। ਪੰਜਾਬ 'ਚ ਵੀ ਲਗਾਤਾਰ ਮੀਂਹ ਨਾਲ ਕਈ ਥਾਵਾਂ 'ਤੇ ਹੜ੍ਹ ਵਰਗੀ ਸਥਿਤੀ ਬਣੀ ਹੋਈ ਹੈ। ਪਹਿਲੇ ਪਾਤਸ਼ਾਹੀ ਸ੍ਰੀ ਗੁਰੂ ਨਾਨਕ ਦੇਵ ਜੀ ਚਰਨ ਛੋਹ ਪ੍ਰਾਪਤ ਧਰਤੀ ਗੁਰਦੁਆਰਾ ਸ੍ਰੀ ਦਰਬਾਰ ਸਾਹਿਬ ਕਰਤਾਰਪੁਰ ਸਾਹਿਬ ਨਾਰੋਵਾਲ ਪਾਕਿਸਤਾਨ ,ਜੋ ਕਿ ਰਾਵੀ ਦਰਿਆ ਦੇ ਕੰਢੇ 'ਤੇ ਹੋਣ ਕਰਕੇ ਪਾਣੀ ਹੇਠ ਆ ਗਿਆ ਹੈ। ਗੁਰਦੁਆਰਾ ਸ੍ਰੀ ਕਰਤਾਰਪੁਰ ਸਾਹਿਬ ਨਾਰੋਵਾਲ ਪਾਕਿਸਤਾਨ ਤੋਂ ਜਾਣਕਾਰੀ ਦਿੰਦਿਆਂ ਦੱਸਿਆ ਗਿਆ ਹੈ ਕਿ ਭਾਰਤ ਵੱਲੋਂ ਰਾਵੀ ਦਰਿਆ ਵਿੱਚ ਛੱਡੇ ਗਏ ਬੇਤਿਹਾਸ਼ਾ ਲੋੜ ਨਾਲੋਂ ਵੱਧ ਪਾਣੀ ਜੋ ਕਿ ਗੁਰਦੁਆਰਾ ਸਾਹਿਬ ਤੋਂ ਥੋੜੀ ਦੂਰ 'ਤੇ ਹੀ ਪਹਿਲਾਂ ਵੱਗਦਾ ਸੀ। ਮਗਰੋਂ ਜ਼ਿਆਦਾ ਪਾਣੀ ਹੋਣ ਕਾਰਨ ਗੁਰਦੁਆਰਾ ਸ੍ਰੀ ਕਰਤਾਰਪੁਰ ਸਾਹਿਬ ਨਾਰੋਵਾਲ ਦੇ ਨਵੇਂ ਕੰਪਲੈਕਸ ਵਿਖੇ ਸਥਿਤ ਲੰਗਰ ਘਰ, ਪਰਿਕਰਮਾ ਸਰੋਵਰ, ਸਰਾਵਾਂ ਆਦਿ ਵਿਖੇ ਪੂਰੀ ਤਰ੍ਹਾਂ ਪੰਜ ਤੋਂ ਸੱਤ -ਸੱਤ ਫੁੱਟ ਪਾਣੀ ਰਾਵੀ ਦਰਿਆ ਦਾ ਆਉਣ ਕਰਕੇ ਕਾਫੀ ਮੁਸ਼ਿਕਲਾਂ ਪੇਸ਼ ਆ ਰਹੀਆਂ ਹਨ। ਇੱਥੇ ਇਹ ਵੀ ਦੱਸਣ ਯੋਗ ਹੈ ਕਿ ਗੁਰਦੁਆਰਾ ਸ੍ਰੀ ਕਰਤਾਰਪੁਰ ਸਾਹਿਬ ਨਾਰੋਵਾਲ ਪਾਕਿਸਤਾਨ ਵਿਖੇ ਸਾਹਿਬ ਸ੍ਰੀ ਗੁਰੂ ਗ੍ਰੰਥ ਸਾਹਿਬ ਜੀ ਦਾ ਪਾਵਨ ਸਰੂਪ ਸੰਗਤਾਂ ਦੇ ਦਰਸ਼ਨ ਦੀਦਾਰਿਆਂ ਲਈ ਸ਼ੁਰੂ ਤੋਂ ਹੀ ਦੂਸਰੀ ਮੰਜਿਲ 'ਤੇ ਸੁਸ਼ੋਭਿਤ ਕੀਤਾ ਹੋਇਆ ਹੈ। ਜਿਸ ਕਰਕੇ ਗੁਰੂ ਸਾਹਿਬ ਜੀ ਦੇ ਪਾਵਨ ਸਰੂਪ ਤੇ ਹੋਰ ਧਾਰਮਿਕ ਪੋਥੀਆਂ ਗੁਟਕਾ ਸਾਹਿਬ ਸਾਰੇ ਸੁਰੱਖਿਅਤ ਹਨ। ਜਿਨਾਂ ਦੀ ਸੇਵਾਦਾਰਾਂ ਵੱਲੋਂ ਪੂਰੀ ਸੇਵਾ ਸੰਭਾਲ ਕਰਦਿਆਂ ਨਿਗਰਾਨੀ ਕੀਤੀ ਜਾ ਰਹੀ ਹੈ।

## 1984 ਦੇ ਸਿੱਖ ਕਤਲੇਆਮ ਮਾਮਲੇ 'ਚ ਸਜ਼ਾ ਵਿਰੁੱਧ ਸੱਜਣ ਕੁਮਾਰ ਦੀ ਪਟੀਸ਼ਨ 'ਤੇ ਸੁਪਰੀਮ ਕੋਰਟ ਵਿਚ 24 ਸਤੰਬਰ ਨੂੰ ਸੁਣਵਾਈ

**ਨਵੀਂ ਦਿੱਲੀ, 27 ਅਗਸਤ (ਮਨਪ੍ਰੀਤ ਸਿੰਘ ਖਾਲਸਾ)**:- ਸੁਪਰੀਮ ਕੋਰਟ ਨੇ ਸਾਬਕਾ ਕਾਂਗਰਸ ਨੇਤਾ ਸੱਜਣ ਕੁਮਾਰ ਅਤੇ ਪਾਰਟੀ ਦੇ ਸਾਬਕਾ ਕੌਂਸਲਰ ਬਲਵਾਨ ਖੋਖਰ ਵੱਲੋਂ 1984 ਦੇ ਸਿੱਖ ਕਤਲੇਆਮ ਦੇ ਮਾਮਲੇ ਵਿੱਚ ਸੁਣਾਈਆਂ ਗਈਆਂ ਸਜ਼ਾਵਾਂ ਵਿਰੁੱਧ ਦਾਇਰ ਪਟੀਸ਼ਨਾਂ 'ਤੇ ਸੁਣਵਾਈ 24 ਸਤੰਬਰ ਤੱਕ ਮੁਲਤਵੀ ਕਰ ਦਿੱਤੀ। ਸੀਬੀਆਈ ਵੱਲੋਂ ਸਾਲਿਸਟਰ ਜਨਰਲ ਤੁਸ਼ਾਰ ਮਹਿਤਾ ਦੇ ਉਪਲਬਧ ਨਾ ਹੋਣ ਕਾਰਨ ਜਸਟਿਸ ਜੇ ਕੇ ਮਹੇਸ਼ਵਰੀ ਅਤੇ ਵਿਜੇ ਬਿਸ਼ਨੋਈ ਦੇ ਬੈਂਚ ਨੇ ਮਾਮਲੇ ਨੂੰ ਮੁਲਤਵੀ ਕਰ ਦਿੱਤਾ। ਜੁਲਾਈ, 2024 ਵਿੱਚ, ਸੁਪਰੀਮ ਕੋਰਟ ਨੇ ਸੀਬੀਆਈ ਨੂੰ ਖੋਖਰ ਦੀ ਰਾਹਤ ਦੀ ਮੰਗ ਕਰਨ ਵਾਲੀ ਪਟੀਸ਼ਨ ਦਾ




ਜਵਾਬ ਦੇਣ ਲਈ ਕਿਹਾ। ਖੋਖਰ ਦੀ ਉਮਰ ਕੈਦ ਦੀ ਸਜ਼ਾ ਨੂੰ ਦਿੱਲੀ ਹਾਈ ਕੋਰਟ ਨੇ 2018 ਵਿੱਚ ਬਰਕਰਾਰ ਰੱਖਿਆ ਸੀ ਜਦੋਂ ਕਿ ਇਸਨੇ 2013 ਵਿੱਚ ਇੱਕ ਹੇਠਲੀ ਅਦਾਲਤ ਦੁਆਰਾ ਕੁਮਾਰ ਨੂੰ ਬਰੀ ਕਰਨ ਦੇ ਫੈਸਲੇ ਨੂੰ ਉਲਟਾ ਦਿੱਤਾ ਸੀ, ਇਹ ਕੇਸ ਦੱਖਣ-ਪੱਛਮੀ ਦਿੱਲੀ ਦੇ ਪਾਲਮ ਕਲੋਨੀ ਵਿੱਚ ਰਾਜ ਨਗਰ ਪਾਰਟ-1 ਖੇਤਰ ਵਿੱਚ 1-2 ਨਵੰਬਰ, 1984 ਨੂੰ ਪੰਜ ਸਿੱਖਾਂ ਦੇ ਕਤਲੇਆਮ ਅਤੇ ਰਾਜ ਨਗਰ ਪਾਰਟ-2 ਵਿੱਚ ਇੱਕ ਗੁਰਦੁਆਰੇ ਨੂੰ ਅੱਗ ਲਗਾਉਣ ਨਾਲ ਸਬੰਧਤ ਸੀ। ਆਪਣੀ ਪਟੀਸ਼ਨ ਵਿੱਚ, ਖੋਖਰ ਨੇ ਕਿਹਾ ਕਿ ਜੇਲ੍ਹ ਅਧਿਕਾਰੀਆਂ ਨੇ 26 ਸਤੰਬਰ, 2024 ਨੂੰ ਉਸਦੀ ਛੁੱਟੀ ਦੀ ਪਟੀਸ਼ਨ ਨੂੰ ਇਹ ਕਹਿੰਦੇ ਹੋਏ ਰੱਦ ਕਰ ਦਿੱਤਾ ਸੀ ਕਿ ਉਸਦੀ ਰਿਹਾਈ ਦੇ ਮਾੜੇ ਨਤੀਜੇ ਨਿਕਲਣਗੇ ਅਤੇ ਸਮਾਜ ਵਿੱਚ ਸ਼ਾਂਤੀ ਭੰਗ ਹੋਵੇਗੀ, ਜਿਸ ਨਾਲ ਅਸ਼ਾਂਤੀ ਫੈਲੇਗੀ। ਉਸਨੇ ਕਿਹਾ ਕਿ ਉਸਨੇ ਜ਼ਮਾਨਤ ਪਟੀਸ਼ਨ ਦਾਇਰ ਕੀਤੀ ਸੀ ਅਤੇ ਪਹਿਲਾਂ ਹੀ 8 ਸਾਲ 7 ਮਹੀਨੇ ਦੀ ਸਜ਼ਾ ਭੁਗਤ ਚੁੱਕਾ ਸੀ ਪਰ 3 ਫਰਵਰੀ, 2023 ਨੂੰ ਇੱਕ ਅਦਾਲਤ ਨੇ ਪਟੀਸ਼ਨ ਖਾਰਜ ਕਰ ਦਿੱਤੀ ਸੀ। ਜਿਕਰਯੋਗ ਹੈ ਕਿ 1984 ਵਿੱਚ ਸਾਬਕਾ ਪ੍ਰਧਾਨ ਮੰਤਰੀ ਇੰਦਰਾ ਗਾਂਧੀ ਦੀ ਉਨ੍ਹਾਂ ਦੇ ਅੰਗ ਰੱਖਿਅਕਾਂ ਦੁਆਰਾ ਹੱਤਿਆ ਤੋਂ ਬਾਅਦ ਰਾਸ਼ਟਰੀ ਰਾਜਧਾਨੀ ਵਿੱਚ ਵੱਡੇ ਪੱਧਰ 'ਤੇ ਹਿੰਸਾ ਅਤੇ ਸਿੱਖ ਭਾਈਚਾਰੇ ਦੇ ਲੋਕਾਂ ਦੀਆਂ ਹੱਤਿਆਵਾਂ ਹੋਈਆਂ ਸਨ ਅਤੇ ਇਸ ਘਟਨਾ ਤੋਂ ਪੈਦਾ ਹੋਏ ਮਾਮਲਿਆਂ ਵਿੱਚ 40 ਸਾਲਾਂ ਬਾਅਦ ਕੁਝ ਵੱਡੇ ਮੋੜ ਆਏ ਹਨ।

# ਸਿੱਖ ਸਿਧਾਂਤਾਂ ਅਤੇ ਪ੍ਰੰਪਰਾਵਾਂ 'ਤੇ ਪਹਿਰਾ ਦੇਣ ਦਾ ਦਾਅਵਾ ਕਰਨ ਵਾਲੇ ਸਿੱਖ ਅੱਜ ਸ੍ਰੀ ਅਕਾਲ ਤਖਤ ਸਾਹਿਬ ਦੇ ਆਦੇਸ਼ ਮੰਨਣ ਤੋਂ ਇਨਕਾਰੀ ਕਿਉਂ

ਵਾਹਿਗੁਰੂ ਜੀ ਕਾ ਖਾਲਸਾ
ਵਾਹਿਗੁਰੂ ਜੀ ਕੀ ਫ਼ਤਹਿ ॥

ਸ੍ਰੀ ਅਕਾਲ ਤਖਤ ਸਾਹਿਬ ਦੇ ਆਦੇਸ਼ ਅਨੁਸਾਰ ਜਿੰਨਾ ਚਿਰ ਸਤਿਕਾਰ ਕਮੇਟੀ ਵਾਲਾ ਮਨਵੀਰ ਸਿੰਘ ਆ ਕੇ ਮੁਆਫੀ ਨਹੀਂ ਮੰਗਦਾ ਇਸ ਨਾਲ ਕਿਸੇ ਵੀ ਤਰ੍ਹਾਂ ਦਾ ਸਹਿਯੋਗ ਨਾ ਕੀਤਾ ਜਾਵੇ। ਇਸ ਫੋਟੋ ਵਿੱਚ ਸਿੱਖ ਕੌਮ ਦੇ ਪ੍ਰਚਾਰਕ ਆਗੂ ਅਤੇ ਵਿਦਵਾਨ ਜਿਹੜੇ ਸੰਗਤਾਂ ਨੂੰ ਪ੍ਰਚਾਰ ਕਰਦੇ ਹਨ ਕਿ ਸਾਡੇ ਸਿੱਖ ਸਿਧਾਂਤ ਅਤੇ ਪਰੰਪਰਾਵਾਂ ਕੀ ਹਨ ਕੀ ਇਹ ਲੋਕ ਮਨਵੀਰ ਸਿੰਘ ਨਾਲ ਫੋਟੋ ਖਿਚਵਾ ਕੇ ਇਹ ਦੱਸ ਰਹੇ ਹਨ ਕਿ ਸ੍ਰੀ ਅਕਾਲ ਤਖਤ ਸਾਹਿਬ ਦੇ ਆਦੇਸ਼ਾਂ ਤੇ ਕਿਵੇਂ ਪਹਿਰਾ ਦਿੱਤਾ ਜਾਂਦਾ ਹੈ
ਸਿੱਖ ਸੰਗਤਾਂ ਇਹ ਜਾਨਣਾ ਚਾਹੁੰਦੀਆਂ ਹਨ ਕਿ ਇਸ ਫੋਟੋ ਵਿੱਚ ਖਾਸ ਤੌਰ ਤੇ ਜਥੇਦਾਰ ਬਲਦੇਵ ਸਿੰਘ ਜਿਹੜੇ ਕਿ ਜਾਂਚ ਕਮੇਟੀ ਦੇ ਪੰਜਾਂ ਸਿੰਘਾਂ ਦੇ ਵਿੱਚੋਂ ਇੱਕ ਹਨ ਉਹ ਸਪਸ਼ਟ ਕਰਨ ਕੀ ਮਨਵੀਰ ਸਿੰਘ ਨੇ ਸ੍ਰੀ ਅਕਾਲ ਤਖਤ ਸਾਹਿਬ ਤੇ ਜਾ ਕੇ ਮੁਆਫੀ ਮੰਗ ਲਈ ਹੈ ਜੇਕਰ ਮੁਆਫੀ ਨਹੀਂ ਮੰਗੀ ਤਾਂ ਜਥੇਦਾਰ ਬਲਦੇਵ ਸਿੰਘ ਇਸ ਫੋਟੋ ਵਿੱਚ ਕੀ ਕਰ ਰਹੇ ਹਨ ਮਨਵੀਰ ਸਿੰਘ ਦੇ ਨਾਲ ਫੋਟੋ ਵਿੱਚ ਸਿੱਖ ਪ੍ਰਚਾਰਕ ਅਤੇ ਸਿੱਖ ਆਗੂ ਕੁਝ ਤਾਂ ਜਾਣ ਬੁੱਝ ਕੇ ਅਕਾਲ ਤਖਤ ਸਾਹਿਬ ਦੇ ਆਦੇਸ਼ਾਂ ਦੀ ਉਲੰਘਣਾ ਕਰ ਰਹੇ ਹਨ ਤੇ ਕਈਆਂ ਨੂੰ ਸ਼ਾਇਦ ਮਨਵੀਰ ਸਿੰਘ ਬਾਰੇ ਪਤਾ ਹੀ ਨਾ ਹੋਵੇ ਫਿਰ ਵੀ ਅਸੀਂ ਇਹਨਾਂ ਸਾਰਿਆਂ ਨੂੰ ਇਹ ਸਵਾਲ ਕਰਦੇ ਹਾਂ ਕਿ ਇਹ ਦੱਸਣ ਕਿ ਮਨਵੀਰ ਸਿੰਘ ਨੇ ਸ੍ਰੀ ਅਕਾਲ ਤਖਤ ਸਾਹਿਬ ਤੇ ਜਾ ਕਰ ਮੁਆਫੀ ਮੰਗ ਲਈ ਹੈ ਅਕਾਲ ਤਖਤ ਸਾਹਿਬ ਦੇ ਆਦੇਸ਼ਾਂ ਤੇ ਪਹਿਰਾ ਦਿੱਤਾ ਹੈ ਜੇਕਰ ਨਹੀਂ ਦਿੱਤਾ ਤੇ ਇਹ ਉਸਦੇ ਨਾਲ ਸਹਿਯੋਗ ਕਿਉਂ ਕਰ ਰਹੇ ਹਨ ?



ੴ ਵਾਹਿਗੁਰੂ ਜੀ ਕੀ ਫ਼ਤਹ ॥
ਸ੍ਰੀ ਅਕਾਲ ਤਖ਼ਤ ਸਾਹਿਬ
ਸ੍ਰੀ ਅੰਮ੍ਰਿਤਸਰ ਸਾਹਿਬ
Sri Akal Takhat Sahib, Sri Amritsar Sahib

ਨੰਬਰ ਅ:ਤ/੧੬੯ ਮਿਤੀ ੦੬-੧੨-੨੦੨੨

ਆਦੇਸ਼

ਅੱਜ ਮਿਤੀ ੨੧ ਮੱਘਰ ਨਾਨਕਸ਼ਾਹੀ ਸੰਮਤ ੫੫੪ ਮੁਤਾਬਿਕ ੦੬ ਦਸੰਬਰ ੨੦੨੨ ਨੂੰ ਪੰਜ ਸਿੰਘ ਸਾਹਿਬਾਨ ਦੀ ਇਕੱਤਰਤਾ ਸ੍ਰੀ ਅਕਾਲ ਤਖ਼ਤ ਸਾਹਿਬ ਵਿਖੇ ਹੋਈ ਜਿਸ ਵਿਚ ਸਤਿਕਾਰ ਕਮੇਟੀ ਵਾਲੇ ਮਨਵੀਰ ਸਿੰਘ ਯੂ.ਕੇ ਦਾ ਮਾਮਲਾ ਵਿਚਾਰਿਆ ਗਿਆ। ਇਸ ਨੇ ਸਤਿਕਾਰ ਕਮੇਟੀ ਬਣਾ ਕੇ ਸ੍ਰੀ ਗੁਰੂ ਗ੍ਰੰਥ ਸਾਹਿਬ ਜੀ ਦੇ ਸਤਿਕਾਰ ਦੇ ਨਾਮ 'ਤੇ ਕਈ ਮਰਯਾਦਾ ਵਿਹੂਣੇ ਕੰਮ ਕੀਤੇ ਅਤੇ ਇਨ੍ਹਾਂ ਕੰਮਾਂ ਲਈ ਸੰਗਤਾਂ ਨੂੰ ਗੁੰਮਰਾਹ ਕਰਕੇ ਮਾਇਆ ਇਕੱਤਰ ਕੀਤੀ ਸੀ। ਸ੍ਰੀ ਅਕਾਲ ਤਖ਼ਤ ਸਾਹਿਬ ਵੱਲੋਂ ਇਸ ਦੇ ਕਾਰਜਾਂ ਦੀ ਪੜਤਾਲ ਕਰਨ ਲਈ ਸਤਿਕਾਰਤ ਪੰਜ ਸਿੰਘਾਂ ਦੀ ਸਬ-ਕਮੇਟੀ ਨੂੰ ਹੀ ਇਸ ਨੇ ਗਲਤ ਠਹਿਰਾਇਆ। ਇਸ ਨੂੰ ਅਤੇ ਇਸ ਦੀ ਟੀਮ ਨੂੰ ਲਿਖਤੀ ਸਮਾਂ ਲੈ ਕੇ ਸ੍ਰੀ ਅਕਾਲ ਤਖ਼ਤ ਸਾਹਿਬ ਦੇ ਸਨਮੁਖ ਪੰਜ ਸਿੰਘ ਸਾਹਿਬਾਨ ਦੀ ਹਾਜ਼ਰੀ ਵਿਚ ਨਿਜੀ ਰੂਪ ਵਿਚ ਪੇਸ਼ ਹੋ ਕੇ ਗੁਰੂ ਪੰਥ ਪਾਸੋਂ ਖਿਮਾ ਜਾਚਨਾ ਲਈ ਕਿਹਾ ਗਿਆ ਸੀ ਪਰੰਤੂ ਇਹ ਅਜੇ ਤੀਕ ਹਾਜ਼ਰ ਨਹੀਂ ਹੋਇਆ। ਇਸ ਲਈ ਸੰਗਤਾਂ ਪ੍ਰਤੀ ਹਿਦਾਇਤ ਹੈ ਕਿ ਇਸ ਨੂੰ ਮੂੰਹ ਨਾ ਲਾਇਆ ਜਾਵੇ ਅਤੇ ਨਾ ਹੀ ਇਸ ਨੂੰ ਅੱਗੋਂ ਤੋਂ ਕੋਈ ਵੀ ਕਿਸੇ ਪ੍ਰਕਾਰ ਦਾ ਸਹਿਯੋਗ ਕੀਤਾ ਜਾਵੇ। ਇਸ ਦੁਆਰਾ ਬਣਾਇਆ ਜਾ ਰਿਹਾ ਸਥਾਨ ਫਿਲਹਾਲ ਸ੍ਰੀ ਅਕਾਲ ਤਖ਼ਤ ਸਾਹਿਬ ਵੱਲੋਂ ਅਪ੍ਰਵਾਨ ਹੈ।

(ਰਘਬੀਰ ਸਿੰਘ)
ਜਥੇਦਾਰ
ਤਖ਼ਤ ਸ੍ਰੀ ਕੇਸਗੜ੍ਹ ਸਾਹਿਬ,
ਸ੍ਰੀ ਅਨੰਦਪੁਰ ਸਾਹਿਬ, ਰੋਪੜ।

(ਹਰਪ੍ਰੀਤ ਸਿੰਘ)
ਜਥੇਦਾਰ
ਸ੍ਰੀ ਅਕਾਲ ਤਖ਼ਤ ਸਾਹਿਬ,
ਸ੍ਰੀ ਅੰਮ੍ਰਿਤਸਰ।
ਜਥੇਦਾਰ ਤਖ਼ਤ ਸ੍ਰੀ ਦਮਦਮਾ ਸਾਹਿਬ।

(ਸੁਲਤਾਨ ਸਿੰਘ)
ਗ੍ਰੰਥੀ
ਸੱਚਖੰਡ ਸ੍ਰੀ ਹਰਿਮੰਦਰ ਸਾਹਿਬ,
ਸ੍ਰੀ ਦਰਬਾਰ ਸਾਹਿਬ, ਸ੍ਰੀ ਅੰਮ੍ਰਿਤਸਰ।

(ਮਲਕੀਤ ਸਿੰਘ)
ਐਡੀ. ਹੈੱਡ ਗ੍ਰੰਥੀ
ਸ੍ਰੀ ਅਕਾਲ ਤਖ਼ਤ ਸਾਹਿਬ,
ਸ੍ਰੀ ਅੰਮ੍ਰਿਤਸਰ।

(ਮੰਗਲ ਸਿੰਘ)
ਪੰਜ ਪਿਆਰਾ
ਸ੍ਰੀ ਅਕਾਲ ਤਖ਼ਤ ਸਾਹਿਬ,
ਸ੍ਰੀ ਅੰਮ੍ਰਿਤਸਰ।

ਸ੍ਰੀ ਅਕਾਲ ਤਖ਼ਤ ਸਾਹਿਬ ਵੱਲੋਂ ਜਾਰੀ ਆਦੇਸ਼ ਦਾ ਹੂ-ਬ-ਹੂ ਉਤਾਰਾ



• ਗੁਲਾਬੀ ਰੰਗ ਦੇ ਘੇਰੇ ਵਿੱਚ ਬੇਅਦਬੀ ਦਾ ਦੋਸ਼ੀ ਸਤਿਕਾਰ ਕਮੇਟੀ ਵਾਲਾ ਮਨਵੀਰ ਸਿੰਘ
• ਹਰੇ ਘੇਰੇ ਵਿੱਚ ਜਾਂਚ ਕਮੇਟੀ ਦੇ ਪੰਜ ਮੈਂਬਰਾਂ ਵਿੱਚੋਂ ਇਕ ਜਥੇਦਾਰ ਬਲਦੇਵ ਸਿੰਘ

ਗੁਰੂ ਪੰਥ ਦੇ ਸੇਵਾਦਾਰ
ਸਾਧ ਸੰਗਤ, ਪ੍ਰਬੰਧਕ ਕਮੇਟੀ
ਗੁਰਦੁਆਰਾ ਬਾਬਾ ਸੰਗ ਜੀ, ਹਾਈ ਸਟਰੀਟ ਸਮੈਥਿਕ ਬਰਮਿੰਘਮ, ਇੰਗਲੈਂਡ


CROWN
INTERIOR DESIGN
DESIGN - MANUFACTURING SUPPLY AND FITTING
Follow us on :
DEALS IN :
ਆਵਾਜ਼ਿ ਕੌਮ AWAZE QAUM
International Newspaper & WEB TV
Kitchens
Bedrooms
Media Wall
Loft
Wardrobes & Sliding Doors
Dressing Table
Study Room
Bar
All Inclusive Free Measurement
Design & Quotes
07878947025, 07588 336444
info@crowninteriordesigns.com
Unit 86, Imex Trading Estate, Upper Villiers Street
Wolverhampton, WV2 4XA
SCAN HERE FOR WEBSITE


SCAN HERE FOR WEBSITE
Follow us on :
CROWN
INTERIOR DESIGN
DESIGN - MANUFACTURING SUPPLY AND FITTING
07878947025, 07588 336444
info@crowninteriordesigns.com
Unit 86, Imex Trading Estate, Upper Villiers Street
Wolverhampton, WV2 4XA
ਆਵਾਜ਼ਿ ਕੌਮ
AWAZE QAUM
International Newspaper & WEB TV



ਠੀਕਰਿ ਫੋਰਿ ਦਿਲੀਸ ਸਿਰਿ ਪ੍ਰਭ ਪੁਰ ਕੀਆ ਪਿਯਾਨ॥ ਤੇਗ ਬਹਾਦਰ ਸੀ ਕ੍ਰਿਆ ਕਰੀ ਨ ਕਿਨਹੂੰ ਆਨ॥

ਨੌਵੇਂ ਪਾਤਿਸ਼ਾਹ ਸ੍ਰੀ ਗੁਰੂ ਤੇਗ ਬਹਾਦਰ ਸਾਹਿਬ ਜੀ ਦੀ

# 350 ਸਾਲਾ ਸ਼ਹੀਦੀ ਸ਼ਤਾਬਦੀ ਨੂੰ ਸਮਰਪਿਤ

ਸ਼ਹੀਦ ਭਾਈ ਮਤੀ ਦਾਸ ਜੀ, ਸ਼ਹੀਦ ਭਾਈ ਸਤੀ ਦਾਸ ਜੀ, ਸ਼ਹੀਦ ਭਾਈ ਦਿਆਲਾ ਜੀ
ਲੱਖੀ ਸ਼ਾਹ ਵਣਜਾਰਾ ਤੇ ਸ਼ਹੀਦ ਬਾਬਾ ਜੀਵਨ ਸਿੰਘ ਜੀ ਦੀ ਮਹਾਨ ਕੁਰਬਾਨੀ ਨੂੰ ਯਾਦ ਕਰਦਿਆਂ

ਇੰਟਰਨੈਸ਼ਨਲ ਪੰਥਕ ਦਲ ਵੱਲੋਂ ਸਮੂਹ ਖਾਲਸਾ ਪੰਥ ਦੇ ਸਹਿਯੋਗ ਨਾਲ

# ਵਿਸ਼ਾਲ ਨਗਰ ਕੀਰਤਨ

31 ਅਗਸਤ ਦਿਨ ਐਤਵਾਰ ਨੂੰ ਗੁ: ਕੋਠਾ ਸਹਿਬ ਵੱਲ੍ਹਾ ਤੋਂ ਪਿੰਡਾ ਚੋ ਹੁੰਦਾ ਹੋਇਆਂ
ਕਥੂਨੰਗਲ ਬਾਬਾ ਬੁੱਢਾ ਜੀ ਦੇ ਜਨਮ ਅਸਥਾਨ ਵਿਖੇ ਸਮਾਪਤੀ ਹੋਵੇਗੀ



ਗੁਰੂ ਪੰਥ ਦੇ ਦਾਸ
ਸਿੰਘ ਸਾਹਿਬ ਭਾਈ ਜਸਬੀਰ ਸਿੰਘ ਖਾਲਸਾ


ਵੱਲੋਂ:- ਇੰਟਰਨੈਸ਼ਨਲ ਪੰਥਕ ਦਲ ਅਤੇ ਸਮੂਹ ਸਹਿਯੋਗੀ ਜੱਥੇਬੰਦੀਆਂ (M) 62393-03731, 98766-82168



ਮੈਂ ਸਰੀਰਕ ਮੌਤ ਨੂੰ ਮੌਤ ਨਹੀ ਮੰਨਦਾ
ਜਮੀਰ ਦਾ ਮਰਜਾਣਾ ਯਕੀਨਨ ਮੌਤ ਹੈ।
ਸੰਤ ਜਰਨੈਲ ਸਿੰਘ ਜੀ ਖਾਲਸਾ ਭਿੰਡਰਾਂਵਾਲੇ

ਜਨਮ
ਪਿੰਡ ਰੋਡੇ
2.6.1947
Birth
Pind Rode

ਸ਼ਹੀਦੀ
ਸ੍ਰੀ ਦਰਬਾਰ ਸਾਹਿਬ
ਅੰਮ੍ਰਿਤਸਰ
6.6.1984
Shaheedi
Sri Darbar Sahib
Amritsar



www.damdamitaksal.net

Physical death i do not fear
death of conscience is a sure death
Sant Jarnail Singh Ji Khalsa Bhindranwale
www.damdamitaksal.net






ਨਾਮ ਜਪੋ
ਕਿਰਤ ਕਰੋ
ਵੰਡ ਛਕੋ

Naam Japo
Kirat Karo
Vand Shako

ਜਥਾ ਭਿੰਡਰਾਂ (ਮਹਿਤਾ)
www.damdamitaksal.net

ਵਾਹਿਗੁਰੂ ਜੀ ਕਾ ਖਾਲਸਾ॥
ਵਾਹਿਗੁਰੂ ਜੀ ਕੀ ਫਤਹਿ॥

WAHEGURU JI KA KHALSA
WAHEGURU JI KI FATEH

ਖੰਡੇ ਬਾਟੇ ਦੀ ਪਾਹੁਲ ਛੱਕ ਕੇ ਗੁਰੂ ਵਾਲੇ ਬਣੋ
Khande Bate di Pahul Shak Ke
Guru Wale Bano

ਗੁਰਬਾਣੀ ਸੰਥਿਆ ਅਤੇ ਗੁਰਮਤਿ ਸਿੱਖਿਆ ਨਾਲ ਜੁੜੋ
Join Gurbani Santhia and Gurmat Sikhia

ਕੀਰਤਨ ਕਥਾ ਕਵੀਸ਼ਰੀ ਅਤੇ ਢਾਡੀ ਵਾਰਾਂ ਸਿੱਖੋ
Learn Kirtan Katha Kavishri and
Dhadi Waran

ਗੁਰਮੁਖੀ ਪੰਜਾਬੀ ਸਿੱਖੋ
Learn Gurmukhi Punjabi

ਗਤਕਾ ਸਿੱਖੋ Learn Gatka

www.damdamitaksal.net



ਆਵਾਜ਼ਿ ਕੌਮ
Daily Newspaper from U.K.

Publisher/Chief Editor
**Raghbir Singh Walsal**
E-mail : awazeqaumtv@gmail.com

www.awazeqaumtv.com

for AWAZE QAUM Channel

https://youtu.be/LQwolgxDu7I
Contact :
+447458381111
+447976210161
+919729091243

ਆਵਾਜ਼ਿ ਕੌਮ AWAZE QAUM TV



ਭਾਈ ਰਘਵੀਰ ਸਿੰਘ ਵਾਲਸਾਲ
ਯੂ.ਕੇ. ਮੁੱਖ ਸੰਪਾਦਕ
Raghbir Singh Walsall uk


**ਪੰਜਾਬੀ ਸਿੱਖੋ, ਪੰਜਾਬੀ ਪੜ੍ਹੋ, ਪੰਜਾਬੀ ਬੋਲੋ, ਮਾਂ ਬੋਲੀ ਪੰਜਾਬੀ ਅਤੇ ਆਪਣੇ ਪੰਜਾਬ ਨੂੰ ਪਿਆਰ ਕਰੋ**

## ਸਮੂਹ ਪੱਤਰਕਾਰ/ਲੇਖਕਾਂ ਦੇ ਧਿਆਨ ਹਿਤ


ਸਮੂਹ ਪੱਤਰਕਾਰਾਂ/ਲੇਖਕਾਂ ਨੂੰ ਅਪੀਲ ਹੈ ਕਿ ਉਹ ਆਪਣੀਆ ਖ਼ਬਰਾਂ, ਇਸ਼ਤਿਹਾਰ ਅਤੇ ਹੋਰ ਸਮੱਗਰੀ ਸ਼ੁੱਧ ਪੰਜਾਬੀ ਵਿੱਚ ਕੰਪੋਜ਼ ਕਰਕੇ ਭੇਜਣ। ਬਿਨਾਂ ਕੰਪੋਜ਼ ਕੀਤੀਆਂ ਗਈਆਂ ਖ਼ਬਰਾਂ, ਲੇਖ ਜਾਂ ਹੋਰ ਕਿਸੇ ਵੀ ਪ੍ਰਕਾਰ ਦੇ ਮੈਟਰ 'ਤੇ ਵਿਚਾਰ ਨਹੀਂ ਕੀਤਾ ਜਾਵੇਗਾ। -ਸੰਪਾਦਕ

# ਸਾਂਝਾ ਪੰਜਾਬ

## VEG & NON-VEG INDIAN

WE CATER FOR
★★★★★






SANJHA PUNJAB

VEG & NON-VEG INDIAN

TAKE AWAY MENU

0116 291 1565
075 9999 5787

47 BELGRAVE ROAD
LEICESTER LE4 6AR

visit us : www.sanjhapunjab.co.uk
email: sanjha47@hotmail.com

SANJHA PUNJAB

VEG & NON-VEG INDIAN

0116 291 1565

visit us : www.sanjhapunjab.co.uk
email: sanjha47@hotmail.com

ALLERGY ADVICE !!

Please ask a member of staff if you have any food intolerance or allergies.

ਆਵਾਜ਼ਿ ਕੌਮ
AWAZE QAUM
International Newspaper & WEB TV

ਘੜੀਐ ਸਬਦੁ ਸਚੀ ਟਕਸਾਲ ।।

ਵਾਹਿਗੁਰੂ ਜੀ ਕਾ ਖਾਲਸਾ । ਵਾਹਿਗੁਰੂ ਜੀ ਕੀ ਫਤਿਹ ॥

## ਗੁਰਦੁਆਰਾ ਸਾਹਿਬ ਸ਼ਹੀਦ ਬਾਬਾ ਦੀਪ ਸਿੰਘ ਜੀ ਕਾਜਲਮਰਾਨੋ ਕਰਮੋਨਾ ਇਟਲੀ ਵਿਖੇ

Gurdwara Sahib Shaeed Baba Deep Singh ji Casalmorano Cremona (Italy)

# ਧੰਨ ਸ਼੍ਰੀ ਗੁਰੂ ਗ੍ਰੰਥ ਸਾਹਿਬ ਜੀ ਦਾ ਕੋਟਨਿ ਕੋਟਿ ਧੰਨਵਾਦ

# ਸ਼ੁਕਰਾਨੇ ਦੀ ਅਰਦਾਸ

**ਸਨਿੱਚਰਵਾਰ 30 ਅਗਸਤ 2025 ਸ਼ਾਮ 3 ਵਜੇ ਸੁਖਮਨੀ ਸਾਹਿਬ ਜੀ ਦੇ ਪਾਠ ਦੇ ਭੋਗ ਪੈਣਗੇ। ਉਪੰਰਤ 5 ਵਜੇ ਤੱਕ ਦੀਵਾਨ ਸੱਜਣਗੇ**

ਸਰਦਾਰ ਜਤਿੰਦਰ ਸਿੰਘ ਮੰਡ ਦੇ ਘਰ ਪੁੱਤਰ ਕਾਕਾ ਫ਼ਤਹਿ ਫੁਰਮਾਨ ਸਿੰਘ ਦੀ ਦਾਤ ਪ੍ਰਾਪਤ ਹੋਈ। ਸਮੂੰਹ ਮੰਡ ਪਰਿਵਾਰ ਦਾਦਾ ਅਤੇ ਦਾਦੀ ਵੱਲੋਂ ਰਿਸ਼ਤੇਦਾਰ ਸਾਕ ਸਬੰਧੀ ਯਾਰਾਂ ਦੋਸਤਾਂ ਨੂੰ ਬੇਨਤੀ ਹੈ ਸਮੇਂ ਸਿਰ ਪਹੁੰਚਣ ਦੀ ਕਿਰਪਾਲਤਾ ਕਰਨੀ ਜੀ।

**ਗੁਰੂ ਕਾ ਲੰਗਰ ਅਤੁੱਟ ਵਰਤੇਗਾ**

--✶ ਗੁਰੂ ਪੰਥ ਦੇ ਸੇਵਾਦਾਰ ✶--

# ਸਮੂਹ ਮੰਡ ਪਰਿਵਾਰ

## ਅਤੇ ਸਾਕ-ਸਬੰਧੀ

ਠੀਕਰਿ ਫੋਰਿ ਦਿਲੀਸ ਸਿਰਿ ਪ੍ਰਭੁ ਪੁਰ ਕੀਯਾ ਪਿਯਾਨ ॥
ਤੇਗ ਬਹਾਦਰ ਸੀ ਕ੍ਰਿਆ ਕਰੀ ਨ ਕਿਨਹੂੰ ਆਨ ॥

ਨੌਵੇਂ ਪਾਤਿਸ਼ਾਹ ਸ੍ਰੀ ਗੁਰੂ ਤੇਗ ਬਹਾਦਰ ਸਾਹਿਬ ਜੀ ਦੀ 350 ਸਾਲਾ ਸ਼ਹੀਦੀ ਸ਼ਤਾਬਦੀ ਨੂੰ ਸਮਰਪਿਤ

ਸ਼ਹੀਦ ਭਾਈ ਮਤੀ ਦਾਸ ਜੀ, ਸ਼ਹੀਦ ਭਾਈ ਸਤੀ ਰਾਮ ਜੀ, ਸ਼ਹੀਦ ਭਾਈ ਦਿਆਲਾ ਜੀ, ਲੱਖੀ ਸ਼ਾਹ ਵਣਜਾਰਾ ਤੇ ਸ਼ਹੀਦ ਬਾਬਾ ਜੀਵਨ ਸਿੰਘ ਜੀ ਦੀ ਮਹਾਨ ਕੁਰਬਾਨੀ ਨੂੰ ਯਾਦ ਕਰਦਿਆਂ ਇੰਟਰਨੈਸ਼ਨਲ ਪੰਥਕ ਦਲ ਵੱਲੋਂ ਸਮੂਹ ਖਾਲਸਾ ਪੰਥ ਦੇ ਸਹਿਯੋਗ ਨਾਲ



ਸ੍ਰੀ ਗੁਰੂ ਤੇਗ ਬਹਾਦਰ ਸਾਹਿਬ ਜੀ

# ਵਿਸ਼ਾਲ ਨਗਰ ਕੀਰਤਨ

ਸਜਾਏ ਜਾ ਰਹੇ ਹਨ। ਨਗਰ ਕੀਰਤਨ ਆਪ ਜੀ ਦੇ ਨਗਰ ਵਿੱਚ ਪਹੁੰਚ ਰਿਹਾ ਹੈ, ਸਮੂਹ ਨਗਰ ਨਿਵਾਸੀ ਸ੍ਰੀ ਗੁਰੂ ਗ੍ਰੰਥ ਸਾਹਿਬ ਜੀ ਦੇ ਸਤਿਕਾਰ ਵਾਸਤੇ ਇੱਕ ਜਗਾ ਤੇ ਇਕੱਠੇ ਹੋ ਕੇ ਦਰਸ਼ਨ ਦੀਦਾਰੇ ਕਰੀਏ ਅਤੇ ਆਪੋ-ਆਪਣੀਆਂ ਗੱਡੀਆਂ, ਮੋਟਰਸਾਈਕਲਾਂ 'ਤੇ ਸੰਗਤਾਂ ਨੂੰ ਨਾਲ ਲੈ ਕੇ ਨਗਰ ਕੀਰਤਨ ਵਿੱਚ ਸ਼ਾਮਲ ਹੋ ਕੇ ਗੁਰੂ ਦੀਆਂ ਖੁਸ਼ੀਆਂ ਪ੍ਰਾਪਤ ਕਰੀਏ।

29/08/2025 ਦਿਨ ਸ਼ੁੱਕਰਵਾਰ ਆਰੰਭ:- ਬੂਰਾ ਕੋਹਨਾ, ਭੂਰਾ ਕਰੀਮਪੁਰਾ, ਮਨਾਵਾਂ, ਨੂਰਵਾਲਾ, ਕਾਲੀਆ, ਸਕੱਤਰਾਂ, ਦੂਹਲ, ਕਲੰਜਰ, ਚੀਮਾਂ, ਅਮਰਕੋਟ, ਮਹਿਮੂਦਪੁਰਾ, ਲਾਖਣਾ, ਰਾਜੋਕੇ, ਵਾਂ ਬਾਬਾ ਤਾਰਾ ਸਿੰਘ, ਮੱਦਰ, ਚੱਕ ਬਾਂਹਬਾ, ਹੁੰਦਲ, ਬਾਸਰਕੇ, ਭੈਣੀ ਮੱਸਾ ਸਿੰਘ, ਅਲਗੋਂ ਖੁਰਦ, ਚੂੰਘ, ਮਾੜੀ ਬੋਹੜ ਵਾਲੀ, ਮਾੜੀ ਗੌੜ ਸਿੰਘ, ਮਾੜੀ ਸਮਰਾ, ਭਿੱਖੀਵਿੰਡ, ਪਹੂਵਿੰਡ ਸਾਹਿਬ (ਮੋ:- 98155-16376)










ਦੇਗ ਤੇਗ ਫ਼ਤਿਹ - ਪੰਥ ਕੀ ਜੀਤ

ਹਮ ਰਾਖਤ ਪਾਤਿਸ਼ਾਹੀ ਦਾਵਾ ॥ ਜਾਂ ਇਤ ਕੋ ਜਾਂ ਅਗਲੋ ਪਾਵਾ ॥

ਨੌਵੇ ਪਾਤਸ਼ਾਹ ਧੰਨ-ਧੰਨ ਗੁਰੂ ਤੇਗ ਬਹਾਦਰ ਸਾਹਿਬ ਜੀ ਦੇ 350 ਸਾਲਾਂ ਸ਼ਹੀਦੀ ਸ਼ਤਾਬਦੀ ਨੂੰ ਸਮਰਪਿਤ ਅਤੇ ਸ੍ਰੀ ਗੁਰੂ ਨਾਨਕ ਦੇਵ ਜੀ ਦੇ ਪ੍ਰਕਾਸ਼ ਪੁਰਬ ਤੇ ਮਾਤਾ ਸਾਹਿਬ ਕੌਰ ਜੀ ਦੇ ਜਨਮ ਦਿਹਾੜੇ ਨੂੰ ਸਮਰਪਿਤ



ਧੰਨ-ਧੰਨ ਮਾਤਾ ਸਾਹਿਬ ਕੌਰ ਜੀ

# ਗੁਰਮਤਿ ਸਮਾਗਮ



ਸੰਤ ਜਰਨੈਲ ਸਿੰਘ ਜੀ ਖਾਲਸਾ ਭਿੰਡਰਾਂ ਵਾਲੇ

1 ਨਵੰਬਰ 2025, ਦਿਨ ਸ਼ਨੀਵਾਰ ਨੂੰ ਬੱਬਰਾਂ ਦੇ ਹਾਈ ਕੋਰਟ ਗੁਰਦੁਆਰਾ ਸ਼ਹੀਦਾਂ, ਜੱਸੋਵਾਲ ਵਿਖੇ ਬੜੀ ਸ਼ਰਧਾ ਨਾਲ ਕਰਵਾਇਆ ਜਾ ਰਿਹਾ ਹੈ।

ਲੜੀ ਅਰੰਭ ਸ੍ਰੀ ਅਖੰਡ ਪਾਠ ਸਾਹਿਬ -20 ਅਕਤੂਬਰ, ਸੋਮਵਾਰ, ਸਵੇਰੇ 10 ਵਜੇ

ਲੜੀ ਭੋਗ ਸ੍ਰੀ ਅਖੰਡ ਪਾਠ ਸਾਹਿਬ -1 ਨਵੰਬਰ, ਸ਼ਨੀਵਾਰ, ਸਵੇਰੇ 9 ਵਜੇ



ਨੋਟ : ਇਹ ਸਮਾਗਮ 13 ਦਿਨ ਚੱਲੇਗਾ ਦੇਸ਼-ਵਿਦੇਸ਼ ਤੋਂ ਸੰਗਤਾਂ ਪਹੁੰਚ ਰਹੀਆ।
ਸਮੂਹ ਸੰਗਤ ਨੂੰ ਪਹੁੰਚਣ ਲਈ ਬੇਨਤੀ ਕੀਤੀ ਜਾਂਦੀ ਹੈ। ਗੁਰੂ ਦੇ ਲੰਗਰ ਅਤੇ ਚਾਹ ਪਕੌੜਿਆਂ ਦੇ ਲੰਗਰ ਅਤੁੱਟ ਵਰਤਣਗੇ।

ਬੇਨਤੀ ਕਰਤਾ ਸੰਤ ਬਾਬਾ ਚਰਨਜੀਤ ਸਿੰਘ ਜੱਸੋਵਾਲ
ਦਮਦਮੀ ਟਕਸਾਲ ਵਾਲੇ ਅੰਤਰਰਾਸ਼ਟਰੀ ਮੁੱਖ ਬੁਲਾਰਾ ਇੰਟਰਨੈਸ਼ਨਲ ਪੰਥਕ ਦੱਲ
ਜਾਰੀ ਕਰਤਾ : ਭਾਈ ਜਰਨੈਲ ਸਿੰਘ ਢਿੱਲੋਂ, ਬੀਬੀ ਅਰਸ਼ਪ੍ਰੀਤ ਕੌਰ 84278-66404

ਸੰਪਰਕ ਨੰਬਰ
98141-27470
84278-66404
73408-35137

ਚਰਨ ਸਰਨਿ ਗੁਰ ਏਕ ਪੈਡਾ ਜਾਇ ਚਲ
ਸਤਿਗੁਰ ਕੋਟਿ ਪੈਡਾ ਆਗੇ ਹੋਇ ਲੇਤ ਹੈ

ਵਾਹਿਗੁਰੂ ਜੀ ਕਾ ਖਾਲਸਾ।

ਆਵਾਜ਼ਿ ਕੌਮ
AWAZE QAUM

# ਆਵਾਜ਼ਿ-ਕੌਮ ਟੂਰ ਐਂਡ ਟਰੈਵਲਜ਼

ਵਾਹਿਗੁਰੂ ਜੀ ਕੀ ਫ਼ਤਿਹ॥


**RAGHBIR SINGH (Call : +44 7976 210161)**
**121. Broadway west Walsall, West Midlands, WS1 4DW, England uk**



ਸ੍ਰੀ ਅਕਾਲ ਤਖ਼ਤ ਸਾਹਿਬ
SRI AKAL TAKHAT SAHIB


ਸ੍ਰੀ ਪਟਨਾ ਸਾਹਿਬ
SRI PATNA SAHIB


ਸ੍ਰੀ ਕੇਸਗੜ੍ਹ ਸਾਹਿਬ
SRI KESGARH SAHIB


ਸ੍ਰੀ ਦਮਦਮਾ ਸਾਹਿਬ
SRI DAMDAMA SAHIB


ਸ੍ਰੀ ਹਜ਼ੂਰ ਸਾਹਿਬ
SRI HAZUR SAHIB

# PANJ TAKHAT YATRA

**Thank you for choosing us to go to PANJ TAKHAT YATRA in February 2026 (15th Feb – 25thFeb 2026). During the stay we will try to provide you with all the possible facilities to make this trip a memorable one.**

## Tour Package

**Akal Takhat Sahib & 5 Other Places**
**Hydrabad & 5 Other Places**
**Hazur Sahib & 8 Other Gurudwaras**
**Patna Sahib & 5 Other Gurudwaras**
**Chandigarh & Sukhna Lake**
**Anandpur Sahib & 4 Other Gurudwaras**
**Damdama Sahib & 3 Other Gurudwaras**

- Luxury Hotel With Breakfast & Dinner
- Luxury Air-Conditioned Coaches
- Domestic Flights
- Guided
- Flexibility to stay in India before & after the trip
- Starting and Ending Point at Jalandhar

**Note : To Book Deposit £600 as an advance into the mentioned bank account balance amout need to be deposited 2 weeks before the travel date.**

**Account Name : RAGHBIR SINGH**
**Bank Name : HALIFAX**
**Sort Code : 11-08-07**
**Account No. : 00516474**

**Contact Detail :**
**+44 7458 381111 +44 7976 210161**
**email: gnstuk@hotmail.com**

**To Book please ring (+44 7458 381111) or WhatsApp (+44 7976 210161) / email (gnstuk@hotmail.com) the next of kin form along with a copy of your passport.**

**--ADVICE--**
**Request to all Sangat to have own travel Insurance individualy!**


**Program is subject to change without Prior Notice.**

ਆਵਾਜ਼ਿ ਕੌਮ AWAZE QAUM

## JOURNEY OF A LIFE TIME
# PANJ TAKHAT YATRA
## 5 TAKHAT YATRA - 10 NIGHTS / 11 DAYS


ਆਵਾਜ਼ਿ ਕੌਮ AWAZE QAUM

### 15th FEB. Day 1st.




**Meeting** at Gurdwara Sri Dukh Niwaran sahib patshahi 9 Guru Teg Bahadur Nagar Jalandhar and start the journey on ward drive to Amritsar sahib stop at Kartar pur to see Jung e Ajadi museum ( if it is open) later drive to Amritsar check in hotel and later visit to Sri Akal Takhat sahib back to hotel and dinner in the hotel.

### 16th Feb. Day 2nd.




Early morning check out to drive to airport to take flight at 730 am to Hyderabad after arrival and proceed to see the museum than back to the hotel check in and lunch in the hotel later at 4 pm proceed to visit char minar dinner will be paid by the people directly.

### 17th Feb Day 3rd




After break fast drive to Bidar it is 3 hrs journey on arrival Darshan and lunch at the Langar than drive to Nanded again 3 hrs journey reach there check in sran and do darshan dinner at the langar.

### 18th Feb Day4th




Morning Darshan and break fast in the Langar After breakfast start for the tour of Gurdwaras, Visit to Gurdwara Nagina Ghat, Gurdwara Baba Banda Bahadur ji, Gurdwara Mal Tekri sahib, Gurdwara Heera Ghat later Gurdwara Mata Sahib Deva ji- Lunch in the langar, later to gurdwara Shikar Ghat here you have tea with pakoras later to gurdwara Sangat sahib back to city of Nanded and visit to Gurdwara Baba Nidhan singh ji, dinner at the Langar of Baba Nidhan singh ji

### 19th Feb Day5th




Leave at 6 am and drive to Hyderabaad we will stop at kings restaurant for quick tea and to use of wash rooms than to Hyderabad at paradise restaurant to have quick hyderabaadi veg biryani paid by the AWAJE QUAM TOURS from here we proceed to airport for the flight to Patna sahib arrival and we proceed to our hotel check in and dinner in the hotel

### 20th Feb. Day 6th



After break fast proceed to visit to Gurdwara Sach Khand Sri Patna sahib later Gurdwara Bal Leela sahib and Langar here later visit to Gurdwara Kangan Ghat sahib, Gurdwara Gau Ghat sahib Gurdwara Guru Ka Bagh and gurdwara Handi sahib back to our hotel and do dinner

### 21st Feb Day 7th




After Break fast proceed to the airport for the flight to chandigarh arrival and from here we go to visit to Sukhna lake later check in the hotel dinner at the hotel and relax.

### 22th Feb Day 8th



After breakfast proceed to visit to Anandpur sahib lunch at the langar later drive to Bathinda check in hotel and dinner at the hotel and relax.

### 23rd Feb Day 9th



After break fast proceed at 9 am to visit Takhat sri Damdama Sahib lunch at the Langar after that we proceed to Sri Amritsar sahib check in hotel dinner at the hotel.

### 24th Feb Day 10th



After break fast proceed at 9 am to visit Sri Harimander sahib, jallianwala bagh Parition Musuem and lunch at the Bharawan da dhabha by the AWAJE QAUM TOURS than drive to Wagah Border, See the ceremony then back to the hotel. Dinner at the hotel.

### 25th Feb Day 11th

**After breakfast proceed to Jalandhar to end the tour with happy memories and with promise to travel again together at Gurdwara Sri Dukh Niwaran sahib Patshahi 9th Guru Teg Bahdur ji Nagar.**

**THANKS FOR TRAVELLING WITH US & STAY BLESSED! LOOKING FORWARD TO TAKE YOU TO ON ANOTHER GREAT JOURNEY**

**FOR MORE INFORMATION PLS. CONTACT**


**RAGHBIR SINGH**
**+44 7458 381111, +44 7976 210161**

**PARAMJIT SHERGILL**
**+44 7858 198159**

**INDERJIT KAUR**
**+44 7883 635835**

**KULVINDER MANN**
**+44 7900 982906**

ਚਰਨ ਸਰਨਿ ਗੁਰ ਏਕ ਪੈਡਾ ਜਾਇ ਚਲ
ਸਤਿਗੁਰ ਕੋਟਿ ਪੈਡਾ ਆਗੇ ਹੋਇ ਲੇਤ ਹੈ

ਵਾਹਿਗੁਰੂ ਜੀ ਕਾ ਖਾਲਸਾ।

# ਆਵਾਜ਼ਿ ਕੌਮ AWAZE QAUM

# ਆਵਾਜ਼ਿ-ਕੌਮ ਟੂਰ ਐਂਡ ਟਰੈਵਲਜ਼

ਵਾਹਿਗੁਰੂ ਜੀ ਕੀ ਫ਼ਤਹਿ॥

**RAGHBIR SINGH (Call : +44 7976 210161)**
121. Broadway west Walsall, West Midlands, WS1 4DW, England uk



ਸ੍ਰੀ ਅਕਾਲ ਤਖ਼ਤ ਸਾਹਿਬ
SRI AKAL TAKHAT SAHIB



ਸ੍ਰੀ ਪਟਨਾ ਸਾਹਿਬ
SRI PATNA SAHIB



ਸ੍ਰੀ ਕੇਸਗੜ੍ਹ ਸਾਹਿਬ
SRI KESGARH SAHIB



ਸ੍ਰੀ ਦਮਦਮਾ ਸਾਹਿਬ
SRI DAMDAMA SAHIB



ਸ੍ਰੀ ਹਜ਼ੂਰ ਸਾਹਿਬ
SRI HAZUR SAHIB

# ਪੰਜ ਤਖ਼ਤ ਯਾਤਰਾ

ਬੜੇ ਮਾਣ ਅਤੇ ਸਤਿਕਾਰ ਨਾਲ ਆਪ ਜੀ ਨੂੰ ਸੂਚਿਤ ਕੀਤਾ ਜਾ ਰਿਹਾ ਹੈ ਕਿ **ਆਵਾਜ਼ਿ-ਕੌਮ ਟੂਰ ਐਂਡ ਟ੍ਰੈਵਲਜ਼** ਵਾਹਿਗੁਰੂ ਜੀ ਕੀ ਕ੍ਰਿਪਾ ਸਦਕਾ 15 ਫਰਵਰੀ 2026 ਤੋਂ 25 ਫਰਵਰੀ 2026 (10 ਰਾਤ, 11 ਦਿਨ) ਤੱਕ ਪੰਜ ਤਖਤ ਸਹਿਬਾਨ ਦੀ ਮਹਾਂ ਯਾਤਰਾ ਕਰਵਾਉਣ ਜਾ ਰਿਹਾ ਹੈ। ਆਪ ਸਭ ਨੂੰ ਬੇਨਤੀ ਹੈ ਕਿ ਤੁਸੀ ਵੀ ਇਸ ਯਾਤਰਾ ਦਾ ਹਿੱਸਾ ਬਣੋ ਅਤੇ ਪੰਜ ਤਖ਼ਤ ਸਾਹਿਬਾਨ ਦੀ ਯਾਤਰਾ ਕਰਕੇ ਆਪਣੇ ਜੀਵਨ ਨੂੰ ਸਫਲਾ ਕਰੋ ਜੀ। ਤੁਹਾਡੀ ਇਸ ਯਾਤਰਾ ਨੂੰ ਯਾਦਗਾਰੀ ਤੇ ਬਿਹਤਰੀਨ ਬਨਾਉਣ ਲਈ **ਆਵਾਜ਼ਿ-ਕੌਮ ਟੂਰ ਐਂਡ ਟ੍ਰੈਵਲਜ਼** ਦੀ ਟੀਮ ਹਰ ਸੰਭਵ ਯਤਨ ਕਰਕੇ ਤੁਹਾਨੂੰ ਸ਼ਾਨਦਾਰ ਸਹੂਲਤਾਂ ਪ੍ਰਦਾਨ ਕਰੇਗੀ। ਯਾਤਰਾ ਗੁਰਦਾਵਾਰਾ ਸ੍ਰੀ ਦੁਖ ਨਿਵਾਰਨ ਪਾਤਸ਼ਾਹੀ 9ਵੀਂ ਗੁਰੂ ਤੇਗ ਬਹਾਦੁਰ ਨਗਰ, ਜਲੰਧਰ ਤੋਂ ਅਰਦਾਸ ਅਤੇ ਜੈਕਾਰਿਆਂ ਦੀ ਗੂੰਜ 'ਚ 15 ਫਰਵਰੀ, 2026 ਨੂੰ ਸ਼ੁਰੂ ਹੋਵੇਗੀ ਤੇ ਇੱਥੇ ਹੀ 25 ਫਰਵਰੀ, 2026 ਨੂੰ ਸੰਪੰਨ ਹੋਵੇਗੀ।

## ਟੂਰ ਪੈਕੇਜ

ਧਾਰਮਿਕ ਤੇ ਇਤਿਹਾਸਕ ਟੂਰ ਜਲੰਧਰ ਤੋਂ ਸ਼ੁਰੂ ਹੋ ਕੇ ਸ਼੍ਰੀ ਅੰਮ੍ਰਿਤਸਰ ਸਾਹਿਬ, ਹੈਦਰਾਬਾਦ, ਗੁਰਦਵਾਰਾ ਨਾਨਕ ਝੀਰਾ ਬਿਦਰ ਤੋਂ ਬਾਅਦ ਸ਼੍ਰੀ ਹਜ਼ੂਰ ਸਾਹਿਬ ਪਹੁੰਚੇਗਾ, ਜਿਥੇ ਤਖ਼ਤ ਸ਼੍ਰੀ ਹਜ਼ੂਰ ਸਾਹਿਬ ਤੋਂ ਇਲਾਵਾ ਹੋਰ ਵੀ 9 ਇਤਿਹਾਸਕ ਗੁਰਦੁਆਰਾ ਸਾਹਿਬਾਨ ਦੇ ਦਰਸ਼ਨ ਕਰਵਾਏ ਜਾਣਗੇ। ਹੈਦਰਾਬਾਦ ਪਹੁੰਚ ਕੇ ਹਵਾਈ ਜਹਾਜ ਦੇ ਰਾਹੀ ਤਖ਼ਤ ਸ੍ਰੀ ਪਟਨਾ ਸਾਹਿਬ ਪਹੁੰਚਿਆ ਜਾਵੇਗਾ। ਤਖ਼ਤ ਸ੍ਰੀ ਪਟਨਾ ਸਾਹਿਬ ਤੋਂ ਚੰਡੀਗੜ ਵਾਪਸੀ ਵੀ ਹਵਾਈ ਸਫ਼ਰ ਰਾਹੀਂ ਹੋਵੇਗੀ। ਉਪਰੰਤ ਸ਼੍ਰੀ ਆਨੰਦਪੁਰ ਸਾਹਿਬ, ਸ਼੍ਰੀ ਦਮਦਮਾ ਸਾਹਿਬ, ਸ਼੍ਰੀ ਅੰਮ੍ਰਿਤਸਰ ਸਾਹਿਬ ਪਹੁੰਚਿਆ ਜਾਵੇਗਾ। ਇਸ ਯਾਤਰਾ ਦੇ ਦੌਰਾਨ ਸਿੱਖ ਗੁਰੂ ਸਾਹਿਬਾਨ ਦੀ ਚਰਨਛੋਹ ਪ੍ਰਾਪਤ 32 ਇਤਿਹਾਸਕ ਗੁਰਦਾਵਾਰਾ ਸਾਹਿਬਾਨ ਦੇ ਦਰਸ਼ਨ ਕਰਵਾਏ ਜਾਣਗੇ। ਇਸ ਤੋਂ ਇਲਾਵਾ ਕੁਝ ਅਜਾਇਬ ਘਰ, ਜਲ੍ਹਿਆਵਾਲਾ ਬਾਗ, ਵਾਹਗਾ ਬਾਰਡਰ ਦੀ ਰੀਟਰੀਟ ਸੇਰੇਮਨੀ ਤੇ ਹੋਰ ਇਤਿਹਸਕ ਸਥਾਨਾਂ ਦੀ ਯਾਤਰਾ ਵੀ ਕਰਵਾਈ ਜਾਵੇਗੀ।

- ਲਗਜਰੀ ਹੋਟਲਾਂ 'ਚ ਸਟੇਅ
- ਲਗਜ਼ਰੀ ਏ. ਸੀ. ਕੋਚ
- ਡੋਮੈਸਟਿਕ ਫਲਾਈਟਾਂ
- ਗਾਈਡ
- ਯਾਤਰਾਂ ਤੋਂ ਪਹਿਲਾਂ ਅਤੇ ਬਾਅਦ ਵਿੱਚ ਇੰਡੀਆ 'ਚ ਸਟੇਅ ਕੀਤਾ ਜਾ ਸਕਦਾ ਹੈ।
- ਪਹਿਲਾ ਅਤੇ ਅੰਤਿਮ ਪੜਾਅ ਜਲੰਧਰ ਵਿਖੇ।

ਬੁੱਕ ਕਰਨ ਲਈ 600 ਪੌਂਡ ਐਡਵਾਂਸ ਦੇ ਤੌਰ 'ਤੇ ਜਮ੍ਹਾਂ ਕਰਵਾਉਣੇ ਜ਼ਰੂਰੀ ਹਨ। ਬੁਕਿੰਗ ਫੀਸ ਜਮ੍ਹਾ ਕਰਵਾਉਣ ਉਪਰੰਤ ਰੈਫਰੈਂਸ ਨੰਬਰ ਭੇਜਣਾ ਹੋਵੇਗਾ ਅਤੇ ਬਾਕੀ ਰਹਿੰਦੀ ਫੀਸ ਯਾਤਰਾ ਤੋਂ ਦੋ ਹਫ਼ਤਿਆਂ ਦੇ ਅੰਦਰ-ਅੰਦਰ ਜਮ੍ਹਾ ਕਰਵਾਉਣੀ ਹੋਵੇਗੀ।

### ਅਕਾਊਂਟ ਨੰਬਰ ਤੇ ਡਿਟੇਲ

Account Name: RAGHBIR SINGH
Bank Name : HALIFAX
Sort Code : 11-08-07
Account No. : 00516474

ਸੰਪਰਕ ਨੰ. :
+44 7458 381111 +44 7976 210161
email: gnstuk@hotmail.com

To Book please ring (+44 7458 381111) or WhatsApp (+44 7976 210161) / email (gnstuk@hotmail.com) the next of kin form along with a copy of your passport.

★ ਸਲਾਹ ★
ਸਮੂਹ ਸੰਗਤ ਨੂੰ ਸਲਾਹ ਦਿੱਤੀ ਜਾਂਦੀ ਹੈ ਕਿ ਉਹ ਆਪਣੇ ਤੌਰ 'ਤੇ ਟਰੈਵਲ ਇੰਸ਼ੋਰੈਂਸ ਕਰਵਾ ਲੈਣ

ਬਿਨਾਂ ਕੋਈ ਨੋਟਿਸ ਦਿੱਤੇ ਪ੍ਰੋਗਰਾਮ 'ਚ ਤਬਦੀਲੀ ਕੀਤੀ ਜਾ ਸਕਦੀ ਹੈ।

## ਜ਼ਿੰਦਗੀ ਭਰ ਦੀ ਯਾਦ ਬਣਨ ਵਾਲੀ
# ਪੰਜ ਤਖ਼ਤ ਯਾਤਰਾ

10 ਰਾਤਾਂ ਤੇ 11 ਦਿਨ ਦੀ ਯਾਤਰਾ ਦਾ ਵੇਰਵਾ ਵਿਸਥਾਰ ਸਹਿਤ ਹੇਠ ਲਿਖੇ ਅਨੁਸਾਰ ਹੈ :

### 15 ਫਰਵਰੀ (ਦਿਨ 1)



ਸਾਰੀ ਸੰਗਤ ਗੁਰਦਵਾਰਾ ਦੁਖ ਨਿਵਾਰਨ ਸਾਹਿਬ ਪਾਤਸ਼ਾਹੀ 9ਵੀਂ ਗੁਰੂ ਤੇਗ ਬਹਾਦੁਰ ਨਗਰ ਵਿਖੇ ਇਕੱਤਰ ਹੋਵੇਗੀ ਤੇ ਇਥੋਂ ਜੈਕਾਰਿਆਂ ਦੀ ਗੂੰਜ 'ਚ ਸ਼੍ਰੀ ਅੰਮ੍ਰਿਤਸਰ ਸਾਹਿਬ ਲਈ ਚਾਲੇ ਪਾਏ ਜਾਣਗੇ। ਕਰਤਾਰਪੁਰ ਵਿਖੇ ਜੰਗ-ਏ-ਆਜਦੀ ਅਜਾਇਬ ਘਰ ਵਿਖਾਇਆ ਜਾਵੇਗਾ। ਹੋਟਲ ਵਿਚ ਪਹੁੰਚ ਕੇ ਚੈਕ ਇਨ ਹੋਵੇਗਾ। ਉਸ ਤੋਂ ਬਾਅਦ ਸਾਰੀ ਸੰਗਤ ਸ੍ਰੀ ਅਕਾਲ ਤਖਤ ਸਾਹਿਬ ਵਿਖੇ ਨਤਮਸਤਕ ਹੋਵੇਗੀ। ਦੁਬਾਰਾ ਵਾਪਸ ਹੋਟਲ ਵਿਚ ਪਹੁੰਚ ਕੇ ਡਿਨਰ ਹੋਟਲ ਕੀਤਾ ਜਾਵੇਗਾ।

### 16 ਫਰਵਰੀ (ਦਿਨ 2)




ਤੜਕੇ ਸਵੇਰੇ 5 ਵਜੇ ਹੈਦਰਾਬਾਦ ਨੂੰ ਜਾਣ ਵਾਸਤੇ ਹਵਾਈ ਅੱਡੇ 'ਤੇ ਪਹੁੰਚਿਆ ਜਾਵੇਗਾ। ਫਲਾਇਟ ਦਾ ਸਮਾਂ 7.30 ਵਜੇ ਸਵੇਰੇ ਹੋਵੇਗਾ। ਹੈਦਰਾਬਾਦ ਤੱਕ ਫਲਾਈ ਸਮਾਂ ਦੋ ਘੰਟੇ ਦਾ ਹੋਵੇਗਾ। ਹੈਦਰਾਬਾਦ ਪਹੁੰਚ ਕੇ ਬੱਸ ਵਿਚ ਬੈਠ ਕੇ ਹੈਦਰਾਬਾਦ ਦਾ ਬਹੁਤ ਹੀ ਮਸ਼ਹੂਰ ਮਿਊਜੀਅਮ ਦਿਖਾਇਆ ਜਾਵੇਗਾ। ਉਸ ਤੋਂ ਬਾਅਦ ਹੋਟਲ ਵਿਚ ਜਾ ਕੇ ਚੈਕ ਇਨ ਤੇ ਲੰਚ ਹੋਵੇਗਾ। ਸ਼ਾਮ 4 ਵਜੇ ਹੈਦਰਾਬਾਦ ਦਾ ਦੁਨੀਆਂ ਭਰ 'ਚ ਮਸ਼ਹੂਰ ਚਾਰਮਿਨਾਰ ਦਿਖਾਇਆ ਜਾਵੇਗਾ। ਡਿਨਰ ਦੱਖਣ-ਭਾਰਤੀ ਸ਼ਾਕਾਹਾਰੀ ਰੈਸਟੋਰੈਂਟ ਵਿਚ (ਖ਼ੁਦ ਦੇ ਖਰਚੇ 'ਤੇ) ਕਰਵਾਇਆ ਜਾਵੇਗਾ। ਵਾਪਸ ਹੋਟਲ ਵਿਚ ਆ ਕੇ ਅਰਾਮ ਕੀਤਾ ਜਾਵੇਗਾ।

### 17 ਫਰਵਰੀ (ਦਿਨ 3)



ਸਵੇਰੇ ਨਾਸ਼ਤੇ ਤੋਂ ਬਾਅਦ ਟਰੇਲ ਰਾਹੀਂ ਬਿਦਰ ਨੂੰ ਚਾਲੇ ਪਾਏ ਜਾਣਗੇ। 3 ਘੰਟੇ ਦੀ ਯਾਤਰਾ ਹੋਵੇਗੀ। ਇੱਥੇ ਪਹੁੰਚ ਕੇ ਗੁਰਦਵਾਰਾ ਨਾਨਕ ਝੀਰਾ ਸਾਹਿਬ ਦੇ ਦਰਸ਼ਨ ਕਰਵਾਏ ਜਾਣਗੇ ਤੇ ਦੁਪਹਿਰ ਨੂੰ ਲੰਗਰ ਦਾ ਅਨੰਦ ਮਾਨਿਆ ਜਾਵੇਗਾ। ਇਸ ਤੋਂ ਬਾਅਦ ਨੰਦੇੜ ਸਾਹਿਬ ਵੱਲ ਚਾਲੇ ਪਾਏ ਜਾਣਗੇ। ਸ਼ਾਮ ਨੂੰ ਨੰਦੇੜ ਸਾਹਿਬ ਪਹੁੰਚ ਕੇ ਸਰਾਂ ਵਿਚ ਰੈਣ ਵਸੈਰਾ ਹੋਵੇਗਾ। ਰਾਤ ਦਾ ਭੋਜਨ ਕੰਪਨੀ ਵਲੋ ਫਿਕਸਡ ਮੈਨਿਊ 'ਤੇ ਅਧਾਰਤ ਰੈਟੋਰੈਂਟ ਵਿਚ ਹੋਵੇਗਾ ਜਿਸ ਦਾ ਖਰਚਾ ਕੰਪਨੀ ਕਰੇਗੀ। ਰਾਤ ਦਾ ਵਿਸ਼ਰਾਮ ਸਰਾਂ ਵਿੱਚ ਹੋਵੇਗਾ।

### 18 ਫਰਵਰੀ (ਦਿਨ 4)



ਸੰਗਤ ਤੜਕੇ ਸਚਖੰਡ ਸ੍ਰੀ ਨੰਦੇੜ ਸਾਹਿਬ ਦੀ ਹਾਜਰੀ ਭਰੇਗੀ। ਨਾਸ਼ਤਾ ਲੰਗਰ ਹਾਲ ਵਿਚ ਹੋਵੇਗਾ। ਠੀਕ 10 ਵਜੇ ਗੁਰਦਵਾਰਾ ਸਹਿਬ ਦੇ ਦਰਸ਼ਨਾਂ ਲਈ ਚਾਲੇ ਪਾਏ ਜਾਣਗੇ। ਗੁਰਦਵਾਰਾ ਬਾਬਾ ਬੰਦਾ ਬਾਹੁਦਰ, ਗੁਰਦਵਾਰਾ ਮਾਲ ਟੇਕੜੀ, ਗੁਰਦਵਾਰਾ ਹੀਰਾ ਘਾਟ, ਗੁਰਦਵਾਰਾ ਮਾਤਾ ਸਾਹਿਬ ਦੇਵਾ ਜੀ ਦੇ ਦਰਸ਼ਨ ਕਰਨ ਉਪਰੰਤ ਇਥੇ ਹੀ ਲੰਗਰ ਛਕਿਆ ਜਾਵੇਗਾ। ਇਸ ਤੋਂ ਬਾਅਦ ਗੁਰਦਵਾਰਾ ਸ਼ਿਕਾਰ ਘਾਟ ਦੇ ਦਰਸ਼ਨ ਉਪਰੰਤ ਚਾਹ ਦਾ ਲੰਗਰ ਛਕਿਆ ਜਾਵੇਗਾ। ਇਸ ਉਪਰੰਤ ਗੁਰਦਵਾਰਾ ਸੰਗਤ ਸਾਹਿਬ ਤੇ ਅਸਤਬਲ ਦੇ ਦਰਸ਼ਨ ਕੀਤੇ ਜਾਣਗੇ। ਗੁਰਦਵਾਰਾ ਨਗੀਨਾ ਘਾਟ ਦੇ ਦਰਸ਼ਨਾ ਤੋਂ ਬਾਅਦ ਗੁਰਦਵਾਰਾ ਬਾਬਾ ਨਿਧਾਨ ਸਿੰਘ ਜੀ ਵਿਖੇ ਰਾਤ ਦਾ ਲੰਗਰ ਹੋਵੇਗਾ। ਰਾਤ ਦਾ ਵਿਸ਼ਰਾਮ ਇੱਥੇ ਸਰਾਂ ਵਿੱਚ ਹੋਵੇਗਾ।

### 19 ਫਰਵਰੀ (ਦਿਨ 5)



ਤੜਕੇ 6 ਵਜੇ ਹੈਦਰਾਬਾਦ ਲਈ ਰਵਾਨਗੀ ਪਾਈ ਜਾਵੇਗੀ ਅਤੇ ਕਿੰਗਸ ਰੈਸਟੋਰੈਂਟ ਵਿੱਚ ਸੰਗਤ ਨੂੰ ਚਾਹ ਪਿਲਾਈ ਜਾਵੇਗੀ। ਹੈਦਰਾਬਾਦ ਪਹੁੰਚ ਕੇ ਇੱਥੋਂ ਦੀ ਮਸ਼ਹੂਰ ਸ਼ਾਕਾਹਾਰੀ ਹੈਦਰਾਬਾਦੀ ਬਰਿਆਨੀ ਦਾ ਅਨੰਦ ਮਾਣਿਆ ਜਾਵੇਗਾ। ਇਸ ਤੋਂ ਬਾਅਦ ਹਵਾਈ ਯਾਤਰਾ ਰਾਹੀਂ ਤਖ਼ਤ ਸ੍ਰੀ ਪਟਨਾ ਸਾਹਿਬ ਪਹੁੰਚਿਆ ਜਾਵੇਗਾ। ਹਵਾਈ ਯਾਤਰਾ ਦਾ ਸਮਾਂ 2 ਘੰਟੇ ਦਾ ਹੋਵੇਗਾ। ਹੋਟਲ ਵਿਚ ਚੈਕ ਇਨ ਕਰਨ ਉਪਰੰਤ ਡਿਨਰ ਤਿਆਰ ਮਿਲੇਗਾ।

### 20 ਫਰਵਰੀ (ਦਿਨ 6)



ਸਵੇਰੇ ਨਾਸ਼ਤੇ ਤੋਂ ਬਾਅਦ ਜਨਮ ਅਸਥਾਨ ਸਚਖੰਡ ਸ਼੍ਰੀ ਪਟਨਾ ਸਾਹਿਬ ਦੇ ਦਰਸ਼ਨਾਂ ਲਈ ਚਾਲੇ ਪਾਏ ਜਾਣਗੇ। ਗੁਰਦਵਾਰਾ ਕੰਗਣ ਘਾਟ ਤੇ ਗੁਰਦਵਾਰਾ ਬਾਲ ਲੀਲਾ ਸਾਹਿਬ ਦੇ ਧਰਸ਼ਨ ਕੀਤੇ ਜਾਣਗੇ। ਦੁਪਹਿਰ ਦਾ ਲੰਗਰ ਗੁਰਦਵਾਰਾ ਬਾਲ ਲੀਲਾ ਸਾਹਿਬ ਵਿੱਚ ਹੋਵੇਗਾ। ਇਸ ਉਪਰੰਤ ਗੁਰਦਵਾਰਾ ਗਊ ਘਾਟ, ਗੁਰਦਵਾਰਾ ਗੁਰੂ ਕਾ ਬਾਗ, ਗੁਰਦਵਾਰਾ ਹਾਂਡੀ ਸਾਹਿਬ ਦੇ ਦਰਸ਼ਨ ਕੀਤੇ ਜਾਣਗੇ। ਉਪਰੰਤ ਵਾਪਸ ਹੋਟਲ 'ਚ ਡਿਨਰ ਉਪਰੰਤ ਰਾਤਰੀ ਵਿਸ਼ਰਾਮ ਹੋਵੇਗਾ।

### 21 ਫਰਵਰੀ (ਦਿਨ 7)



ਨਾਸ਼ਤਰਾ ਕਰਨ ਉਪਰੰਤ ਸ੍ਰੀ ਪਟਨਾ ਸਾਹਿਬ ਤੋਂ ਹਵਾਈ ਅੱਡੇ ਲਈ ਚਾਲੇ ਪਾਏ ਜਾਣਗੇ ਤੇ ਹਵਾਈ ਯਾਤਰਾ ਰਾਹੀਂ ਚੰਡੀਗੜ੍ਹ ਪਹੁੰਚਿਆ ਜਾਵੇਗਾ। ਇੱਥੇ ਵਿਸ਼ਵ ਪ੍ਰਸਿੱਧ ਸੁਖਨਾ ਲੇਕ ਘੁੰਮਣ ਉਪਰੰਤ ਹੋਟਲ ਚੈੱਕ ਇਨ ਕੀਤਾ ਜਾਵੇਗਾ ਤੇ ਡਿਨਰ ਉਪਰੰਤ ਰਾਤਰੀ ਵਿਸ਼ਰਾਮ ਹੋਵੇਗਾ।

### 22 ਫਰਵਰੀ (ਦਿਨ 8)



ਨਾਸ਼ਤੇ ਕਰਨ ਉਪਰੰਤ ਟਰੇਨ ਰਾਹੀਂ ਤਖ਼ਤ ਸ੍ਰੀ ਆਨੰਦਪੁਰ ਸਾਹਿਬ ਨੂੰ ਚਾਲੇ ਪਾਏ ਜਾਣਗੇ। ਜਿਥੇ ਗੁਰਦਵਾਰਾ ਸ੍ਰੀ ਕੇਸਗੜ ਸਾਹਿਬ, ਗੁਰਦਾਵਾਰਾ ਸੀਸ ਗੰਜ ਸਾਹਿਬ, ਗੁਰਦਵਾਰਾ ਭੌਰਾ ਸਾਹਿਬ ਤੇ ਕਿਲਾ ਆਨੰਦਗੜ੍ਹ ਸਾਹਿਬ ਦੇ ਦਰਸ਼ਨ ਕੀਤੇ ਜਾਣਗੇ। ਉਪਰੰਤ ਬਠਿੰਡਾ ਲਈ ਚਾਲੇ ਪਾਏ ਜਾਣਗੇ। ਡਿਨਰ ਅਤੇ ਰਾਤਰੀ ਸਟੇਅ ਹੋਟਲ ਵਿਚ ਹੋਵੇਗਾ।

### 23 ਫਰਵਰੀ (ਦਿਨ 9)



ਸਵੇਰੇ ਨਾਸ਼ਤੇ ਉਪਰੰਤ ਤਖਤ ਸ੍ਰੀ ਦਮਦਮਾ ਸਾਹਿਬ ਦੇ ਦਰਸ਼ਨਾ ਲਈ ਚਾਲੇ ਪਾਏ ਜਾਣਗੇ। ਬੁਰਜ ਬਾਬਾ ਦੀਪ ਸਿੰਘ ਜੀ ਦੇ ਦਰਸ਼ਨਾ ਤੋਂ ਬਾਅਦ ਲੰਗਰ ਦਾ ਅਨੰਦ ਮਾਣਿਆ ਜਾਵੇਗਾ। ਉਪਰੰਤ ਸ੍ਰੀ ਅੰਮ੍ਰਿਤਸਰ ਸਾਹਿਬ ਲਈ ਚਾਲੇ ਪਾਏ ਜਾਣਗੇ। ਡਿਨਰ ਅਤੇ ਰਾਤਰੀ ਸਟੇਅ ਹੋਟਲ ਵਿਚ ਹੋਵੇਗਾ।

### 24 ਫਰਵਰੀ (ਦਿਨ 10)



ਸਵੇਰੇ ਨਾਸ਼ਤੇ ਉਪਰੰਤ ਸ੍ਰੀ ਹਰਿਮੰਦਰ ਸਾਹਿਬ ਦੇ ਦਰਸ਼ਨ ਕੀਤੇ ਜਾਣਗੇ। ਜਲ੍ਹਿਆਵਾਲਾ ਬਾਗ ਵੇਖਿਆ ਜਾਵੇਗਾ। ਦੁਪਹਿਰ ਦਾ ਲੰਗਰ ਸ੍ਰੀ ਹਰਿਮੰਦਰ ਸਾਹਿਬ ਵਿਖੇ ਛਕਿਆ ਜਾਵੇਗਾ। ਇਸ ਤੋਂ ਬਾਅਦ ਭਾਰਤ-ਪਾਕਿਸਤਾਨ ਦੀ ਵੰਡ ਨੂੰ ਦਰਸਾਉਂਦਾ ਪਾਰਟੀਸ਼ਨ ਮਿਊਜੀਅਮ ਵਿਖਾਇਆ ਜਾਵੇਗਾ। ਸ਼ਾਮ ਨੂੰ ਵਾਹਗਾ ਬਾਰਡਰ ਪਹੁੰਚ ਕੇ ਰੀਟਰੀਟ ਸੇਰੇਮਨੀ ਦਿਖਾਈ ਜਾਵੇਗੀ। ਡਿਨਰ ਅਤੇ ਰਾਤਰੀ ਵਿਸ਼ਰਾਮ ਹੋਟਲ ਵਿੱਚ ਹੋਵੇਗਾ।

### 25 ਫਰਵਰੀ (ਦਿਨ 11)

ਨਾਸ਼ਤੇ ਕਰਨ ਉਪਰੰਤ ਸੰਗਤ ਜਲੰਧਰ ਲਈ ਚਾਲੇ ਪਾਵੇਗੀ ਅਤੇ ਗੁਰਦਵਾਰਾ ਦੂਖ ਨਿਵਾਰਨ ਪਾਤਸ਼ਾਹੀ 9ਵੀਂ ਪਹੁੰਚ ਕੇ ਅਮਿੱਟ ਧਾਰਮਿਕ ਤੇ ਇਤਹਾਸਕ ਯਾਦਾਂ ਸਮੇਟਦਿਆਂ, ਫਿਰ ਮਿਲਣ ਦੇ ਵਾਅਦੇ ਅਤੇ ਵਾਹਿਗੁਰੂ ਦਾ ਸ਼ੁਕਰਾਨਾ ਕਰਦਿਆਂ ਟੂਰ ਦੀ ਸਮਾਪਤੀ ਹੋਵੇਗੀ।

ਆਵਾਜ਼ਿ-ਕੌਮ ਟੂਰ ਐਂਡ ਟ੍ਰੈਵਲਜ਼ ਨਾਲ ਯਾਤਰਾ ਕਰਨ ਲਈ ਧੰਨਵਾਦ ਅਤੇ ਵਾਹਿਗੁਰੂ ਜੀ ਦਾ ਕੋਟਿਨ-ਕੋਟਿ ਧੰਨਵਾਦ। ਤੁਹਾਨੂੰ ਹੋਰ ਧਾਰਮਿਕ ਤੇ ਇਤਿਹਾਸਕ ਯਾਤਰਾ 'ਤੇ ਜਲਦ ਲੈ ਕੇ ਜਾਣ ਦਾ ਵਾਅਦਾ ਕਰਦੇ ਹਾਂ।

--★ ਯਾਤਰਾ ਵਿੱਚ ਸ਼ਾਮਲ ਹੋਣ ਅਤੇ ਹੋਰ ਵਧੇਰੇ ਜਾਣਕਾਰੀ ਲਈ ਦਿੱਤੇ ਗਏ ਨੰਬਰਾਂ 'ਤੇ ਸੰਪਰਕ ਕਰੋ ★--

| | | | |
|---|---|---|---|
| **RAGHBIR SINGH** | **PARAMJIT SHERGILL** | **INDERJIT KAUR** | **KULWINDER MANN** |
| +44 7458 381111, +44 7976 210161 | +44 7858 198159 | +44 7883 635835 | +44 7900 982906 |

ਚਰਨ ਸਰਨਿ ਗੁਰ ਏਕ ਪੈਡਾ ਜਾਇ ਚਲ
ਸਤਿਗੁਰ ਕੋਟਿ ਪੈਡਾ ਆਗੇ ਹੋਇ ਲੇਤ ਹੈ

ਆਵਾਜ਼ਿ ਕੌਮ AWAZE QAUM TV

# AWAZE QAUM TOURS & TRAVELS

ORGANISE

# PANJ TAKHAT YATRA

# ਪੰਜ ਤਖ਼ਤ ਦਰਸ਼ਨ ਯਾਤਰਾ

## ( FROM 15th FEB 2026 TO 25th FEB 2026 )

10 Nights 11 Days Tour From 15th Feb 2026 to 25th Feb 2026

AKAL TAKHAT SAHIB & 5 OTHER PLACES | HYDRABAD & 2 OTHER PLACES
HAZUR SAHIB & 8 OTHER GURUDWARAS | PATNA SAHIB & 5 OTHER GURUDWARA
CHANDIGARH & SUKHNA LAKE | ANANDPUR SAHIB & 4 OTHER GURUDWARAS
DAMDAMA SAHIB & 3 OTHER GURUDWARAS

- Luxury Hotel with Breakfast & Dinner
- Luxury Air-conditioned Coaches
- Domestic Flights
- Guide
- Flexibility to stay in India before & after the trip*
- Starting and Ending Point at Jalandhar

NOTE: TO BOOK DEPOSIT £600 AS AN ADVANCE INTO THE MENTIONED BANK ACCOUNT
BALANCE AMOUNT NEED TO BE DEPOSITED 2 WEEKS BEFORE THE TRAVEL DATE

Account Name
RAGHBIR SINGH
Bank Name
HALIFAX
Sort Code 11-08-07
Account Number
00516474

ADVICE

REQUEST TO ALL SANGAT TO HAVE YOUR OWN TRAVEL INSURANCE INDIVIDUALLY !

FOR MORE INFO CONTACT

RAGHBIR SINGH
(CALL +44 7458 381111, +44 7976 210161)

PARAMJIT SHERGILL +44 7858 198159
INDERJIT KAUR +44 7883 635835
KULVINDER MANN +44 7900 982906

121, BROADWAY WEST WALSALL, WEST MIDLANDS, WS1 4DW, ENGLAND UK

ਚਰਨ ਸਰਨਿ ਗੁਰ ਏਕ ਪੈਡਾ ਜਾਇ ਚਲ
ਸਤਿਗੁਰ ਕੋਟਿ ਪੈਡਾ ਆਗੇ ਹੋਇ ਲੇਤ ਹੈ

ਧੰਨ ਧੰਨ ਸਾਹਿਬ ਸ੍ਰੀ ਗੁਰੂ ਤੇਗ ਬਹਾਦਰ ਜੀ ਦੇ 350 ਸਾਲਾਂ ਸ਼ਤਾਬਦੀ ਨੂੰ ਸਮਰਪਿਤ

# ਆਵਾਜ਼ਿ-ਕੌਮ ਟੂਰ ਐਂਡ ਟਰੈਵਲਜ਼

ਵੱਲੋਂ



# ਪੰਜ ਤਖ਼ਤ ਸਾਹਿਬਾਨ

ਅਤੇ

## 32 ਤੋਂ ਵੱਧ ਹੋਰ ਇਤਿਹਾਸਕ ਗੁਰਧਾਮਾਂ ਦੀ ਯਾਤਰਾ

29 ਅਕਤੂਬਰ ਤੋਂ 8 ਨਵੰਬਰ 2025 ਅਤੇ 15 ਫਰਵਰੀ 2026 ਤੋਂ 25 ਫਰਵਰੀ 2026

ਇਸ ਯਾਤਰਾ ਦੇ ਦੌਰਾਨ ਸਿੱਖ ਗੁਰੂ ਸਾਹਿਬਾਨ ਦੀ ਚਰਨਛੋਹ ਪ੍ਰਾਪਤ 32 ਇਤਿਹਾਸਕ ਗੁਰਦੁਆਰਾ ਸਾਹਿਬਾਨ ਦੇ ਦਰਸ਼ਨ ਕਰਵਾਏ ਜਾਣਗੇ। ਇਸ ਤੋਂ ਇਲਾਵਾ ਕੁਝ ਅਜਾਇਬ ਘਰ, ਜਲ੍ਹਿਆਵਾਲਾ ਬਾਗ, ਵਾਹਗਾ ਬਾਰਡਰ ਦੀ ਰੀਟਰੀਟ ਸੇਰੇਮਨੀ ਤੇ ਹੋਰ ਇਤਿਹਸਕ ਸਥਾਨਾਂ ਦੀ ਯਾਤਰਾ ਵੀ ਕਰਵਾਈ ਜਾਵੇਗੀ।

- ਲਗਜਰੀ ਹੋਟਲਾਂ 'ਚ ਸਟੇਅ
- ਲਗਜ਼ਰੀ ਏ. ਸੀ. ਕੋਚ
- ਡੋਮੈਸਟਿਕ ਫਲਾਈਟਾਂ
- ਗਾਈਡ
- ਯਾਤਰਾਂ ਤੋਂ ਪਹਿਲਾਂ ਅਤੇ ਬਾਅਦ ਵਿੱਚ ਇੰਡੀਆ 'ਚ ਸਟੇਅ ਕੀਤਾ ਜਾ ਸਕਦਾ ਹੈ।
- ਪਹਿਲਾ ਅਤੇ ਅੰਤਿਮ ਪੜਾਅ ਜਲੰਧਰ ਵਿਖੇ।



★ ਸੰਪਰਕ ★

ਭਾਈ ਰਘਵੀਰ ਸਿੰਘ
+44 7976 210161

ਮਹਾਰਾਸ਼ਟਰ 'ਚ ਫੜਨਵੀਸ ਸਰਕਾਰ ਵੱਲੋਂ ਵਣਜਾਰਾ, ਲੁਬਾਣਾ ਅਤੇ ਸਿਕਲੀਗਰ ਸਿੱਖਾਂ ਨੂੰ ਦਿੱਤੀ ਗਈ ਮਾਨਤਾ

# ਕੇਂਦਰ ਸਰਕਾਰ ਦੇਸ਼ ਦੇ ਸਾਰੇ ਸੂਬਿਆਂ ਵਿੱਚ ਲਾਗੂ ਕਰੇ: ਪ੍ਰੋ. ਸਰਚਾਂਦ ਸਿੰਘ ਖਿਆਲਾ





**ਅੰਮ੍ਰਿਤਸਰ, 27 ਅਗਸਤ (ਆਵਾਜ਼ਿ ਕੌਮ ਬਿਊਰੋ)** - ਪੰਜਾਬ ਭਾਜਪਾ ਦੇ ਬੁਲਾਰੇ ਪ੍ਰੋ. ਸਰਚਾਂਦ ਸਿੰਘ ਖਿਆਲਾ ਨੇ ਸ਼੍ਰੀ ਗੁਰੂ ਤੇਗ. ਬਹਾਦਰ ਸਾਹਿਬ ਜੀ ਦੇ 350ਵੇਂ ਸ਼ਹੀਦੀ ਸ਼ਤਾਬਦੀ ਸਮੇਂ ਮਹਾਰਾਸ਼ਟਰ ਵਿਚ ਮੁੱਖ ਮੰਤਰੀ ਦੇਵੇਂਦਰ ਫੜਨਵੀਸ ਦੀ ਅਗਵਾਈ ਵਾਲੀ ਭਾਜਪਾ ਸਰਕਾਰ ਵੱਲੋਂ ਸਿੱਖ ਭਾਈਚਾਰੇ ਦੇ ਹੱਕ ਵਿਚ ਲਏ ਗਏ ਇਤਿਹਾਸਕ ਫ਼ੈਸਲੇ ਦਾ ਸਵਾਗਤ ਕੀਤਾ ਹੈ। ਇਸ ਫ਼ੈਸਲੇ ਅਧੀਨ ਸਿੱਖ ਕੌਮ ਦੇ ਅਟੁੱਟ ਹਿੱਸੇ ਰਹੇ ਪਰ ਸਰਕਾਰੀ ਸਹੂਲਤਾਂ ਤੋਂ ਦਹਾਕਿਆਂ ਤੱਕ ਵਾਂਝੇ ਰਹੇ ਵਣਜਾਰਾ, ਲੁਬਾਣਾ ਅਤੇ ਸਿਕਲੀਗਰ ਭਾਈਚਾਰਿਆਂ ਨੂੰ "ਭਟਕੇ ਵਿਮੁਕਤ ਜਾਤੀ" ਸ਼੍ਰੇਣੀ ਵਿੱਚ ਸ਼ਾਮਲ ਕਰਕੇ ਉਨ੍ਹਾਂ ਦੇ ਦਸਤਾਵੇਜ਼ੀਕਰਨ ਅਤੇ ਸਰਕਾਰੀ ਸੁਵਿਧਾਵਾਂ ਦੇ ਦਰਵਾਜ਼ੇ ਖੋਲ੍ਹੇ ਗਏ ਹਨ। ਪ੍ਰੋ. ਖਿਆਲਾ ਨੇ ਇਸ ਮੌਕੇ ਦਮਦਮੀ ਟਕਸਾਲ ਦੇ ਮੁਖੀ ਸੰਤ ਗਿਆਨੀ ਹਰਨਾਮ ਸਿੰਘ ਖ਼ਾਲਸਾ ਅਤੇ ਮਹਾਰਾਸ਼ਟਰ ਸਿੱਖ ਸਮਾਜ ਤਾਲਮੇਲ ਕਮੇਟੀ ਦੇ ਮੁਖੀ ਭਾਈ ਜਸਪਾਲ ਸਿੰਘ ਸਿੱਧੂ ਦੀ ਵਿਸ਼ੇਸ਼ ਤੌਰ 'ਤੇ ਸ਼ਲਾਘਾ ਕੀਤੀ।

ਉਨ੍ਹਾਂ ਕਿਹਾ ਕਿ ਇਹ ਉਨ੍ਹਾਂ ਹੀ ਆਗੂਆਂ ਦੇ ਲਗਾਤਾਰ ਯਤਨਾਂ ਦਾ ਨਤੀਜਾ ਹੈ ਕਿ ਮਹਾਰਾਸ਼ਟਰ ਵਿਚ ਸਿੱਖ ਸਮਾਜ ਦੇ ਉਹਨਾਂ ਮਸਲਿਆਂ ਨੂੰ ਪ੍ਰਮੁੱਖਤਾ ਮਿਲੀ ਜਿਨ੍ਹਾਂ ਨੂੰ ਪਿਛਲੀਆਂ ਸਰਕਾਰਾਂ ਨੇ ਹਮੇਸ਼ਾ ਨਜ਼ਰਅੰਦਾਜ਼ ਕੀਤਾ। ਉਨ੍ਹਾਂ ਕਿਹਾ ਕਿ ਸ਼੍ਰੀ ਫੜਨਵੀਸ ਦੀ ਦੂਰਦਰਸ਼ੀ ਸੋਚ ਅਤੇ ਦ੍ਰਿੜ੍ਹ ਕਾਰਵਾਈ ਨਾਲ ਘੱਟ ਪ੍ਰਤੀਨਿਧਤਾ ਵਾਲੇ ਇਹ ਭਾਈਚਾਰੇ ਆਖ਼ਰਕਾਰ ਉਸ ਹੱਕ ਤੱਕ ਪਹੁੰਚੇ ਹਨ ਜੋ ਉਨ੍ਹਾਂ ਨੂੰ ਦਹਾਕਿਆਂ ਪਹਿਲਾਂ ਮਿਲਣਾ ਚਾਹੀਦਾ ਸੀ। ਹੁਣ ਪੰਚਾਇਤ ਪੱਧਰ 'ਤੇ ਜਾਤੀ ਸਰਟੀਫਿਕੇਟ ਪ੍ਰਾਪਤ ਕਰਨ ਦੀ ਸਹੂਲਤ ਨਾਲ ਇਨ੍ਹਾਂ ਭਾਈਚਾਰਿਆਂ ਦੇ ਬੱਚਿਆਂ ਨੂੰ ਸਿੱਖਿਆ, ਰਿਹਾਇਸ਼, ਰੁਜ਼ਗਾਰ ਅਤੇ ਭਲਾਈ ਯੋਜਨਾਵਾਂ ਵਿੱਚ ਬਰਾਬਰ ਦੇ ਮੌਕੇ ਮਿਲਣ ਦਾ ਰਾਹ ਪਧਰਾ ਹੋ ਗਿਆ ਹੈ। ਉਨ੍ਹਾਂ ਨੇ ਸਿੱਖਾਂ ਪ੍ਰਤੀ ਮਹਾਰਾਸ਼ਟਰ ਮਾਡਲ ਨੂੰ ਮੱਧ ਪ੍ਰਦੇਸ਼, ਝਾਰਖੰਡ ਸਮੇਤ ਸਾਰੇ ਰਾਜਾਂ ਵਿੱਚ ਫੈਲਾਉਣ ਤੇ ਲਾਗੂ ਕਰਨ ਦੀ ਕੇਂਦਰ ਸਰਕਾਰ ਤੋਂ ਮੰਗ ਕੀਤੀ ਹੈ, ਤਾਂ ਜੋ ਇਹਨਾਂ ਨਾਨਕਨਾਮ ਲੇਵਾ ਗ.ਰੀਬ ਸਿੱਖਾਂ ਨੂੰ ਦੇਸ਼ ਭਰ ਵਿੱਚ ਇਕਸਾਰ ਨਿਆਂ ਅਤੇ ਹੱਕ ਮਿਲ ਸਕਣ। ਪ੍ਰੋ. ਖਿਆਲਾ ਨੇ ਇਸ ਫ਼ੈਸਲੇ ਦੀ ਇਤਿਹਾਸਕ ਅਹਿਮੀਅਤ ਬਿਆਨ ਕਰਦਿਆਂ ਕਿਹਾ ਕਿ ਗੁਰੂ ਤੇਗ. ਬਹਾਦਰ ਸਾਹਿਬ ਜੀ ਦੀ ਸ਼ਹਾਦਤ ਤੋਂ ਬਾਅਦ ਇਹੀ ਵਣਜਾਰਾ, ਲੁਬਾਣਾ ਅਤੇ ਸਿਕਲੀਗਰ ਸਿੱਖ ਮੁਗ.ਲ ਹਕੂਮਤ ਵੱਲੋਂ ਬੇਘਰ-ਬੇਆਸਰਾ ਕਰ ਦਿੱਤੇ ਗਏ ਸਨ। ਵਣਜਾਰੇ ਅਤੇ ਲੁਬਾਣੇ ਕਦੇ ਵੱਡੇ ਵਪਾਰੀ ਸਨ, ਪਰ ਸਿੱਖੀ ਨੂੰ ਨਾ ਤਿਆਗਣ ਦੀ ਕੀਮਤ ਉਨ੍ਹਾਂ ਨੇ ਆਪਣਾ ਰਾਜ, ਦੌਲਤ ਅਤੇ ਜੀਵਨ ਸੁਖ ਗਵਾ ਕੇ ਚੁਕਾਈ। ਉਸ ਤੋਂ ਬਾਅਦ ਇਹ ਲੋਕ ਜੰਗਲਾਂ ਅਤੇ ਬੇਲਿਆਂ ਵਿਚ ਭਟਕਦੇ ਰਹੇ। ਅੱਜ ਵੀ ਇਹ ਨਾਨਕਪੰਥੀ ਭਾਈਚਾਰੇ ਝੁੱਗੀਆਂ-ਝੌਂਪੜੀਆਂ ਵਿਚ ਗ.ਰੀਬੀ ਰੇਖਾ ਤੋਂ ਹੇਠਾਂ ਜੀਵਨ ਗੁਜ਼ਾਰਨ ਲਈ ਮਜਬੂਰ ਹਨ। ਨਾ ਉਨ੍ਹਾਂ ਨੂੰ ਰਹਿਣ ਵਾਸਤੇ ਜ਼ਮੀਨ ਮਿਲੀ, ਨਾ ਘਰ ਅਲਾਟ ਹੋਏ ਅਤੇ ਸਰਕਾਰੀ ਸਹੂਲਤਾਂ। ਫਿਰ ਵੀ, ਸਿੱਖੀ ਦੇ ਸਿਧਾਂਤਾਂ ਨਾਲ ਉਨ੍ਹਾਂ ਦੀ ਲਗਨ ਅਤੇ ਪ੍ਰਣ ਅਟੁੱਟ ਹਨ, ਅਤੇ ਸਿੱਖੀ ਦੀ ਆਤਮਿਕ ਤਾਕਤ ਅੱਜ ਵੀ ਉਨ੍ਹਾਂ ਵਿਚ ਜੀਵਤ ਹੈ। ਇਸ ਭੁੱਲੇ-ਬਿਸਰੇ ਸਿੱਖ ਭਾਈਚਾਰੇ ਦੀ ਬਾਂਹ ਫੜਨ ਦੀ ਪਹਿਲਕਦਮੀ ਮਹਾਰਾਸ਼ਟਰ ਦੇ ਭਾਜਪਾ ਮੁੱਖ ਮੰਤਰੀ ਸ਼੍ਰੀ ਦੇਵੇਂਦਰ ਫੜਨਵੀਸ ਨੇ ਕੀਤੀ ਹੈ, ਜੋ ਸਿੱਖ ਇਤਿਹਾਸ ਵਿਚ ਇਕ ਸੁਨਹਿਰੇ ਅੱਖਰਾਂ ਨਾਲ ਲਿਖੀ ਜਾਵੇਗੀ।

**☛ ਮਹਾਰਾਸ਼ਟਰ ਸਿੱਖ ਸਮਾਜ ਤਾਲਮੇਲ ਕਮੇਟੀ ਦੇ ਆਗੂ ਜਸਪਾਲ ਸਿੰਘ ਸਿੱਧੂ ਦੇ ਉੱਦਮ ਸ਼ਲਾਘਾਯੋਗ: ਪ੍ਰੋ. ਖਿਆਲਾ। ☛ ਦਿੱਲੀ ਦੀ ਸ੍ਰੀਮਤੀ ਰੇਖਾ ਗੁਪਤਾ ਸਰਕਾਰ ਅਤੇ ਹਰਿਆਣਾ ਦੀ ਨਾਇਬ ਸਿੰਘ ਸੈਣੀ ਸਰਕਾਰ ਵੱਲੋਂ ਨਵੰਬਰ 1984 ਦੇ ਸਿੱਖ ਕਤਲੇਆਮ ਨਾਲ ਪੀੜਤ ਪਰਿਵਾਰਾਂ ਨੂੰ ਸਰਕਾਰੀ ਨੌਕਰੀਆਂ ਦੇਣ ਦੇ ਇਤਿਹਾਸਕ ਕਦਮ ਨੂੰ ਵੀ ਸਰਾਹਿਆ।**

ਇਸੇ ਨਾਲ ਪ੍ਰੋ. ਖਿਆਲਾ ਨੇ ਮਹਾਰਾਸ਼ਟਰ ਦੀ ਭਾਜਪਾ ਸਰਕਾਰ ਵੱਲੋਂ ਮੁੰਬਈ ਤੋਂ ਸੱਚਖੰਡ ਤਖ਼ਤ ਸ੍ਰੀ ਹਜ਼ੂਰ ਸਾਹਿਬ ਤਕ ਵੰਦੇ ਭਾਰਤ ਰੇਲ ਗੱਡੀ ਦੀ ਸ਼ੁਰੂਆਤ 'ਤੇ ਵੀ ਪੂਰੇ ਸਿੱਖ ਸਮਾਜ ਨੂੰ ਵਧਾਈ ਦਿੱਤੀ। ਇਸ ਤੋਂ ਇਲਾਵਾ, ਉਨ੍ਹਾਂ ਦਿੱਲੀ ਵਿੱਚ ਸ੍ਰੀਮਤੀ ਰੇਖਾ ਗੁਪਤਾ ਦੀ ਭਾਜਪਾ ਸਰਕਾਰ ਅਤੇ ਹਰਿਆਣਾ ਵਿੱਚ ਨਾਇਬ ਸਿੰਘ ਸੈਣੀ ਦੀ ਸਰਕਾਰ ਵੱਲੋਂ ਨਵੰਬਰ 1984 ਦੇ ਸਿੱਖ ਕਤਲੇਆਮ ਨਾਲ ਪੀੜਤ ਕ੍ਰਮਵਾਰ 250 ਅਤੇ 121 ਪਰਿਵਾਰਾਂ ਨੂੰ ਸਰਕਾਰੀ ਨੌਕਰੀਆਂ ਦੇਣ ਦੇ ਇਤਿਹਾਸਕ ਕਦਮ ਨੂੰ ਵੀ ਸਰਾਹਿਆ। ਉਨ੍ਹਾਂ ਕਿਹਾ ਕਿ ਦੇਰ ਨਾਲ ਹੀ ਸਹੀ, ਪਰ ਭਾਜਪਾ ਸਰਕਾਰਾਂ ਵੱਲੋਂ ਉਠਾਇਆ ਗਿਆ ਇਹ ਕਦਮ ਨਿਆਂ, ਪੁਨਰਵਾਸ ਅਤੇ ਮਨੁੱਖੀ ਸੰਵੇਦਨਸ਼ੀਲਤਾ ਦਾ ਜੀਵਤ ਪ੍ਰਤੀਕ ਹੈ। ਦੂਜੇ ਪਾਸੇ, ਪ੍ਰੋ. ਖਿਆਲਾ ਨੇ ਪੰਜਾਬ ਸਰਕਾਰ ਦੀ ਤਿੱਖੀ ਆਲੋਚਨਾ ਕਰਦਿਆਂ ਕਿਹਾ ਕਿ ਵੱਡੇ-ਵੱਡੇ ਦਾਅਵਿਆਂ ਅਤੇ ਭਾਸ਼ਣਾਂ ਦੇ ਬਾਵਜੂਦ, ਪੰਜਾਬ ਦੀ ਸਰਕਾਰ ਅਜੇ ਤੱਕ ਸਿੱਖ ਭਾਈਚਾਰੇ ਦੇ ਇਹੋ ਜਿਹੇ ਸੰਵੇਦਨਸ਼ੀਲ ਮਸਲਿਆਂ 'ਤੇ ਕੋਈ ਸਾਰਥਕ ਕਦਮ ਚੁੱਕਣ ਵਿੱਚ ਨਾਕਾਮ ਰਹੀ ਹੈ। ਉਨ੍ਹਾਂ ਕਿਹਾ ਕਿ ਸੱਚੀ ਲੀਡਰਸ਼ਿਪ ਸਿਰਫ਼ ਸ਼ਬਦਾਂ ਨਾਲ ਨਹੀਂ, ਸਗੋਂ ਅਮਲੀ ਕਾਰਵਾਈ ਨਾਲ ਦਿਖਾਈ ਦਿੰਦੀ ਹੈ।

# ਵੱਖ ਵੱਖ ਪਿੰਡਾਂ ਵਿੱਚ ਜਾਕੇ ਕੇਦਰ ਵੱਲੋਂ ਰਾਸਨ ਕਾਰਡ ਕੱਟਣ ਤੇ ਲੋਕਾਂ ਨੂੰ ਜਾਗਰੂਕ ਕੀਤਾ



**ਚੌਕ ਮਹਿਤਾ, 27 ਅਗਸਤ ( ਬਾਬਾ ਸੁਖਵੰਤ ਸਿੰਘ ਚੰਨਣਕੇ )**-ਪੰਜਾਬ ਦੇ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਅਤੇ ਮਜੀਠਾ ਹਲਕਾ ਇੰਚਾਰਜ ਤਲਬੀਰ ਸਿੰਘ ਗਿੱਲ ਦੇ ਦਿਸਾ ਨਿਰਦੇਸ਼ ਅਨੁਸਾਰ ਆਮ ਆਦਮੀ ਪਾਰਟੀ ਦੇ ਅਹੁਦੇਦਾਰਾਂ ਦੀ ਲਗਾਈ ਗਈ ਡਿਉਟੀ ਅਨੁਸਾਰ ਪ੍ਰਭਾਰੀ ਡਾ, ਨਿਸ਼ਾਨ ਸਿੰਘ ਅਰਜਨ ਮਾਗਾ ਅਤੇ ਪ੍ਰਭਾਰੀ ਰਵਿੰਦਰ ਸਿੰਘ ਵੱਲੋਂ ਵੱਖ ਵੱਖ ਪਿੰਡਾਂ ਵਿੱਚ ਜਾਕੇ ਕੇਦਰ ਸਰਕਾਰ ਵੱਲੋਂ ਕੇ ਵਾਈ ਸੀ ਬਹਾਨਾ ਬਣਾ ਕੇ ਰਾਸਨ ਕਾਰਡ ਕੱਟਣ ਦੀ ਸਾਜਿਸ਼ ਵਿਰੁੱਧ ਆਮ ਲੋਕਾਂ ਨੂੰ ਜਾਗਰੂਕ ਕੀਤਾ ਗਿਆ ।ਉਨ੍ਹਾਂ ਨੇ ਪਿੰਡ ਬੱਠੂਚੱਕ, ਸਿਆਲਾਕਾ, ਕੋਟਲੀ ਢੋਲੇਸਾਹ, ਕਾਦਰਾਬਾਦ ਖੁਰਦ, ਲਛਮਣ ਦੀ ਮਾੜੀ, ਕੋਟਲੀ ਢੋਲੇਸਾਹ, ਸਰਹਾਲਾ ਆਦਿ ਹੋਰ ਵੀ ਕਾਫ਼ੀ ਪਿੰਡਾਂ ਵਿੱਚ ਜਾਕੇ ਲੋਕਾਂ ਨੂੰ ਜਾਗਰੂਕ ਕੀਤਾ।

# ਏਕ ਨੂਰ ਸਵੈ ਸੇਵੀ ਸੰਸਥਾ ਦੇ ਚੇਅਰਮੈਨ ਸਰਦਾਰ ਇੰਦਰਜੀਤ ਸਿੰਘ ਵਾਰੀਆ ਵੱਲੋਂ ਜਨਤਕ ਅਪੀਲ



ਪਿਛਲੇ ਕੁਝ ਦਿਨਾਂ ਤੋਂ ਪੂਰੇ ਉਤਰੀ ਭਾਰਤ ਵਿਚ, ਫਿਰ ਤੋਂ ਮਾਨਸੂਨ ਸਰਗਰਮ ਹੋ ਗਈ ਹੈ। ਜੇਕਰ ਹਿਮਾਚਲ ਪ੍ਰਦੇਸ਼, ਉਤਰਾਖੰਡ ਅਤੇ ਜੰਮੂ ਕਸ਼ਮੀਰ ਦੀ ਗਲ ਕਰਾਂ ਤਾਂ ਤਾਂਡਵ ਮਚਾਇਆ ਹੋਇਆ ਹੈ ਮੌਸਿਮ ਦੇ ਹਲਾਤਾਂ ਨੇ। ਇਹਨਾਂ ਸੂਬਿਆਂ ਵਿਚ ਤਾਂ ਲੋਕਾਂ ਨੇ ਮਾਲੀ ਨੁਕਸਾਨ ਦੇ ਨਾਲ ਨਾਲ ਜਾਨੀ ਨੁਕਸਾਨ ਵੀ ਬੁਹਤ ਉਠਾਇਆ ਹੈ। ਜੇਕਰ ਉਤਰਾਖੰਡ ਦੇ ਧਰਾਲੀਂ ਸ਼ਹਿਰ ਦੀ ਗਲਾ ਕਰਾਂ ਤਾਂ ਸ਼ਾਮ ਨੂੰ ਇਸ ਸ਼ਹਿਰ ਦੀ ਰੋਣਕ ਵੇਖਿਆ ਹੀ ਬਣਦੀ ਸੀ ਪਰ ਕੁਝ ਘੰਟਿਆਂ ਬਾਅਦ ਇਸ ਕਸਬੇ ਦਾ ਨਾਮੋਂ ਨਿਸ਼ਾਂਨ ਹੀ ਮਿੱਟੀ ਹੋ ਗਿਆ। ਇਸ ਤੋਂ ਬਾਅਦ ਕੁੱਲੂ ਮਨਾਲੀ,ਅਤੇ ਕਠੂਆ ਵਰਗੇ ਸ਼ਹਿਰਾਂ ਦਾ ਵੀ ਇਹੋ ਹਾਲ ਹੋਇਆ ਹੈ। ਇਕ ਗਲ ਤਾਂ ਸਪਸ਼ਟ ਹੈ ਕਿ ਜੇਕਰ ਇਨਸਾਨ ਕੁਦਰਤੀ ਵਿਧਾਨ ਵਿਚ ਬੇਲੋੜੀ ਦਖ਼ਲ ਅੰਦਾਜ਼ੀ ਕਰੇਗਾ ਤਾਂ ਪ੍ਰਣਾਮ ਇਹੋ ਜਿਹੇ ਹੀ ਹੋਣਗੇ ਚਲੋ ਵਾਹਿਗੁਰੂ ਕਿਰਪਾ ਕਰੇ। ਹੁਣ ਗੱਲ ਕਰਦੇ ਹਾਂ ਆਪਣੇ ਪੰਜਾਬ ਦੀ ।ਜਦੋਂ ਹਿਮਾਚਲ ਪ੍ਰਦੇਸ਼ ਵਿਚ ਭਾਰੀ ਮੀਂਹ ਪੈਂਦਾ ਹੈ ਤਾਂ ਇਸ ਨਾਲ ਬਿਆਸ,ਰਾਵੀ ਅਤੇ ਸਤਲੁਜ ਦਰਿਆਵਾਂ ਵਿਚ ਪਾਣੀ ਦਾ ਪੱਧਰ ਵਧਣਾ ਸ਼ੁਰੂ ਹੋ ਜਾਂਦਾ ਹੈ ਉਤੋਂ ਮਾਨਸੂਨ ਦਾ ਸਰਗਰਮ ਹੋਣਾ ਹਲਾਤਾਂ ਨੂੰ ਹੋਰ ਵੀ ਬਦਤਰ ਬਣਾ ਦਿੰਦਾ ਹੈ। ਇਸ ਵਕਤ ਪੰਜਾਬ ਵਿਚੋਂ ਲੰਘਣ ਵਾਲੇ ਇਹਨਾ ਤਿੰਨੋਂ ਦਰਿਆਵਾਂ ਦਾ ਪਾਣੀ ਪੰਜਾਬ ਲਈ ਵੱਡਾ ਖਤਰਾ ਬਣਿਆ ਹੋਇਆ ਹੈ। ਭਾਵੇਂ ਪੰਜਾਬ ਦੇ ਬਹਾਦਰ ਲੋਕ ਇਸ ਕੁਦਰਤੀ ਮਸੀਬਤ ਦਾ ਡੱਟ ਕੇ ਮੁਕਾਬਲਾ ਕਰ ਰਹੇ ਹਨ ਪਰ ਦੂਰ ਦੁਰੇਡੇ ਵਸੇ ਪੰਜਾਬੀ ਇਸ ਵਕਤ ਵੱਡੀ ਮਾਰ ਹੇਠ ਹਨ। ਨੀਵੇਂ ਇਲਾਕਿਆਂ ਵਿਚ ਪਾਣੀ ਭਰ ਗਿਆ ਹੈ। ਛੱਪੜ, ਨਾਲੇ ਅਤੇ ਨਹਿਰਾਂ ਡੱਕੋ ਡੱਕ ਭਰ ਕੇ ਚਲ ਰਹੇ ਹਨ। ਪਾਣੀ ਘਰਾਂ ਵਿਚ ਵੜ ਗਿਆ ਹੈ। ਕੁਝ ਇਲਾਕਿਆਂ ਵਿਚ ਤਾਂ ਘਰਾਂ ਦੀਆਂ ਛੱਤਾਂ ਵੀ ਡਿਗੀਆਂ ਹਨ ।ਇਥੋਂ ਤੱਕ ਕਿ ਪੱਕੇ ਮਕਾਨਾਂ ਦੀਆ ਛੱਤਾਂ ਵੀ ਚੋਣ ਲਗ ਪਈਆਂ ਹਨ। ਅਜਿਹੇ ਹਲਾਤਾਂ ਤੇ ਚੱਲਦਿਆਂ ਕੰਧਾਂ ਵਿਚ ਕਰੰਟ ਆਉਣ ਵਰਗੀਆਂ ਘਟਨਾਵਾਂ ਵੀ ਵਾਪਰ ਸਕਦੀਆਂ ਹਨ। ਸ ਹਰਪ੍ਰੀਤ ਸਿੰਘ ਖਾਲਸਾ ,ਯੂ. ਏ ਈ ,ਵਲੋਂ ਵੀ ਇਕ ਪੋਸਟ ਸਾਂਝੀ ਕਰ ਕੇ ਸਤਰਕ ਕੀਤਾ ਗਿਆ ਸੀ। ਮੈਂ ਸੰਸਥਾ ਰੂਪੀ ਪਰਿਵਾਰ ਦੇ ਸਮੂਹ ਸੇਵਾਦਾਰਾਂ ਨੂੰ ਅਪੀਲ ਕਰਦਾ ਹਾਂ ਕਿ ਇਸ ਮੌਸਮ ਤੇ ਚਲਦਿਆਂ ਦੂਰ ਦੁਰੇਡੇ ਜਾਣ ਵਾਲੇ ਆਪਣੇ ਪ੍ਰੋਗਰਾਮਾਂ ਨੂੰ ਜੇ ਹੋ ਸਕਦਾ ਹੋਵੇ ਤਾਂ ਮਨਸੂਖ ਕਰ ਦਿੱਤਾ ਜਾਵੇ। ਪਾਣੀ ਨਾਲ ਭਰੇ ਨੀਵੇਂ ਅਤੇ ਅਣਜਾਣ ਥਾਵਾਂ ਤੋਂ ਨਾ ਗੁਜ਼ਿਰਆ ਜਾਵੇ। ਇਹ ਸੁਝਾਅ ਆਪਣੇ ਨਜ਼ਦੀਕੀ ਪਰਿਵਾਰਾਂ ਨਾਲ ਵੀ ਸਾਂਝਾ ਕਰ ਲਿਆ ਜਾਵੇ। ਇਸ ਔਖੀ ਘੜੀ ਵਿਚ ਜੇਕਰ ਆਪਣੇ ਗੁਆਂਢੀ ਨੂੰ ਕੋਈ ਦਿਕਤ ਪੇਸ਼ ਆ ਰਹੀ ਹੈ ਤਾਂ ਉਸਦੀ ਮਦਦ ਜ਼ਰੂਰੀ ਕੀਤੀ ਜਾਵੇ। ਵੈਸੇ ਤਾਂ ਮੌਸਮ ਸੁਖਾਵੀਂ ਕਰਵਟ ਲੈ ਰਿਹਾ ਹੈ ਪਰ ਫਿਰ ਵੀ ਚੌਕੰਨੇ ਰਹਿਣ ਦੀ ਜ਼ਰੂਰਤ ਹੈ। ਆਪਣਾ , ਆਪਣੇ ਪਰਿਵਾਰਾਂ ਦਾ ਖਿਆਲ ਰੱਖਣ ਦੇ ਨਾਲ ਨਾਲ ਆਪਣੇ ਨਜ਼ਦੀਕੀਆ ਦਾ ਵੀ ਹਾਲ ਚਾਲ ਪੁੱਛ ਲਿਆ ਜਾਵੇ। ਤੇ ਧਿਆਨ ਰੱਖਣਾਂ ਜੀ ਧੰਨਵਾਦ ਸਹਿਤ ਜੀ

**-ਚੇਅਰਮੈਨ ਸਰਦਾਰ ਇੰਦਰਜੀਤ ਸਿੰਘ ਵਾਰੀਆ**

# ਤਕਨੀਕ ਦੇ ਯੁੱਗ ਵਿੱਚ ਮਨੁੱਖਤਾ ਦੀ ਅਸਲੀ ਦੌਲਤ

**ਅੱਜ ਦੇ ਜੀਵਨ** ਨੂੰ ਦੇਖ ਕੇ ਕਈ ਵਾਰੀ ਇਹ ਸੋਚਿਆ ਜਾਂਦਾ ਹੈ ਕਿ ਅਸੀਂ ਕਿਸ ਰਾਹ 'ਤੇ ਚੱਲ ਰਹੇ ਹਾਂ। ਇਹ ਦੁਨੀਆਂ ਜਿੱਥੇ ਹਰ ਚੀਜ਼ ਤਕਨੀਕ ਅਤੇ ਜ਼ਮੀਨੀ ਹਕੀਕਤਾਂ ਨਾਲ ਬਦਲ ਰਹੀ ਹੈ, ਉੱਥੇ ਮਨੁੱਖੀ ਜਜ਼ਬਾਤ ਅਤੇ ਰਿਸ਼ਤੇ ਪਿੱਛੇ ਰਹਿ ਰਹੇ ਹਨ। ਮੋਬਾਈਲ ਫੋਨ, ਇੰਟਰਨੈੱਟ ਅਤੇ ਸੋਸ਼ਲ ਮੀਡੀਆ ਨੇ ਸਾਡੇ ਸੰਪਰਕ ਦਾ ਢੰਗ ਬਦਲ ਦਿੱਤਾ ਹੈ। ਲੋਕਾਂ ਨੂੰ ਅੰਦਰੋਂ ਖਾਲੀ ਅਤੇ ਇਕੱਲਾ ਕਰ ਦਿੱਤਾ ਹੈ। ਅੱਜ ਸਾਨੂੰ ਕੋਈ ਫਰਕ ਨਹੀਂ ਪੈ ਰਿਹਾ ਕਿ ਅਸੀਂ ਆਪਣੇ ਨੇੜੇ ਬੈਠੇ ਵਿਅਕਤੀ ਨਾਲ ਗੱਲ ਕਰਨ ਦੀ ਥਾਂ ਸਕ੍ਰੀਨ ਦੇ ਪਿੱਛੇ ਖੋਏ ਹੋਏ ਹਾਂ। ਮਨੁੱਖੀ ਦੁਕਾਨਾਂ, ਦਫਤਰਾਂ, ਰੈਸਟੋਰੈਂਟਾਂ ਵਿੱਚ ਹਰ ਕੋਈ ਇਕੱਲਾ ਇਕੱਲਾ ਸੋਸ਼ਲ ਮੀਡੀਆ ਵਿੱਚ ਡੁੱਬਿਆ ਹੋਇਆ ਹੈ। ਅੱਜ ਜਦ ਇਹ ਸੋਚਾਂ ਮਨੁੱਖ ਦੇ ਮਨ ਵਿੱਚ ਉਠਦੀਆਂ ਹਨ ਤਾਂ ਸਵਾਲ ਖੜਾ ਹੁੰਦਾ ਹੈ ਕਿ "ਕੀ ਜੀਵਨ ਦਾ ਮਤਲਬ ਸਿਰਫ਼ ਤਕਨੀਕੀ ਤਰੱਕੀ ਅਤੇ ਮਾਦੀ ਜ਼ਰੂਰਤਾਂ ਨੂੰ ਪੂਰਾ ਕਰਨਾ ਹੈ?" ਜਵਾਬ ਨਹੀਂ। ਇਸ ਤੇਜ਼ ਅਤੇ ਮੁਕਾਬਲੇ ਵਾਲੇ ਯੁੱਗ ਵਿੱਚ ਅਸੀਂ ਜ਼ਿਆਦਾਤਰ ਆਪਣੇ ਆਪ ਨੂੰ ਦੂਜਿਆਂ ਨਾਲ ਤੁਲਨਾ ਕਰਦੇ ਰਹਿੰਦੇ ਹਾਂ। ਕਿਸ ਨੇ ਮਹਿੰਗੀ ਕਾਰ ਖਰੀਦੀ, ਕਿਸ ਕੋਲ ਜਿਆਦਾ ਜ਼ਮੀਨ ਹੈ, ਕਿਸ ਨੇ ਵਧੀਆ ਛੁੱਟੀਆਂ ਮਨਾਈਆਂ ਆਦਿ ਆਦਿ। ਇਹ ਦਿਖਾਵਾ ਸਾਡੇ ਮਨ ਨੂੰ ਸਮੇਂ ਨਾਲ ਸਾਂਝਾ ਕਰਦਾ ਹੈ, ਪਰ ਅਕਸਰ ਅਸੀਂ ਇਸ ਦਿਖਾਵੇ ਵਿੱਚ ਖੁਸ਼ੀ ਲੱਭਣ ਦੀ ਕੋਸ਼ਿਸ਼ ਕਰਦੇ ਹਾਂ ਜੋ ਅਸਲ ਵਿੱਚ ਪੈਦਾ ਹੀ ਨਹੀਂ ਹੁੰਦੀ। ਖੁਸ਼ੀ ਦੇ ਬੀਜ ਤਾਂ ਅਸੀਂ ਆਪਣੇ ਮਨ ਵਿੱਚ ਬੀਜਣੇ ਹੁੰਦੇ ਹਨ, ਪਰ ਦਰਦ ਅਤੇ ਤਣਾਅ ਤੋਂ ਬਾਅਦ ਹੀ ਇਹ ਖੁਸ਼ੀ ਦੁਬਾਰਾ ਜਾਗਦੀ ਹੈ। ਅਸਲੀ ਖੁਸ਼ੀ ਉਹੀ ਹੈ ਜੋ ਛੋਟੀਆਂ-ਛੋਟੀਆਂ ਗੱਲਾਂ ਵੱਲ ਧਿਆਨ ਦੇ ਕੇ ਮਿਲਦੀ ਹੈ—ਜਿਵੇਂ ਪਰਿਵਾਰ ਨਾਲ ਗੁਜ਼ਾਰਿਆ ਸਮਾਂ, ਕਿਸੇ ਦੋਸਤ ਦੀ ਖੁਸ਼ੀ ਵਿੱਚ ਸ਼ਾਮਿਲ ਹੋਣਾ, ਜਾਂ ਕਿਸੇ ਸਹਾਇਤਾ ਮੰਗਣ ਵਾਲੇ ਲਈ ਹੋਣ ਦੀ ਭਾਵਨਾ।




ਇਹ ਉਹ ਮਿਠਾਸ ਹੈ ਜੋ ਕਿਸੇ ਵੀ ਦੌਲਤ ਤੋਂ ਕਈ ਗੁਣਾ ਵੱਧ ਹੁੰਦੀ ਹੈ। ਸਾਡੇ ਸੰਸਕਾਰ ਅਤੇ ਪਰੰਪਰਾਵਾਂ ਵਿੱਚ ਸਦਾ ਹੀ ਰਿਸ਼ਤਿਆਂ ਨੂੰ ਸਭ ਤੋਂ ਉੱਚਾ ਦਰਜਾ ਮਿਲਿਆ ਹੈ। ਪਰ ਆਧੁਨਿਕ ਜ਼ਿੰਦਗੀ ਦੀ ਦੌੜ ਵਿੱਚ ਅਸੀਂ ਆਪਣੇ ਘਰਾਂ ਅਤੇ ਦਿਲਾਂ ਨੂੰ ਖਾਲੀ ਮਹਿਸੂਸ ਕਰ ਰਹੇ ਹਾਂ। ਕੋਈ ਨਵਾਂ ਘਰ, ਵੱਡੀ ਕਾਰ ਜਾਂ ਵਧੀਆ ਪੁਜੀਸ਼ਨ ਤਾਂ ਲੋਕ ਪਾ ਲੈਂਦੇ ਹਨ ਪਰ ਉਹਨਾਂ ਦੇ ਰਿਸ਼ਤੇ ਕਈ ਵਾਰੀ ਟੁੱਟ ਜਾਂਦੇ ਹਨ। ਹੋਰਾਂ ਦੀ ਮਦਦ ਕਰਨ, ਸਮਾਜ ਦੇ ਕੰਮਾਂ ਵਿੱਚ ਭਾਗ ਲੈਣ ਅਤੇ ਇਕੱਠੇ ਰਹਿਣ ਦਾ ਸੱਚਾ ਸੁੰਦਰ ਅਹਿਸਾਸ, ਸੁੰਨੇ ਦਿਲ ਨੂੰ ਭੁੱਲਣ ਵਿੱਚ ਸਹਾਇਕ ਹੁੰਦਾ ਹੈ। ਜਦੋਂ ਅਸੀਂ ਕਿਸੇ ਦੀ ਮੁਸ਼ਿਕਲ ਘੜੀ ਵਿੱਚ ਉਸ ਦਾ ਸਾਥ ਦਿੰਦੇ ਹਾਂ, ਕਿਸੇ ਗਰੀਬ ਨੂੰ ਆਪਣੇਪਨ ਦਾ ਅਹਿਸਾਸ ਦਿਵਾਉਂਦੇ ਹਾਂ, ਜਾਂ ਕਿਸੇ ਬੁਜ਼ੁਰਗ ਨਾਲ ਪਿਆਰ ਭਰਿਆ ਰਿਸ਼ਤਾ ਬਣਾਉਂਦੇ ਹਾਂ, ਤਦ ਸਾਨੂੰ ਅੰਦਰੋਂ ਅਜਿਹਾ ਸਕੂਨ ਮਿਲਦਾ ਹੈ, ਜਿਸਨੂੰ ਸ਼ਬਦਾਂ ਵਿੱਚ ਵਰਨਣ ਕਰਨਾ ਮੁਸ਼ਕਲ ਹੈ। ਅਸੀਂ ਅਕਸਰ ਸੋਚਦੇ ਹਾਂ ਕਿ ਜੇ ਜ਼ਿੰਦਗੀ ਵਿੱਚ ਵੱਡੀ ਕਾਮਯਾਬੀ ਲੈ ਆਈਏ, ਤਾਂ ਖੁਸ਼ੀ ਮਿਲੇਗੀ। ਪਰ ਸੱਚਾਈ ਕੁਝ ਹੋਰ ਹੀ ਹੈ। ਅਸਲ ਖੁਸ਼ੀ ਉਸ ਵੇਲੇ ਮਿਲਦੀ ਹੈ, ਜਦ ਅਸੀਂ ਆਪਣੀ ਜ਼ਿੰਦਗੀ ਦੀਆਂ ਛੋਟੀਆਂ ਛੋਟੀਆਂ ਖੁਸ਼ੀਆਂ ਨੂੰ ਗੰਭੀਰਤਾ ਨਾਲ ਲੈਂਦੇ ਹਾਂ। ਇਕ ਛੋਟੀ ਮੁਸਕਾਨ, ਇੱਕ ਪ੍ਰਕਿਰਤੀ ਦਾ ਸੁੰਦਰ ਦ੍ਰਿਸ਼, ਆਪਣੇ ਵਲੋਂ ਪਿਆਰ ਭਰੀ ਗੱਲ, ਇਹ ਸਾਰੇ ਰੰਗ ਹਨ ਜੋ ਮਨੁੱਖੀ ਜੀਵਨ ਨੂੰ ਖਿਲਾਰਦੇ ਹਨ। ਜਿਵੇਂ ਕਿ ਕੋਈ ਜੇਲ੍ਹ ਵਿੱਚ ਕੈਦੀ ਆਪਣੀ ਆਜ਼ਾਦੀ ਦੀ ਭਾਵਨਾ ਦੇਖਦਾ ਹੈ, ਓਸੇ ਤਰ੍ਹਾਂ ਅਸੀਂ ਵੀ ਅੰਦਰੋਂ ਜੀਵਨ ਨੂੰ ਛੋਟੀਆਂ-ਛੋਟੀਆਂ ਖੁਸ਼ੀਆਂ ਨਾਲ ਭਰਨ ਨਾਲ ਆਪਣੀ ਆਤਮਿਕ ਆਜ਼ਾਦੀ ਪਾ ਸਕਦੇ ਹਾਂ। ਇਸ ਦੌਰਾਨ ਮਨੁੱਖ ਨੂੰ ਧਿਆਨ, ਸਸਤੀ ਖੁਸ਼ੀ ਅਤੇ ਸਮਾਜਿਕ ਸੰਪਰਕ ਬਣਾ ਕੇ ਸ਼ਾਂਤੀ ਪ੍ਰਾਪਤ ਕਰਨ ਦੀ ਜ਼ਰੂਰਤ ਹੈ। ਜੀਵਨ ਦੀ ਸੱਚੀ ਕਲਾ ਇਹ ਹੈ ਕਿ ਅਸੀਂ ਸਿਰਫ ਆਪਣੇ ਲਈ ਨਹੀਂ, ਸਗੋਂ ਹੋਰਨਾਂ ਲਈ ਵੀ ਜੀਵਨ ਨੂੰ ਮਹੱਤਵ ਦਈਏ। ਸਭ ਤੋਂ ਵੱਡੀ ਖੁਸ਼ੀ ਉਹ ਹੈ ਜੋ ਦੂਜਿਆਂ ਦੀ ਖੁਸ਼ੀ ਵਿੱਚ ਹੈ। ਅਜਿਹੇ ਹਾਲਾਤਾਂ ਵਿੱਚ ਜਦੋਂ ਦੁਨੀਆ ਵਿਛੋੜਿਆਂ ਅਤੇ ਅੰਦਰਲੇ ਹਨੇਰਿਆਂ ਨਾਲ ਭਰ ਰਹੀ ਹੈ, ਸਾਨੂੰ ਇੱਕ ਦੂਜੇ ਦਾ ਸਾਥ ਦੇਣਾ, ਸਹਾਇਤਾ ਕਰਨੀ ਅਤੇ ਇਕੱਠੇ ਰਹਿਣਾ ਅਤਿਅੰਤ ਜ਼ਰੂਰੀ ਹੈ। ਕਿਉਂਕਿ ਸੱਚੀ ਸ਼ਾਂਤੀ ਅੰਦਰੋਂ ਮਿਲਦੀ ਹੈ। ਜਦੋਂ ਅਸੀਂ ਕਈਆਂ ਨੂੰ ਖੁਸ਼ੀ ਦੇਣ ਦਾ ਮੌਕਾ ਦਿੰਦੇ ਹਾਂ, ਖਾਸ ਕਰਕੇ ਉਹਨਾਂ ਨੂੰ, ਜੋ ਲੋੜਵੰਦ ਹਨ। ਸਾਡੇ ਜ਼ਿੰਦਗੀ ਦੇ ਸਫਰ ਵਿੱਚ ਖੁਸ਼ੀ, ਸੋਚ ਅਤੇ ਸੇਵਾ ਹੀ ਸਾਡਾ ਅਸਦ ਮਕਸਦ ਹੋਣਾ ਚਾਹੀਦਾ ਹੈ। ਤਕਨੀਕ ਦੀ ਤਰੱਕੀ ਅਤੇ ਮਾਦੀ ਸਫਲਤਾ ਜੀਵਨ ਦੇ ਹਿੱਸੇ ਹੋ ਸਕਦੇ ਹਨ, ਪਰ ਸਾਡੇ ਰਿਸਤੇ, ਸਦਭਾਵਨਾ ਅਤੇ ਸੰਤੁਸ਼ਟੀ ਬਿਨਾਂ ਜੀਵਨ ਅਧੂਰਾ ਹੈ। ਇਸ ਲਈ ਆਪਣੀ ਜ਼ਿੰਦਗੀ ਨੂੰ ਛੋਟੀਆਂ ਖੁਸ਼ੀਆਂ ਅਤੇ ਵੱਡੇ ਰਿਸਤਿਆਂ ਨਾਲ ਸੰਵਾਰਨਾ ਅਸਲ ਤੇ ਵੱਡੀ ਕਲਾ ਹੈ। ਇਸ ਨਵੇਂ ਯੁੱਗ ਵਿੱਚ, ਜਿੱਥੇ ਹਰ ਕੋਈ ਆਪਣੀਆਂ ਮੁਸ਼ਕਲਾਂ ਨਾਲ ਜੂਝ ਰਿਹਾ ਹੈ, ਮਨੁੱਖ ਨੂੰ ਚਾਹੀਦਾ ਹੈ ਕਿ ਉਹ ਆਪਣਾ ਮਨ ਖੋਲ੍ਹੇ, ਦਿਲਾਂ ਨੂੰ ਮਿਲਾਵੇ ਅਤੇ ਇਕ ਨਵੇਂ ਤਰੀਕੇ ਨਾਲ ਜੀਵਨ ਦਾ ਅਸਲ ਮਤਲਬ ਲੱਭੇ। ਜੀਵਨ ਸਿਰਫ ਇੱਕ ਦੌੜ ਨਹੀਂ, ਬਲਕਿ ਇਸ ਦੌੜ ਵਿਚ ਖੁਸ਼ੀ, ਪਿਆਰ ਅਤੇ ਸੇਵਾ ਨੂੰ ਸ਼ਾਮਿਲ ਕਰਨਾ ਸਭ ਤੋਂ ਵੱਡੀ ਜਿੱਤ ਹੈ।

**-ਗੁਰਦੇਵ ਸਿੰਘ ਬਠਿੰਡਾ**
**ਮੋਬਾਈਲ: 93169-49649**

### ਬਾਬੇ ਕੇ ਫਾਰਮ ਇੰਗਲੈਂਡ ਦੀ ਧਰਤੀ ਤੇ ਬ੍ਰਹਮ ਗਿਆਨੀ ਧੰਨ—ਧੰਨ ਬਾਬਾ ਨੰਦ ਸਿੰਘ ਜੀ ਦੀ 82ਵੀਂ ਬਰਸੀ

# 9 ਦਿਨਾਂ ਸਮਾਗਮਾਂ ਵਿਚ ਆਖਰੀ ਦਿਨ ਵਿਸ਼ਾਲ ਨਗਰ ਕੀਰਤਨ ਸਜਾਇਆ









**ਫ਼ਿਰੋਜ਼ਪੁਰ, 27 ਅਗਸਤ (ਮਨੋਹਰ ਲਾਲ) :—** ਸਚਖੰਡ ਵਾਸੀ ਧੰਨ—ਧੰਨ ਬਾਬਾ ਨੰਦ ਸਿੰਘ ਜੀ ਨਾਨਕਸਰ ਕਲੇਰਾਂ ਵਾਲਿਆਂ ਦੀ 82ਵੀਂ ਬਰਸੀ ਬਾਬੇ ਕੇ ਫਾਰਮ ਸਟਰੇਟ ਬੋਰਡ ਅਵੋਨ ਵਿਖੇ ਅੱਜ ਆਖਰੀ ਦਿਨ ਵਿਸ਼ਾਲ ਨਗਰ ਕੀਰਤਨ ਸਜਾਇਆ। ਇਹ ਵਿਸ਼ਾਲ ਨਗਰ ਕੀਰਤਨ ਸ੍ਰੀ ਗੁਰੂ ਗ੍ਰੰਥ ਸਾਹਿਬ ਜੀ ਦੀ ਛਤਰ ਹੇਠ ਪੰਜ ਪਿਆਰਿਆਂ ਦੀ ਅਗਵਾਈ ਹੇਠ ਅਤੇ ਪੰਜ ਨਿਸਾਨਚੀ ਹੇਠ ਚਲਿਆ, ਜਿਸ ਦੀ ਦੇਖ—ਰੇਖ ਬਾਬੇ ਕੇ ਫਾਰਮ ਸੰਸਥਾ ਦੇ ਪ੍ਰਬੰਧਕ ਜ਼ਸਵਿੰਦਰ ਸਿੰਘ ਕਾਲਾ, ਮਨਜੀਤ ਸਿੰਘ ਭੋਗਲ ਸੀਨੀਅਰ ਐਡਵੋਕੇਟ, ਜ਼ਸਵੰਤ ਸਿੰਘ ਸੈਂਭੀ, ਸਵਰਨ ਸਿੰਘ ਸੈਂਭੀ, ਧਰਮ ਸਿੰਘ ਘਟੋੜਾ, ਬਲਕਾਰ ਸਿੰਘ ਵੜੈਚ, ਅਮਰੀਕ ਸਿੰਘ ਮੀਕਾ, ਗੁਰਪ੍ਰੀਤ ਸਿੰਘ ਗੋਪੀ, ਨਗਿੰਦਰ ਸਿੰਘ ਧੰਜਲ, ਰਘਬੀਰ ਸਿੰਘ, ਸੁਖਵਿੰਦਰ ਸਿੰਘ ਸੁਖੀ ਦੀ ਦੇਖ—ਰੇਖ ਹੇਠ ਚਲਿਆ। ਇਸ ਮੌਕੇ ਤੇ ਸੰਤ ਮਹਾਂਪੁਰਸ਼ ਵੀ ਹਾਜ਼ਰ ਸਨ, ਜਿਨ੍ਹਾਂ ਵਿਚ ਬਾਬਾ ਜਗਜੀਤ ਸਿੰਘ ਲੋਪੋ, ਸੰਤ ਬਾਬਾ ਸੁਖਜੀਤ ਸਿੰਘ ਸੀਚੇਵਾਲ, ਸੰਤ ਬਾਬਾ ਧੰਨਾ ਸਿੰਘ ਬੜੂੰਦੀ ਵਾਲੇ, ਸੰਤ ਬਾਬਾ ਹਰਜੀਤ ਸਿੰਘ ਮਹਿਤਾ ਚੌਂਕ ਵਾਲੇ, ਸੰਤ ਬਾਬਾ ਮਨਪ੍ਰੀਤ ਸਿੰਘ ਅਲੀ ਪੁਰ ਖਾਲਸਾ ਵਾਲੇ, ਗਿਆਨੀ ਸੁਖਦੇਵ ਸਿੰਘ ਡੱਲਾ ਸਾਹਿਬ, ਗਿਆਨੀ ਮਲਕੀਤ ਸਿੰਘ ਸ੍ਰੀ ਅਕਾਲ ਤਖਤ ਸਾਹਿਬ, ਗਿਆਨੀ ਭਗਵਾਨ ਸਿੰਘ, ਬਾਬਾ ਹਰਜਿੰਦਰ ਸਿੰਘ ਮੋਹਾਲੀ, ਢਾਡੀ ਮੁਖਤਿਆਰ ਸਿੰਘ ਜਫਰ ਅਤੇ ਉਨ੍ਹਾਂ ਦੇ ਸਪੁੱਤਰ ਅਮਨਦੀਪ ਸਿੰਘ ਜਿਨ੍ਹਾਂ ਦੀ ਸ੍ਰੀ ਗੁਰੂ ਨਾਨਕ ਦੇਵ ਬਾਰੇ ਕਿਤਾਬ ਲਿਖੀ ਰਲੀਜ ਕੀਤੀ। ਭਾਈ ਮਨਿੰਦਰ ਸਿੰਘ ਹਜ਼ੂਰੀ ਰਾਗੀ ਸ੍ਰੀ ਦਰਬਾਰ ਸਾਹਿਬ, ਭਾਈ ਸਰਬਜੀਤ ਸਿੰਘ ਲਾਡੀ ਹਜ਼ੂਰੀ ਰਾਗੀ ਸ੍ਰੀ ਦਰਬਾਰ ਸਾਹਿਬ, ਬਾਬਾ ਸ਼ਰਨਜੀਤ ਸਿੰਘ ਨਾਨਕਸਰ ਬੜੂਦੀ, ਗਿਆਨੀ ਸ਼ਰਧਜੀਤ ਸਿੰਘ ਰਾਜਾਸਾਂਸੀ ਏਅਰਪੋਰਟ ਵਾਲੇ 9 ਦਿਨਾਂ ਸਮਾਗਮਾਂ ਵਿਚ ਹਾਜ਼ਰੀ ਭਰੀ। ਇਸ ਮੌਕੇ ਤੇ ਦੇਸ਼—ਵਿਦੇਸ਼ ਦੀਆਂ ਸੰਗਤਾਂ, ਅਮਰੀਕਾ, ਕੈਨੇਡਾ, ਯੂਰਪ ਅਤੇ ਇੰਗਲੈਂਡ ਦੇ ਵੱਖ—ਵੱਖ ਸ਼ਹਿਰਾਂ ਤੋਂ ਵੱਡੀ ਗਿਣਤੀ ਵਿਚ ਪੁੱਜੀਆਂ। ਇਹ ਵਿਸ਼ਾਲ ਨਗਰ ਕੀਰਤਨ ਜੰਗਲਨੁਮਾ ਖੇਤਾਂ ਵਿਚ ਸਜਾਇਆ। ਇਹ ਵਿਸ਼ਾਲ ਨਗਰ ਕੀਰਤਨ ਵਿਚ ਪੰਥ ਪ੍ਰਸਿੱਧ ਜਥਿਆਂ ਨੇ ਗੁਰਬਾਣੀ ਦਾ ਰਸਭਿੰਨਾ ਕੀਰਤਨ ਕਰਕੇ ਸੰਗਤਾਂ ਨੂੰ ਨਿਹਾਲ ਕੀਤਾ। ਇਸ ਮੌਕੇ ਤੇ ਲੰਗਰਾਂ ਦੀ 9 ਦਿਨਾਂ ਸਮਾਗਮਾਂ ਵਿਚ ਬੀਬੀ ਨਿੰਦਰ ਕੌਰ, ਬੀਬੀ ਜ਼ਸਬੀਰ ਕੌਰ, ਬੀਬੀ ਨਰੰਜਨ ਕੌਰ, ਬੀਬੀ ਨਗਿੰਦਰ ਕੌਰ ਤੋਂ ਇਲਾਵਾ ਹੋਰ ਵੀ ਬਹੁਤਸਾਰੀਆਂ ਬੀਬੀਆਂ ਨੇ ਲੰਗਰਾਂ ਵਿਚ ਸੇਵਾ ਕੀਤੀ। ਇਸ ਮੌਕੇ ਤੇ ਸਮੂਹ ਆਏ ਹੋਏ ਮਹਾਂਪੁਰਸ਼ਾਂ, ਰਾਗੀ, ਢਾਡੀ, ਕਥਾਵਾਚਕ ਜਥਿਆਂ ਦਾ ਸਨਮਾਨ ਬਾਬੇ ਕੇ ਫਾਰਮ ਦੇ ਪ੍ਰਬੰਧਕਾਂ ਜ਼ਸਵਿੰਦਰ ਸਿੰਘ ਕਾਲਾ, ਮਨਜੀਤ ਸਿੰਘ ਭੋਗਲ ਸੀਨੀਅਰ ਐਡਵੋਕੇਟ, ਜ਼ਸਵੰਤ ਸਿੰਘ ਸੈਂਭੀ, ਸਵਰਨ ਸਿੰਘ ਸੈਂਭੀ, ਧਰਮ ਸਿੰਘ ਘਟੋੜਾ, ਬਲਕਾਰ ਸਿੰਘ ਵੜੈਚ, ਅਮਰੀਕ ਸਿੰਘ ਮੀਕਾ, ਗੁਰਪ੍ਰੀਤ ਸਿੰਘ ਗੋਪੀ, ਨਗਿੰਦਰ ਸਿੰਘ ਧੰਜਲ, ਰਘਬੀਰ ਸਿੰਘ, ਸੁਖਵਿੰਦਰ ਸਿੰਘ ਸੁਖੀ, ਜੁਝਾਰ ਸਿੰਘ, ਪ੍ਰਿਤਪਾਲ ਸਿੰਘ, ਅਰਜਨ ਸਿੰਘ ਯੂਵੀ, ਅਮੀਜੋਤ ਸਿੰਘ, ਹਰਪਾਲ ਸਿੰਘ ਲਾਲੀ, ਪ੍ਰਿਤਪਾਲ ਸਿੰਘ ਰਾਗੀ ਜਥਿਆਂ ਨੂੰ ਸਨਮਾਨਿਤ ਕੀਤਾ ਗਿਆ।

# ਗਵਰਨਰ ਪੰਜਾਬ ਸਿੱਖ ਕੌਮ ਦੇ ਕਾਤਲਾਂ ਨਾਲ ਹਨ ਜਾਂ ਪੀੜ੍ਹਤ ਸਿੱਖਾਂ ਨਾਲ ? : ਮਾਨ

**ਫ਼ਤਹਿਗੜ੍ਹ ਸਾਹਿਬ, 26 ਅਗਸਤ (ਆਵਾਜ਼ਿ ਕੌਮ ਬਿਊਰੋ)**-"ਜਦੋਂ ਜਾਬਰ ਨਾਜੀਆ ਨੇ ਯਹੂਦੀਆਂ ਉਤੇ ਗੈਰ ਕਾਨੂੰਨੀ ਢੰਗ ਨਾਲ ਜ਼ਬਰ ਢਾਹਿਆ ਤਾਂ ਉਸ ਸਮੇਂ ਅਜਿਹੇ ਮਨੁੱਖੀ ਅਧਿਕਾਰਾਂ ਦੇ ਹੋਏ ਉਲੰਘਣ ਦੇ ਦੋਸ਼ੀਆਂ ਨੂੰ ਸਜਾਵਾਂ ਦੇਣ ਲਈ ਨਿਊਰਮਬਰਗ ਟਰਾਈਲਜ ਕਾਇਮ ਹੋਈਆ । ਉਸ ਸਮੇ ਦੇ ਅਧਿਕਾਰੀਆਂ ਨੂੰ ਇਸ ਵਿਚ ਲਿਆਂਦਾ ਗਿਆ ਤਾਂ ਉਨ੍ਹਾਂ ਦਾ ਕਹਿਣਾ ਸੀ ਕਿ ਅਸੀ ਤਾਂ ਆਪਣੇ ਤੋ ਉਪਰਲੇ ਅਧਿਕਾਰੀਆ ਦੇ ਹੁਕਮ ਮੰਨੇ ਹਨ । ਜਦੋਕਿ ਜ਼ਬਰ-ਜੁਲਮ ਕਰਨ ਵਾਲੇ ਅਤੇ ਉਨ੍ਹਾਂ ਨੂੰ ਅਜਿਹਾ ਹੁਕਮ ਦੇਣ ਵਾਲੇ ਇਨ੍ਹਾਂ ਨਿਊਰਮਬਰਗ ਟਰਾਈਲ ਦੇ ਦੋਸ਼ ਹੇਠ ਆਉਦੇ ਸਨ । ਇਸ ਅਨੁਸਾਰ ਕੋਈ ਵੀ ਅਧਿਕਾਰੀ ਆਪਣੇ ਉਪਰਲੇ ਅਧਿਕਾਰੀਆ ਦੇ ਗੈਰ ਕਾਨੂੰਨੀ ਹੁਕਮ ਮੰਨਣ ਤੋ ਇਨਕਾਰ ਕਰ ਸਕਦਾ ਹੈ । ਅਜਿਹੇ ਦੋਸ਼ੀ ਅਧਿਕਾਰੀਆਂ ਨੂੰ ਉਸ ਸਮੇ ਦੇ ਜੱਜਾਂ ਨੇ ਮਨੁੱਖੀ ਅਧਿਕਾਰਾਂ ਦਾ ਉਲੰਘਣ ਹੋਣ ਦੀ ਬਦੌਲਤ ਮੌਤ ਦੀਆਂ ਸਜ਼ਾਵਾਂ ਅਤੇ ਉਮਰ ਕੈਦ ਦੀਆਂ ਸਜਾਵਾਂ ਦੇ ਹੁਕਮ ਸੁਣਾਏ ਸਨ । ਇਸ ਵਿਚ ਉਨ੍ਹਾਂ ਦੇ ਉਪਰਲੇ ਅਧਿਕਾਰੀਆਂ ਅਤੇ ਹਿਟਲਰ ਦੀ ਸਰਕਾਰ ਨੂੰ ਉਨ੍ਹਾਂ ਵਿਚੋ ਬਹੁਤ ਸਾਰਿਆ ਨੂੰ ਫਾਂਸੀਆ ਵੀ ਹੋਈਆ ।




ਅਸੀ ਇਹ ਮਹਿਸੂਸ ਕਰਦੇ ਹਾਂ ਕਿ ਪੰਜਾਬ ਪੁਲਿਸ ਵੈਲਫੇਅਰ ਐਸੋਸੀਏਸਨ ਦੇ ਅਧਿਕਾਰੀਆ ਨੇ ਸਿੱਖਾਂ ਨੂੰ ਮਾਰਨ ਦੇ ਹੁਕਮ ਮੰਨੇ ਉਹ ਵੀ ਦੋਸ਼ੀ ਹਨ ਤੇ ਹੁਕਮ ਦੇਣ ਵਾਲੇ ਵੀ ਦੋਸ਼ੀ ਹਨ । ਇਸ ਐਸੋਸੀਏਸਨ ਦੇ ਅਧਿਕਾਰੀਆ ਦੇ ਪੱਖ ਵਿਚ ਸ੍ਰੀ ਗੁਲਾਬ ਚੰਦ ਕਟਾਰੀਆ ਨੇ ਇੰਟਰਵਿਊ ਦਿੰਦੇ ਹੋਏ ਜੋ ਪੱਖ ਪੂਰਿਆ ਹੈ ਅਤੇ ਮੁੱਖ ਸਕੱਤਰ ਕੇ.ਏ.ਪੀ ਸਿਨ੍ਹਾ, ਡੀਜੀਪੀ ਗੌਰਵ ਯਾਦਵ ਨੂੰ ਇਨ੍ਹਾਂ ਦੀ ਜਾਂਚ ਕਰਨ ਦੀ ਗੱਲ ਆਖੀ ਹੈ, ਇਹ ਇਕ ਸਿੱਖ ਕੌਮ ਦੇ ਕਾਤਲ ਪੁਲਿਸ ਅਧਿਕਾਰੀਆ ਦਾ ਪੱਖ ਪੂਰਨ ਵਾਲੀ ਸਿੱਖ ਮਨਾਂ ਨੂੰ ਠੇਸ ਪਹੁੰਚਾਉਣ ਵਾਲੀ ਕਾਰਵਾਈ ਹੈ ।" ਇਹ ਵਿਚਾਰ ਸ. ਸਿਮਰਨਜੀਤ ਸਿੰਘ ਮਾਨ ਪ੍ਰਧਾਨ ਸ਼੍ਰੋਮਣੀ ਅਕਾਲੀ ਦਲ (ਅੰਮ੍ਰਿਤਸਰ) ਨੇ ਪੰਜਾਬ ਦੇ ਗਵਰਨਰ ਸ੍ਰੀ ਗੁਲਾਬ ਚੰਦ ਕਟਾਰੀਆ ਵੱਲੋ ਪੰਜਾਬ ਪੁਲਿਸ ਵੈਲਫੇਅਰ ਐਸੋਸੀਏਸਨ ਦੇ ਪੱਖ ਵਿਚ ਪ੍ਰਗਟਾਏ ਵਿਚਾਰਾਂ ਉਤੇ ਡੂੰਘੀ ਹੈਰਾਨੀ ਤੇ ਦੁੱਖ ਜਾਹਰ ਕਰਦੇ ਹੋਏ ਪ੍ਰਗਟ ਕੀਤੇ । ਉਨ੍ਹਾਂ ਕਿਹਾ ਕਿ ਸਾਨੂੰ ਸਮਝ ਨਹੀ ਆਉਦੀ ਕਿ ਪੰਜਾਬ ਦੇ ਗਵਰਨਰ ਸਿੱਖਾਂ ਦੇ ਕਾਤਲ ਪੁਲਿਸ ਅਧਿਕਾਰੀਆ ਦੇ ਹੱਕ ਵਿਚ ਹਨ ਜਾਂ ਪੀੜ੍ਹਤ ਸਿੱਖ ਕੌਮ ਦੇ ? ਜਦੋਕਿ ਉਨ੍ਹਾਂ ਨੂੰ ਚਾਹੀਦਾ ਸੀ ਕਿ ਉਹ ਸਿੱਖ ਕੌਮ ਦੀਆਂ ਭਾਵਨਾਵਾ ਦੀ ਕਦਰ ਕਰਦੇ ਹੋਏ ਅਤੇ ਉਨ੍ਹਾਂ ਨੂੰ ਇਨਸਾਫ਼ ਦੇਣ ਦੇ ਬਿਨ੍ਹਾਂ ਤੇ ਬਲਿਊ ਸਟਾਰ ਦਾ ਆਪ੍ਰੇਸਨ ਕਰਨ ਵਾਲੇ ਅਤੇ ਸਿੱਖ ਕੌਮ ਦਾ ਕਤਲੇਆਮ ਕਰਨ ਵਾਲੇ ਵਜੀਰ ਏ ਆਜਮ ਰਾਜੀਵ ਗਾਂਧੀ ਨੂੰ ਉਪਰੋਕਤ ਨਿਊਰਮਬਰਗ ਨਿਯਮਾਂ ਅਨੁਸਾਰ ਦੇਖਦੇ ਹੋਏ ਨਿਰਪੱਖਤਾ ਨਾਲ ਆਪਣੇ ਵਿਚਾਰ ਜਾਹਰ ਕਰਦੇ । ਕਿਉਂਕਿ ਸਿੱਖ ਕੌਮ 1947 ਤੋ ਹੀ ਜ਼ਬਰ ਜੁਲਮ ਦਾ ਸਿਕਾਰ ਹੁੰਦੀ ਆ ਰਹੀ ਹੈ । ਜਿਸ ਵਿਚ ਉਨ੍ਹਾਂ ਦੀਆਂ ਯਾਦਗਰਾਂ ਤਬਾਹ ਕੀਤੀਆ ਗਈਆ । ਬਦਲੇ ਦੀ ਭਾਵਨਾ ਨਾਲ ਨਸਲੀ ਸਫਾਈ ਕੀਤੀ ਗਈ ਅਤੇ ਧਰਮ ਦਾ ਨਾਸ ਕੀਤਾ ਗਿਆ । ਇਹ ਸਾਰੇ ਅਮਲ ਹਿੰਦੂਤਵ ਸਟੇਟ ਵੱਲੋ ਕੀਤੇ ਗਏ । ਜਦੋਕਿ ਅੱਜ ਵੀ ਸਮੁੱਚਾ ਸੰਸਾਰ ਦੇਖ ਰਿਹਾ ਹੈ ਕਿ ਹਿੰਦੂਤਵ ਵਜੀਰ ਏ ਆਜਮ ਨਰਿੰਦਰ ਮੋਦੀ, ਗ੍ਰਹਿ ਵਜੀਰ ਅਮਿਤ ਸ਼ਾਹ, ਵਿਦੇਸ ਵਜੀਰ ਜੈਸੰਕਰ, ਰੱਖਿਆ ਵਜੀਰ ਰਾਜਨਾਥ ਸਿੰਘ, ਸੁਰੱਖਿਆ ਸਲਾਹਕਾਰ ਅਜੀਤ ਡੋਵਾਲ, ਰਾਅ ਮੁੱਖੀ ਰਵੀ ਸਿਨ੍ਹਾਂ ਅਤੇ ਸਾਬਕਾ ਰਾਅ ਮੁੱਖੀ ਸੰਮਤ ਗੋਇਲ ਨੇ ਹਰਦੀਪ ਸਿੰਘ ਨਿੱਝਰ, ਰਿਪੁਦਮਨ ਸਿੰਘ ਮਲਿਕ ਅਤੇ ਸੁਖਦੂਲ ਸਿੰਘ ਕੈਨੇਡਾ, ਅਵਤਾਰ ਸਿੰਘ ਖੰਡਾ ਬਰਤਾਨੀਆ, ਪਾਕਿਸਤਾਨ ਵਿਚ ਪਰਮਜੀਤ ਸਿੰਘ ਪੰਜਵੜ ਤੇ ਲਖਬੀਰ ਸਿੰਘ ਰੋਡੇ, ਹਰਿਆਣਾ ਵਿਚ ਦੀਪ ਸਿੰਘ ਸਿੱਧੂ, ਪੰਜਾਬ ਵਿਚ ਸੁਭਦੀਪ ਸਿੰਘ ਸਿੱਧੂ ਮੂਸੇਵਾਲਾ ਅਤੇ ਗੁਰਪ੍ਰੀਤ ਸਿੰਘ ਹਰੀਨੌਂ ਨੂੰ ਕਤਲ ਕਰਨ, ਅਮਰੀਕਨ ਨਾਗਰਿਕ ਗੁਰਪਤਵੰਤ ਸਿੰਘ ਪੰਨੂ ਨੂੰ ਮਾਰਨ ਦੀ ਸਾਜਿਸ ਰਚੀ ਗਈ ਅਤੇ ਇਨ੍ਹਾਂ ਮੁਲਕਾਂ ਅਮਰੀਕਾ, ਕੈਨੇਡਾ, ਬਰਤਾਨੀਆ ਤੇ ਪਾਕਿਸਤਾਨ ਦੀ ਪ੍ਰਭੂਸਤਾ ਨੂੰ ਵੀ ਚੁਣੋਤੀ ਦਿੱਤੀ ਗਈ ਅਤੇ ਅਮਰੀਕਾ ਦੀ ਮੁਨਰੋ ਡਾਕਟਰੀਨ ਦਾ ਘਾਣ ਕੀਤਾ ਗਿਆ । ਇਹ ਉਪਰੋਕਤ ਸਾਰਾ ਦੁਖਾਂਤ ਮਨੁੱਖੀ ਅਧਿਕਾਰਾਂ ਦਾ ਉਲੰਘਣ ਹੋਣ ਅਤੇ ਵੱਖ-ਵੱਖ ਮੁਲਕਾਂ ਦੀ ਪ੍ਰਭੂਸਤਾ ਨੂੰ ਚੁਣੋਤੀ ਦੇਣ ਦੇ ਨਾਲ-ਨਾਲ ਅਮਰੀਕਾ ਦੀ ਮੁਨਰੋ ਡਾਕਟਰੀਨ ਦੀ ਤੋਹੀਨ ਕਰਨ ਵਾਲੀਆ ਬਜਰ ਗੁਸਤਾਖੀਆ ਹਨ ਅਤੇ ਇਹ ਅਪਰਾਧ ਬਖਸਣ ਯੋਗ ਨਹੀ ਹਨ । ਜਿਨ੍ਹਾਂ ਮੁਲਕਾਂ ਵਿਚ ਹਿੰਦੂਤਵ ਹੁਕਮਰਾਨਾਂ ਦੇ ਇਸ ਗੈਰ ਕਾਨੂੰਨੀ ਅਮਲਾਂ ਰਾਹੀ ਅਪਰਾਧ ਕੀਤੇ ਹਨ, ਉਨ੍ਹਾਂ ਮੁਲਕਾਂ ਨੂੰ ਚਾਹੀਦਾ ਹੈ ਕਿ ਹਿੰਦੂਤਵ ਹੁਕਮਰਾਨਾਂ ਦੇ ਅਜਿਹੇ ਕੌਮਾਂਤਰੀ ਕਾਨੂੰਨਾਂ ਦੇ ਕੀਤੇ ਉਲੰਘਣਾ ਵਿਰੁੱਧ ਸਖਤੀ ਨਾਲ ਸੀਮਤ ਸਮੇ ਵਿਚ ਅਮਲ ਕਰਨ ਤਾਂ ਕਿ ਕੋਈ ਵੀ ਹੁਕਮਰਾਨ ਕਿਸੇ ਮੁਲਕ ਦੀ ਪ੍ਰਭੂਸਤਾ ਅਤੇ ਮਨੁੱਖੀ ਅਧਿਕਾਰਾਂ ਦਾ ਉਲੰਘਣ ਨਾ ਕਰ ਸਕੇ।

# ਗੁ: ਭਾਈ ਹਾਕਮ ਸਿੰਘ ਵਿਖੇ ਨਾਮ ਸਿਮਰਨ ਦੀ ਸ਼ੁਰੂਆਤ, ਸੰਗਤਾਂ ਦੀ ਸ਼ਰਧਾ ਤੇ ਉਤਸ਼ਾਹ ਨੂੰ ਵੇਖਦਿਆਂ ਕੀਤਾ ਸ਼ੁਰੂ : ਭਾਈ ਜਸਪਾਲ ਸਿੰਘ



**ਫ਼ਿਰੋਜ਼ਪੁਰ, 27 ਅਗਸਤ (ਮਨੋਹਰ ਲਾਲ) :—** ਸਥਾਨਕ ਸ਼ਹਿਰ ਦੇ ਮਖੂ ਗੇਟ ਸਥਿਤ ਗੁ: ਭਾਈ ਹਾਕਮ ਸਿੰਘ ਅੱਜ ਕੱਲ ਸਭ ਸੰਗਤਾਂ ਦੀ ਜੁਬਾਨ ਤੇ ਹੈ। ਸ਼ਹੀਦ ਬਾਬਾ ਦੀਪ ਸਿੰਘ ਦੇ ਨਾਮ ਨਾਲ ਜਾਣਿਆ ਜਾਂਦਾ ਇਹ ਗੁਰਦੁਆਰਾ ਸਾਹਿਬ ਵਿਖੇ ਜਿਥੇ ਹਰ ਐਤਵਾਰ ਸੰਗਤਾਂ ਚੁਪਹਿਰਾ ਸਾਹਿਬ ਦੇ ਜਾਪ ਵਿਚ ਵੱਡੀ ਗਿਣਤੀ ਵਿਚ ਆਪਣੀ ਸ਼ਰਧਾ ਦਾ ਪ੍ਰਗਟਾਵਾ ਕਰਨ ਲਈ ਹਾਜ਼ਰੀ ਭਰਦੀਆਂ ਹਨ, ਉਥੇ ਹਰ ਸ਼ੁਕਰਵਾਰ ਨੂੰ ਗੁਰਦੁਆਰਾ ਸਾਹਿਬ ਦੀ ਇਸਤਰੀ ਸੰਤਸੰਗ ਸਭਾ ਵੱਲੋਂ ਸ਼ਾਮ 4 ਵਜੇ ਤੋਂ 6 ਵਜੇ ਤੱਕ ਸ੍ਰੀ ਸੁਖਮਨੀ ਸਾਹਿਬ ਦੇ ਜਾਪ ਕੀਤੇ ਜਾਂਦੇ ਹਨ। ਇਸ ਗੁਰਦੁਆਰਾ ਸਾਹਿਬ ਵਿਚ ਸੰਗਤਾਂ ਦੇ ਉਤਸ਼ਾਹ, ਸ਼ਰਧਾ ਅਤੇ ਮੰਗ ਨੂੰ ਦੇਖਦਿਆਂ ਹੁਣ ਹਰ ਬੁੱਧਵਾਰ ਨੂੰ ਸ਼ਾਮ ਤਿੰਨ ਵਜੇ ਤੋਂ ਚਾਰ ਵਜੇ ਤੱਕ ਨਾਮ ਸਿਮਰਨ ਦੀ ਸ਼ੁਰੂਆਤ ਕੀਤ ਗਈ ਹੈ, ਜਿਸ ਵਿਚ ਸੰਗਤਾਂ ਭਾਰੀ ਗਿਣਤੀ ਵਿਚ ਆਪਣੀ ਹਾਜ਼ਰੀ ਲਗਵਾ ਰਹੀਆਂ ਹਨ। ਇਸ ਬਾਰੇ ਹੋਰ ਜਾਣਕਾਰੀ ਦਿੰਦਿਆਂ ਗੁਰਦੁਆਰਾ ਕਮੇਟੀ ਦੇ ਪ੍ਰਧਾਨ ਬਾਬਾ ਮੁਖਤਿਆਰ ਸਿੰਘ ਤੇ ਸਰਪ੍ਰਸਤ ਭਾਈ ਜ਼ਸਪਾਲ ਸਿੰਘ ਨੇ ਦੱਸਿਆ ਕਿ ਸੰਗਤਾਂ ਵਿਚ ਬਾਬਾ ਦੀਪ ਸਿੰਘ ਪ੍ਰਤੀ ਏਨ੍ਹੀ ਸ਼ਰਧਾ ਬਣ ਚੁੱਕੀ ਹੈ ਕਿ ਸੰਗਤਾਂ ਦੇ ਕਾਫੀ ਦੇਰ ਦੇ ਰੁਕੇ ਹੋਏ ਕੰਮ ਬਣ ਰਹੇ ਹਨ, ਜਿਸ ਕਰਕੇ ਦੂਰ—ਦੁਰਾਡੇ ਤੋਂ ਸੰਗਤਾਂ ਇਨ੍ਹਾਂ ਸਮਾਗਮਾਂ ਵਿਚ ਪਹੁੰਚ ਕੇ ਗੁਰੂ ਦਾ ਸ਼ੁਕਰਾਨਾ ਕਰ ਰਹੀਆਂ ਹਨ। ਇਸ ਸਮੇਂ ਬਾਬਾ ਮੁਖਤਿਆਰ ਸਿੰਘ ਤੇ ਭਾਈ ਜ਼ਸਪਾਲ ਸਿੰਘ ਤੋਂ ਇਲਾਵਾ ਸੁਰਜੀਤ ਸਿੰਘ, ਨਿਰਮਲ ਸਿੰਘ, ਦੁਲਚੀ ਕੇ, ਗੁਰਚਰਨ ਸਿੰਘ ਬਾਵਾ, ਪਰਗਟ ਸਿੰਘ, ਸੁਖਬੀਰ ਸਿੰਘ ਸੰਧੂ, ਅਨੂਪ ਸਿੰਘ, ਅਜਮੇਰ ਸਿੰਘ ਤੇ ਸੁਖਦੇਵ ਸਿੰਘ ਭੁੱਲਰ ਹਾਜ਼ਰ ਸਨ।

# ਗੁਰੂ ਗ੍ਰੰਥ ਸਾਹਿਬ ਜੀ ਦੀ ਬੇਅਦਬੀ ਦੇ ਦੋਸ਼ੀ ਗੁਰਿੰਦਰ ਦੀ ਅਪੀਲ ਖ਼ਾਰਜ: ਜੇਲ ਭੇਜਿਆ

ਲੁਧਿਆਣਾ ਦੇ ਪਿੰਡ ਦਾਦ ਦੀ ਕਲੋਨੀ ਪਾਲਮ ਵਿਹਾਰ ਦੇ ਗੁਰਦੁਆਰਾ ਸ੍ਰੀ ਗੁਰੂ ਸਿੰਘ ਸਭਾ ਵਿੱਚ 12 ਫਰਵਰੀ 2019 ਨੂੰ ਗੁਰੂ ਗ੍ਰੰਥ ਸਾਹਿਬ ਜੀ ਦੀ ਬੇਅਦਬੀ ਕਰਨ ਵਾਲੇ ਕਲੋਨੀ ਦੇ ਹੀ ਵਾਸੀ ਗੁਰਿੰਦਰ ਪੁੱਤਰ ਸੋਹਣ ਸਿੰਘ ਦੀ ਅਪੀਲ ਲੁਧਿਆਣਾ ਦੇ ਐਡੀਸ਼ਨਲ ਸੈਸ਼ਨਜ਼ ਜੱਜ ਮੈਡਮ ਸਰੂ ਮਹਿਤਾ ਕੌਸ਼ਿਕ ਵੱਲੋਂ ਖ਼ਾਰਜ ਕਰ ਦਿੱਤੀ ਗਈ ਹੈ ਤੇ ਗੁਰਿੰਦਰ ਨੂੰ ਹਿਰਾਸਤ ਵਿੱਚ ਲੈ ਕੇ ਬਾਕੀ ਰਹਿੰਦੀ ਸਜ਼ਾ ਭੁਗਤਣ ਲਈ ਕੇਂਦਰੀ ਜੇਲ ਲੁਧਿਆਣਾ ਭੇਜ ਦਿੱਤਾ ਹੈ। ਇਸ ਸੰਬੰਧੀ ਲੁਧਿਆਣਾ ਦੇ ਥਾਣਾ ਸਦਰ ਵਿੱਚ ਮੁਕੱਦਮਾ ਨੰਬਰ 14/2019 ਅਧੀਨ ਧਾਰਾ 295-ਏ ਗੁਰਦਵਾਰਾ ਸਾਹਿਬ ਦੇ ਗ੍ਰੰਥੀ ਭਾਈ ਜਲ ਸਿੰਘ ਵੱਲੋਂ ਦਰਜ਼ ਕਰਵਾਇਆ ਗਿਆ ਸੀ।

ਕੇਸ ਦੀ ਮੁੱਦਈ ਪੱਖ ਤੋਂ ਪੈਰਵਾਈ ਕਰਨ ਵਾਲੇ ਵਕੀਲ ਜਸਪਾਲ ਸਿੰਘ ਮੰਝਪੁਰ ਨੇ ਮੀਡੀਆ ਨੂੰ ਦੱਸਿਆ ਕਿ ਗੁਰਿੰਦਰ ਜੋ ਕਿ ਅੱਡਾ ਜੋਧਾਂ ਵਿਚ ਦੁਕਾਨ ਕਰਦਾ ਸੀ, ਨੂੰ ਬੇਅਦਬੀ ਤੋਂ ਬਾਦ ਸੀ.ਸੀ.ਟੀ.ਵੀ. ਕੈਮਰਿਆਂ ਰਾਹੀਂ ਗ੍ਰਿਫ਼ਤਾਰ ਕਰ ਲਿਆ ਗਿਆ ਸੀ ਤੇ ਰਾਜਵਿੰਦਰ ਕੌਰ ਜੁਡੀਸ਼ੀਅਲ ਮੈਜਿਸਟਰੇਟ ਅਵੱਲ ਦਰਜਾ ਲੁਧਿਆਣਾ ਨੇ 6 ਫ਼ਰਵਰੀ 2024 ਨੂੰ ਧਾਰਾ 295-ਏ ਵਿਚ 6 ਮਹੀਨੇ ਕੈਦ ਤੇ 3000/- ਜੁਰਮਾਨੇ ਦੀ ਸਜ਼ਾ ਸੁਣਾਈ ਸੀ ਜਿਸ ਦੀ ਮੌਕੇ ਤੇ ਜ਼ਮਾਨਤ ਮਿਲਣ ਤੋਂ ਬਾਦ ਗੁਰਿੰਦਰ ਨੇ ਸੈਸ਼ਨਜ਼ ਅਦਾਲਤ ਵਿਚ ਅਪੀਲ ਦਾਇਰ ਕੀਤੀ ਸੀ ਜਿਸ ਦੀ ਸੁਣਵਾਈ ਕਰਦਿਆ ਅਦਾਲਤ ਨੇ ਗੁਰਿੰਦਰ ਦੀ ਅਪੀਲ ਖਾਰਜ ਕਰਦਿਆਂ 6 ਮਹੀਨੇ ਦੀ ਸਜ਼ਾ ਬਰਕਰਾਰ ਰੱਖੀ ਹੈ।

ਐਡਵੋਕੇਟ ਮੰਝਪੁਰ ਨੇ ਦੱਸਿਆ ਕਿ ਗੁਰਿੰਦਰ ਇਕ ਨਾਸਤਿਕ ਬੰਦਾ ਸੀ ਜਿਸ ਨੇ ਮੰਦ-ਭਾਵਨਾ ਤਹਿਤ ਇਹ ਕੁਕਰਮ ਕੀਤਾ ਸੀ ਤੇ ਆਪਣੇ ਕੁਕਰਮ ਤੋਂ ਮੁਕਰਨ ਲਈ ਉਸਨੇ ਮਾਨਸਿਕ ਪਰੇਸ਼ਾਨ ਹੋਣ ਦਾ ਬਹਾਨਾ ਲਗਾਇਆ ਸੀ ਪਰ ਅਦਾਲਤ ਨੇ ਉਸ ਦੇ ਇਸ ਬਹਾਨੇ ਨੂੰ ਦਰਕਿਨਾਰ ਕਰਕੇ ਸਜ਼ਾ ਸੁਣਾਈ ।

# ਹੜ੍ਹ ਪ੍ਰਭਾਵਿਤ ਲੋਕ ਸ਼੍ਰੋਮਣੀ ਕਮੇਟੀ ਦੇ ਪ੍ਰਬੰਧ ਵਾਲੇ ਗੁਰਦੁਆਰਾ ਸਾਹਿਬਾਨ ਨਾਲ ਕਰਨ ਸੰਪਰਕ- ਐਡਵੋਕੇਟ ਧਾਮੀ

## ਪਾਕਿਸਤਾਨ ਸਥਿਤ ਗੁਰਦੁਆਰਾ ਸ੍ਰੀ ਕਰਤਾਰਪੁਰ ਸਾਹਿਬ ਵਿਖੇ ਪਾਣੀ ਭਰਨ 'ਤੇ ਪ੍ਰਗਟਾਈ ਚਿੰਤਾ



**ਅੰਮ੍ਰਿਤਸਰ, 27 ਅਗਸਤ (ਆਵਾਜ਼ਿ ਕੌਮ ਬਿਊਰੋ)**-ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਦੇ ਪ੍ਰਧਾਨ ਐਡਵੋਕੇਟ ਹਰਜਿੰਦਰ ਸਿੰਘ ਧਾਮੀ ਨੇ ਪੰਜਾਬ ਅੰਦਰ ਹੜ੍ਹਾਂ ਦੇ ਹਾਲਾਤ 'ਤੇ ਗਹਿਰੀ ਚਿੰਤਰ ਪ੍ਰਗਟ ਕਰਦਿਆਂ ਇਸ ਔਖੀ ਘੜੀ ਸੰਗਤ ਨੂੰ ਅਪੀਲ ਕੀਤੀ ਕਿ ਪਿੰਡਾਂ ਅੰਦਰ ਗੁਰਦੁਆਰਾ ਸਾਹਿਬਾਨ ਦੀ ਸਾਂਭ-ਸੰਭਾਲ ਵੱਲ ਉਚੇਚਾ ਧਿਆਨ ਦਿੱਤਾ ਜਾਵੇ ਅਤੇ ਪ੍ਰਭਾਵਿਤ ਇਲਾਕਿਆਂ ਵਿੱਚੋਂ ਪਾਵਨ ਸ੍ਰੀ ਗੁਰੂ ਗ੍ਰੰਥ ਸਾਹਿਬ ਦੇ ਸਰੂਪ ਸੁਰੱਖਿਅਤ ਥਾਵਾਂ 'ਤੇ ਪਹੁੰਚਾਏ ਜਾਣ।

ਜਾਰੀ ਇਕ ਬਿਆਨ ਵਿਚ ਸ਼੍ਰੋਮਣੀ ਕਮੇਟੀ ਦੇ ਪ੍ਰਧਾਨ ਐਡਵੋਕੇਟ ਹਰਜਿੰਦਰ ਸਿੰਘ ਧਾਮੀ ਨੇ ਕਿਹਾ ਕਿ ਸੰਕਟ 'ਚੋਂ ਨਿਕਲਣ ਲਈ ਇਕਜੁੱਟਤਾ ਨਾਲ ਕਾਰਜ ਕੀਤੇ ਜਾਣ। ਉਨ੍ਹਾਂ ਕਿਹਾ ਕਿ ਸ਼੍ਰੋਮਣੀ ਕਮੇਟੀ ਨੇ ਇਸ ਔਖੇ ਸਮੇਂ ਆਪਣੇ ਪ੍ਰਬੰਧ ਵਾਲੇ ਸਾਰੇ ਗੁਰਦੁਆਰਾ ਸਾਹਿਬਾਨ ਦੇ ਮੈਨੇਜਰਾਂ ਨੂੰ ਸਹਿਯੋਗ ਲਈ ਨਿਰਦੇਸ਼ ਦਿੱਤੇ ਹਨ। ਸੰਗਤ ਲਈ ਸਰਾਵਾਂ ਤੇ ਲੰਗਰ ਦੇ ਪ੍ਰਬੰਧ ਨਿਰੰਤਰ ਜਾਰੀ ਹਨ। ਇਸ ਤੋਂ ਇਲਾਵਾ ਲੋਕਾਂ ਤੀਕ ਪੁੱਜ ਕੇ ਹਾਲਾਤ ਵੀ ਜਾਣੇ ਜਾ ਰਹੇ ਹਨ ਅਤੇ ਮੱਦਦ ਵਾਸਤੇ ਸ਼੍ਰੋਮਣੀ ਕਮੇਟੀ ਹਰ ਤਰ੍ਹਾਂ ਸੰਪਰਕ ਕਰ ਰਹੀ ਹੈ।

ਉਨ੍ਹਾਂ ਕਿਹਾ ਕਿ ਇਸ ਮੁਸ਼ਿਕਲ ਸਮੇਂ ਵਿਚ ਜਿਥੇ ਲੋਕਾਂ ਨੂੰ ਲੋੜੀਂਦੀਆਂ ਸਹੂਲਤਾਂ ਦੀ ਜ਼ਰੂਰਤ ਹੈ, ਉਥੇ ਹੀ ਗੁਰੂ ਘਰਾਂ ਵਿੱਚੋਂ ਪਾਵਨ ਸਰੂਪਾਂ ਦਾ ਸੁਰੱਖਿਅਤ ਥਾਵਾਂ 'ਤੇ ਪਹੁੰਚਾਉਣਾ ਵੀ ਜ਼ਰੂਰੀ ਹੈ। ਇਸ ਸਬੰਧ ਵਿਚ ਸੰਗਤਾਂ ਨੇੜਲੇ ਇਤਿਹਾਸਕ ਗੁਰਦੁਆਰਾ ਸਾਹਬਿਾਨ ਦੀਆਂ ਸੇਵਾਵਾਂ ਪ੍ਰਾਪਤ ਕਰਨ। ਸ਼੍ਰੋਮਣੀ ਕਮੇਟੀ ਦੇ ਪ੍ਰਬੰਧ ਵਾਲੇ ਹਰ ਗੁਰਦੁਆਰਾ ਸਾਹਿਬਾਨ ਇਸ ਸਹਾਇਤਾ ਲਈ ਤਿਆਰ ਹਨ। ਸ਼੍ਰੋਮਣੀ ਕਮੇਟੀ ਨੇ ਪਾਵਨ ਸਰੂਪ ਲੈ ਕੇ ਆਉਣ ਦੇ ਵੀ ਪ੍ਰਬੰਧ ਕੀਤੇ ਹੋਏ ਹਨ ਅਤੇ ਸੰਗਤਾਂ ਲੋੜ ਅਨੁਸਾਰ ਨੇੜਲੇ ਗੁਰਦੁਆਰਾ ਸਾਹਿਬਾਨ ਨਾਲ ਸੰਪਰਕ ਕਰ ਸਕਦੀਆਂ ਹਨ।

ਐਡਵੋਕੇਟ ਧਾਮੀ ਨੇ ਪਾਕਿਸਤਾਨ ਸਥਿਤ ਗੁਰਦੁਆਰਾ ਸ੍ਰੀ ਦਰਬਾਰ ਸਾਹਿਬ ਕਰਤਾਰਪੁਰ ਸਾਹਿਬ ਅੰਦਰ ਭਾਰੀ ਮਾਤਰਾ ਵਿਚ ਪਾਣੀ ਆ ਜਾਣ 'ਤੇ ਵੀ ਚਿੰਤਾ ਜ਼ਾਹਰ ਕੀਤੀ ਹੈ। ਉਨ੍ਹਾਂ ਕਿਹਾ ਕਿ ਇਸ ਇਤਿਹਾਸਕ ਅਸਥਾਨ ਦਾ ਪਾਣੀ ਨਾਲ ਭਰਿਆ ਦ੍ਰਿਸ਼ ਵੇਖ ਕੇ ਮਨ ਨੂੰ ਗਹਿਰੀ ਪੀੜਾ ਪੁੱਜੀ ਹੈ। ਐਡਵੋਕੇਟ ਧਾਮੀ ਨੇ ਮੁੜ ਦੁਹਰਾਇਆ ਕਿ ਪ੍ਰਭਾਵਿਤ ਲੋਕਾਂ ਲਈ ਸ਼੍ਰੋਮਣੀ ਕਮੇਟੀ ਹਰ ਸਮੇਂ ਹਾਜ਼ਰ ਹੈ ਅਤੇ ਲੋੜੀਂਦੀਆਂ ਸੇਵਾਵਾਂ ਲਈ ਗੁਰਦੁਆਰਾ ਸਾਹਿਬਾਨ ਨਾਲ ਰਾਬਤਾ ਕੀਤਾ ਜਾ ਸਕਦਾ ਹੈ। ਉਨ੍ਹਾਂ ਸਰਕਾਰਾਂ ਨੂੰ ਅਪੀਲ ਕੀਤੀ ਕਿ ਉਹ ਰਾਹਤ ਕਾਰਜਾਂ ਵੱਲ ਉਚੇਚਾ ਧਿਆਨ ਦੇਣ ਤੇ ਲੋਕਾਂ ਨੂੰ ਲੋੜੀਂਦੀਆਂ ਸੇਵਾਵਾਂ ਲਈ ਵਚਨਬੱਧ ਹੋਣ।



ਦਮਦਮੀ ਟਕਸਾਲ ਦੇ ਜਥੇਦਾਰ ਬਾਬਾ ਬੋਹੜ ਸਿੰਘ ਸੱਚਖੰਡ ਸ੍ਰੀ ਹਰਿਮੰਦਰ ਸਾਹਿਬ ਜੀ ਦਰਬਾਰ ਸਾਹਿਬ ਜੀ ਦੇ ਦਰਸ਼ਨ ਦੀਦਾਰੇ ਕਰਦੇ ਹੋਏ। (ਫੋਟੋ ਵੇਰਵਾ ਬਾਬਾ ਸੁਖਵੰਤ ਸਿੰਘ ਚੰਨਣਕੇ ਚੌਕ ਮਹਿਤਾ)

ਆਵਾਜ਼ਿ ਕੌਮ AWAZE QAUM International Newspaper & WEB TV

### ਫਲੋਰੀਡਾ ਘਟਨਾ ’ਤੇ ਹਮਦਰਦੀ ਅਤੇ

# ਮ੍ਰਿਤਕ ਪਰਿਵਾਰਾਂ ਨੂੰ ਇਕ ਲੱਖ ਡਾਲਰ ਦੀ ਮਦਦ ਦਾ ਐਲਾਨ: ਐਸਐਫਜੇ





**ਨਵੀਂ ਦਿੱਲੀ 27 ਅਗਸਤ (ਮਨਪ੍ਰੀਤ ਸਿੰਘ ਖਾਲਸਾ)**:-ਐਸਐਫਜੇ ਦੇ ਵਕੀਲ ਗੁਰਪਤਵੰਤ ਸਿੰਘ ਪੰਨੂ ਨੇ ਸੇਂਟ ਲੂਸੀ ਕਾਉਂਟੀ ਜੇਲ੍ਹ, ਫਲੋਰੀਡਾ ਵਿਖੇ ਹਰਜਿੰਦਰ ਸਿੰਘ ਨਾਲ ਮੁਲਾਕਾਤ ਤੋਂ ਬਾਅਦ ਦਸਿਆ ਕਿ ਮੈਂ ਹਰਜਿੰਦਰ ਸਿੰਘ ਨੂੰ ਇੱਕ ਸਿੱਖ ਭਾਈਚਾਰਕ ਸੰਗਠਨ ਸਿੱਖਸ ਫਾਰ ਜਸਟਿਸ ਦੇ ਮਨੁੱਖੀ ਅਧਿਕਾਰ ਵਕੀਲ ਵਜੋਂ ਮਿਲਿਆ ਹਾਂ। ਉਨ੍ਹਾਂ ਪਰਿਵਾਰਾਂ ਜਿਨ੍ਹਾਂ ਨੇ ਇਸ ਦੁਖਦਾਈ ਹਾਦਸੇ ਵਿੱਚ ਆਪਣੇ ਅਜ਼ੀਜ਼ਾਂ ਨੂੰ ਗੁਆ ਦਿੱਤਾ, ਉਨ੍ਹਾਂ ਜਾਨਾਂ ਦੀ ਥਾਂ ਕੋਈ ਨਹੀਂ ਲੈ ਸਕਦਾ ਅਤੇ ਅਸੀਂ ਇਸ ਦੁਖਦਾਇਕ ਸੋਗ ਵਿੱਚ ਆਪਣੀ ਹਮਦਰਦੀ ਪ੍ਰਗਟ ਕਰ ਰਹੇ ਹਾਂ। ਸਾਡੀਆਂ ਪ੍ਰਾਰਥਨਾਵਾਂ ਪਰਿਵਾਰਾਂ ਦੇ ਨਾਲ ਹਨ, ਅਤੇ ਅਸੀਂ ਇਸ ਦੁੱਖ ਦੀ ਘੜੀ ਵਿੱਚ ਉਨ੍ਹਾਂ ਦੇ ਨਾਲ ਖੜ੍ਹੇ ਹਾਂ ਅਤੇ ਇਸ ਦਰਦਨਾਕ ਸਮੇਂ ਵਿੱਚ ਅਸੀਂ ਫਲੋਰੀਡਾ ਦੇ ਲੋਕਾਂ ਨਾਲ ਇੱਕਮੁੱਠਤਾ ਵਿੱਚ ਵੀ ਖੜ੍ਹੇ ਹਾਂ। ਉਨ੍ਹਾਂ ਦਸਿਆ ਕਿ ਕੀਤੀ ਗਈ ਮੁਲਾਕਾਤ ਵਿੱਚ ਮੈਂ ਦੇਖਿਆ ਕਿ ਹਰਜਿੰਦਰ ਸਿੰਘ ਵੀ ਸੋਗ ਮਨਾ ਰਿਹਾ ਹੈ, ਜੋ ਕੁਝ ਵਾਪਰਿਆ ਹੈ ਉਸ ਲਈ ਭਾਰੀ ਮਾਨਸਿਕ ਪੀੜਾ ਲੈ ਰਿਹਾ ਹੈ। ਮੈਂ ਉਸਦੀਆਂ ਅੱਖਾਂ ਵਿੱਚ ਗਹਿਰਾ ਦੁੱਖ ਦੇਖਿਆ। ਉਨ੍ਹਾਂ ਜ਼ੋਰ ਦੇ ਕੇ ਕਿਹਾ ਕਿ ਇਹ ਦੱਸਣਾ ਮਹੱਤਵਪੂਰਨ ਹੈ ਕਿ ਹਰਜਿੰਦਰ ਸਿੰਘ ਦਾ ਮਾਮਲਾ ਇਕ ਦੁਖਦਾਈ ਗਲਤਫਹਿਮੀ ਦਾ ਹੈ, ਨਾ ਕਿ ਜਾਣਬੁੱਝ ਕੇ ਜਾਂ ਦੁਰਭਾਵਨਾਪੂਰਨ ਕੀਤੀ ਗਈ ਕਾਰਵਾਈ ਦਾ। ਹਰਜਿੰਦਰ ਸਿੰਘ ਕਿਸੇ ਨੂੰ ਨੁਕਸਾਨ ਪਹੁੰਚਾਉਣ ਲਈ ਨਹੀਂ ਨਿਕਲਿਆ ਸੀ। ਉਸ ਨਾਲ ਗਲਤ ਪੇਸ਼ ਆਉਣਾ ਜਾਂ ਉਸਨੂੰ ਇੱਕ ਦੁਰਭਾਵਨਾਪੂਰਨ ਕਾਤਲ ਵਜੋਂ ਪੇਸ਼ ਕਰਨਾ ਗਲਤ, ਬੇਇਨਸਾਫ਼ੀ ਅਤੇ ਖ਼ਤਰਨਾਕ ਹੋਵੇਗਾ। ਕਿਉਕਿ ਜੋ ਹੋਇਆ ਉਹ ਇੱਕ ਇਤਫ਼ਾਕਿਨ ਹਾਦਸਾ ਸੀ ਜਿਸਨੇ ਬਹੁਤ ਸਾਰੇ ਲੋਕਾਂ ਨੂੰ ਦਰਦ ਦਿੱਤਾ, ਪਰ ਇਹ ਦੁਰਭਾਵਨਾ ਜਾਂ ਗਲਤ ਇਰਾਦੇ ਨਾਲ ਕੀਤਾ ਗਿਆ ਕੰਮ ਨਹੀਂ ਸੀ। ਉਨ੍ਹਾਂ ਕਿਹਾ ਕਿ ਭਾਰਤ ਦੇ ਕਬਜ਼ੇ ਵਾਲੇ ਪੰਜਾਬ ਦਾ ਰਹਿਣ ਵਾਲਾ ਇੱਕ ਸਿੱਖ ਹਰਜਿੰਦਰ, ਮੋਦੀ ਸਰਕਾਰ ਦੇ ਅਤਿਆਚਾਰ ਤੋਂ ਦੁੱਖੀ ਹੁੰਦਿਆਂ ਦੇਸ਼ ਛੱਡ ਕੇ ਭੱਜ ਗਿਆ ਕਿਉਕਿ ਭਾਰਤ ਇੱਥੋਂ ਤੱਕ ਕਿ ਅਮਰੀਕਾ ਵਿੱਚ ਵੀ ਆਜ਼ਾਦੀ ਪਸੰਦ ਸਿੱਖਾਂ ਨੂੰ ਨਿਸ਼ਾਨਾ ਬਣਾ ਰਿਹਾ ਹੈ। ਇਸ ਪਿਛੋਕੜ ਦੇ ਨਾਲ ਹਰਜਿੰਦਰ ਸਖ਼ਤ ਮਿਹਨਤ ਅਤੇ ਸਨਮਾਨ ਦੀ ਨਵੀਂ ਜ਼ਿੰਦਗੀ ਸ਼ੁਰੂ ਕਰਨ ਲਈ ਅਮਰੀਕਾ ਆਇਆ ਸੀ। ਉਨ੍ਹਾਂ ਕਿਹਾ ਕਿ ਹਮਦਰਦੀ ਦੇ ਸੰਕੇਤ ਵਜੋਂ ਸਿੱਖਸ ਫਾਰ ਜਸਟਿਸ ਮ੍ਰਿਤਕ ਪੀੜਤਾਂ ਦੇ ਪਰਿਵਾਰਾਂ ਲਈ 1ਲੱਖ ਡਾਲਰ ਦੀ ਮਾਨਵਤਾਵਾਦੀ ਸਹਾਇਤਾ ਦੇਣ ਦਾ ਵਾਅਦਾ ਕਰ ਰਿਹਾ ਹੈ, ਜੋ ਕਿ ਉਨ੍ਹਾਂ ਨੂੰ ਫਲੋਰੀਡਾ ਦੇ ਗਵਰਨਰ ਰੌਨ ਡੀਸੈਂਟਿਸ ਦੇ ਦਫ਼ਤਰ ਰਾਹੀਂ ਦਿੱਤੀ ਜਾਵੇਗੀ।

ਆਵਾਜ਼ਿ ਕੌਮ AWAZE QAUM International Newspaper & WEB TV

> **ਹਰਜਿੰਦਰ ਸਿੰਘ ਦਾ ਮਾਮਲਾ ਦੁਖਦਾਈ ਗਲਤਫਹਿਮੀ ਦਾ ਹੈ, ਨਾ ਕਿ ਜਾਣਬੁੱਝ ਕੇ ਜਾਂ ਦੁਰਭਾਵਨਾਪੂਰਨ ਕਾਰਵਾਈ ਦਾ**

### ਡਾ. ਜਗਜੀਵਨ ਸਿੰਘ ਸੇਰਪੁਰ ਨੇ

# ਸਿਸੋਦੀਆ ਦੀ ਭੜਕਾਊ ਤੇ ਗੈਰ-ਜ਼ਿੰਮੇਵਾਰਾਨਾ ਬਿਆਨ ਦੀ ਕੀਤੀ ਨਿਖੇਧੀ

ਸੇਰਪੁਰ ( ਰਣਜੀਤ ਸਿੰਘ ਪੇਧਨੀ ) ਮੁਹਾਲੀ ਵਿਖੇ ਹੋਈ ਆਮ ਆਦਮੀ ਪਾਰਟੀ ਦੀ ਮਹਿਲਾ ਵਿੰਗ ਦੀ ਕਾਨਫਰੰਸ ਨੂੰ ਸੰਬੋਧਨ ਕਰਦਿਆ ਮਨੀਸ਼ ਸਸੋਦੀਆ ਵਲੋ ਲੋਕ ਤੰਤਰ ਦੀਆ ਧੱਜੀਆਂ ਉਡਾਉਣ ਵਾਲੇ ਦਿੱਤੇ ਗਏ ਬਿਆਨ ਦੀ ਸਖਤ ਸਬਦਾ ਚ ਨਿੰਦਿਆ ਕਰਦਿਆ ਬਰਨਾਲਾ ਬਹੁਜਨ ਸਮਾਜ ਪਾਰਟੀ ਦੇ ਇੰਚਾਰਜ ਡਾ ਜਗਜੀਵਨ ਸਿੰਘ ਸੇਰਪੁਰ ਨੇ ਕਿਹਾ ਕਿ ਅਜਿਹੀ ਗੈਰ ਜਿੰਮੇਵਾਰ ਅਤੇ ਭੜਕਾਊ ਬਿਆਨਬਾਜੀ ਪੰਜਾਬ ਦੇ ਲੋਕਾ ਦੀ ਅਣਖ ਨੂੰ ਵੰਗਾਰਨ ਦੇ ਨਾਲ-ਨਾਲ ਪੰਜਾਬ ਦੀ ਅਮਨ ਸਾਂਤੀ ਅਤੇ ਲੋਕਤੰਤਰ ਲਈ ਵੱਡਾ ਖਤਰਾ ਬਣ ਸਕਦੀ ਹੈ । ਉਨ੍ਹਾਂ ਕਿਹਾ ਕਿ ਆਪ ਵਾਲੇ ਭਾਵ ਸ਼ਾਮ, ਦਾਮ, ਦੰਡ, ਭੇਦਭਾਵ, ਲੜਾਈ, ਝਗੜੇ ਆਦਿ ਕੋਝੇ ਹੱਥਕੰਡੇ ਵਰਤ ਕੇ ਪੰਜਾਬ ਚ ਦੁਬਾਰਾ ਸਰਕਾਰ ਬਣਾਉਣ ਦਾ ਭਰਮ ਪਾਲ ਰਹੇ ਹਨ, ਜੋ ਪੰਜਾਬ ਦੇ ਅਣਖੀ ਲੋਕ ਇਹ ਨਹੀ ਹੋਣ ਦੇਣਗੇ । ਉਨ੍ਹਾ ਕਿਹਾ ਕਿ ਪੰਜਾਬ ਦੇ ਲੋਕ ਪੰਜਾਬ ਚ ਅਮਨ ਸਾਂਤੀ ਅਤੇ ਭਾਈਚਾਰਕ ਸਾਂਝ ਕਾਇਮ ਰੱਖਣ ਚ ਵਿਸਵਾਸ਼ ਰੱਖਦੇ ਹਨ ਨਾ ਕਿ ਲੜਾਈ ਝਗੜਾ, ਧੋਖਾ ਧੜੀ ਜਾਂ ਡਰਾਉਣ ਧਮਕਾਉਣ ਚ । ਇਸ ਲਈ ਉਨ੍ਹਾ ਚੋਣ ਕਮਿਸ਼ਨ ਤੋਂ ਮੰਗ ਕੀਤੀ ਹੈ ਕਿ ਲੋਕਤੰਤਰ ਦੀਆਂ ਧਜੀਆਂ ਉਡਾਉਣ ਵਾਲੇ ਬਿਆਨ ਦੇਣ ਵਾਲੇ ਮਨੀਸ਼ ਸਸੋਦੀਆ ਤੇ ਤੁਰੰਤ ਕਾਰਵਾਈ ਹੋਣੀ ਚਾਹੀਦੀ ਹੈ ਤਾ ਕਿ ਹਰ ਲੀਡਰ ਬਿਆਨ ਦੇਣ ਤੋ ਪਹਿਲਾ ਸੌ ਵਾਰ ਸੋਚਣ ਲਈ ਮਜ਼ਬੂਰ ਹੋਵੇ।

ਆਵਾਜ਼ਿ ਕੌਮ AWAZE QAUM International Newspaper & WEB TV



# ਵਪਾਰ ਜਗਤ ਨੇ ਭਾਰਤ ’ਤੇ ਅਮਰੀਕਾ ਵੱਲੋਂ ਲਗਾਏ ਗਏ ਟੈਰਿਫ ਦੀ ਨਿੰਦਾ ਕੀਤੀ - ਫੇਸਟਾ

## ਟੈਰਿਫ ਦੋਵਾਂ ਦੇਸ਼ਾਂ ਵਿਚਕਾਰ ਵਪਾਰ ਯੁੱਧ ਦੀ ਸਥਿਤੀ ਕਰੇਗਾ ਪੈਦਾ



**ਨਵੀਂ ਦਿੱਲੀ 27 ਅਗਸਤ (ਮਨਪ੍ਰੀਤ ਸਿੰਘ ਖਾਲਸਾ)**:- ਸਦਰ ਬਾਜ਼ਾਰ ਟਰੇਡਜ਼ ਐਸੋਸੀਏਸ਼ਨ ਦੇ ਫੈਡਰੇਸ਼ਨ ਦੇ ਚੇਅਰਮੈਨ ਪਰਮਜੀਤ ਸਿੰਘ ਪੰਮਾ ਅਤੇ ਪ੍ਰਧਾਨ ਰਾਕੇਸ਼ ਯਾਦਵ ਨੇ ਅਮਰੀਕੀ ਸਰਕਾਰ ਵੱਲੋਂ ਭਾਰਤ ’ਤੇ 50% ਟੈਰਿਫ ਲਗਾਉਣ ਦੀ ਸਖ਼ਤ ਨਿੰਦਾ ਕੀਤੀ ਹੈ। ਉਨ੍ਹਾਂ ਕਿਹਾ ਕਿ ਇਹ ਟੈਰਿਫ ਭਾਰਤ ਦੀ ਆਰਥਿਕਤਾ ਲਈ ਨੁਕਸਾਨਦੇਹ ਹੋਵੇਗਾ ਅਤੇ ਦੋਵਾਂ ਦੇਸ਼ਾਂ ਦੇ ਵਪਾਰਕ ਸਬੰਧਾਂ ਨੂੰ ਵੀ ਪ੍ਰਭਾਵਿਤ ਕਰੇਗਾ। ਪੰਮਾ ਅਤੇ ਰਾਕੇਸ਼ ਯਾਦਵ ਨੇ ਕਿਹਾ ਕਿ ਅਮਰੀਕਾ ਦਾ ਇਹ ਕਦਮ ਅਨੁਚਿਤ ਅਤੇ ਬੇਸਮਝੀ ਵਾਲਾ ਹੈ, ਜਿਸ ਨਾਲ ਭਾਰਤ ਦੀ ਆਰਥਿਕਤਾ ਨੂੰ ਨੁਕਸਾਨ ਹੋਵੇਗਾ। ਉਨ੍ਹਾਂ ਕਿਹਾ ਕਿ ਇਹ ਟੈਰਿਫ ਦੋਵਾਂ ਦੇਸ਼ਾਂ ਵਿਚਕਾਰ ਵਪਾਰ ਯੁੱਧ ਦੀ ਸਥਿਤੀ ਪੈਦਾ ਕਰ ਸਕਦਾ ਹੈ, ਜਿਸ ਨਾਲ ਦੋਵਾਂ ਦੇਸ਼ਾਂ ਦੀ ਆਰਥਿਕਤਾ ਨੂੰ ਨੁਕਸਾਨ ਹੋਵੇਗਾ। ਪੰਮਾ ਅਤੇ ਰਾਕੇਸ਼ ਯਾਦਵ ਨੇ ਕਿਹਾ ਕਿ ਇਸ ਟੈਰਿਫ ਦਾ ਭਾਰਤ ਦੀ ਆਰਥਿਕਤਾ ’ਤੇ ਮਾੜਾ ਪ੍ਰਭਾਵ ਪਵੇਗਾ, ਜਿਸ ਨਾਲ ਦੇਸ਼ ਦੇ ਆਰਥਿਕ ਵਿਕਾਸ ਨੂੰ ਹੌਲੀ ਹੋ ਸਕਦਾ ਹੈ। ਪੰਮਾ ਅਤੇ ਰਾਕੇਸ਼ ਯਾਦਵ ਨੇ ਅਪੀਲ ਕੀਤੀ ਹੈ ਕਿ ਅਮਰੀਕੀ ਸਰਕਾਰ ਆਪਣੇ ਕਦਮ ’ਤੇ ਮੁੜ ਵਿਚਾਰ ਕਰੇ ਅਤੇ ਭਾਰਤ ਨਾਲ ਵਪਾਰਕ ਸਬੰਧਾਂ ਨੂੰ ਮਜ਼ਬੂਤ ਕਰਨ ਲਈ ਕੰਮ ਕਰੇ। ਉਨ੍ਹਾਂ ਕਿਹਾ ਕਿ ਸਮੱਸਿਆਵਾਂ ਦਾ ਹੱਲ ਦੋਵਾਂ ਦੇਸ਼ਾਂ ਵਿਚਕਾਰ ਸਹਿਯੋਗ ਅਤੇ ਸਮਝੌਤੇ ਰਾਹੀਂ ਹੀ ਕੀਤਾ ਜਾ ਸਕਦਾ ਹੈ। ਪੰਮਾ ਅਤੇ ਰਾਕੇਸ਼ ਯਾਦਵ ਨੇ ਪ੍ਰਧਾਨ ਮੰਤਰੀ ਨਰਿੰਦਰ ਮੋਦੀ ਨੂੰ ਵੀ ਅਪੀਲ ਕੀਤੀ ਹੈ ਕਿ ਉਹ ਜੀਐਸਟੀ ਵਿੱਚ ਵਪਾਰੀਆਂ ਨੂੰ ਵੱਧ ਤੋਂ ਵੱਧ ਰਾਹਤ ਦੇਣ ਦੇ ਨਾਲ-ਨਾਲ ਸਸਤੀਆਂ ਦਰਾਂ ’ਤੇ ਕਰਜ਼ਾ ਦੇਣ ਦੀ ਸਹੂਲਤ ਪ੍ਰਦਾਨ ਕਰਨ ਤਾਂ ਜੋ ਆਉਣ ਵਾਲੇ ਸਮੇਂ ਵਿੱਚ ਸਾਡੀਆਂ ਸਵਦੇਸ਼ੀ ਵਸਤਾਂ ਸਵਦੇਸ਼ੀ ਮੁੱਦਿਆਂ ਦਾ ਮੁਕਾਬਲਾ ਕਰ ਸਕਣ ਅਤੇ ਸਾਡੇ ਦੇਸ਼ ਵਿੱਚ ਸਸਤੀਆਂ ਵਸਤਾਂ ਪ੍ਰਦਾਨ ਕਰ ਸਕਣ।

ਆਵਾਜ਼ਿ ਕੌਮ AWAZE QAUM International Newspaper & WEB TV

# ਗੁਰਪਤਵੰਤ ਸਿੰਘ ਪਨੂੰ ਦੇ ਕਤਲ ਸਾਜ਼ਿਸ਼ ਮਾਮਲੇ ਵਿਚ ਨਾਮਜਦ ਵਿਕਾਸ ਯਾਦਵ ਵਿਰੁੱਧ ਦਿੱਲੀ ਅਦਾਲਤ ਨੇ ਜਾਰੀ ਕੀਤੇ ਗੈਰ-ਜ਼ਮਾਨਤੀ ਵਾਰੰਟ



**ਨਵੀਂ ਦਿੱਲੀ, 27 ਅਗਸਤ (ਮਨਪ੍ਰੀਤ ਸਿੰਘ ਖਾਲਸਾ)**:-ਦਿੱਲੀ ਦੀ ਇੱਕ ਅਦਾਲਤ ਨੇ ਰਿਸਰਚ ਐਂਡ ਐਨਾਲਿਸਿਸ ਵਿੰਗ (ਰਾਅ) ਦੇ ਸਾਬਕਾ ਅਧਿਕਾਰੀ ਵਿਕਾਸ ਯਾਦਵ, ਜਿਸਨੂੰ ਅਮਰੀਕਾ ਨੇ ਨਿਊਯਾਰਕ ਸਥਿਤ ਐਸਐਫਜੇ ਦੇ ਗੁਰਪਤਵੰਤ ਸਿੰਘ ਪਨੂੰ ਨੂੰ ਨਿਸ਼ਾਨਾ ਬਣਾ ਕੇ “ਭਾੜੇ ਲਈ ਕਤਲ” ਦੀ ਸਾਜ਼ਿਸ਼ ਅਤੇ ਮਨੀ ਲਾਂਡਰਿੰਗ ਦੇ ਕਥਿਤ ਮਾਮਲੇ ਵਿੱਚ ਨਾਮਜ਼ਦ ਕੀਤਾ ਸੀ, ਦੇ ਖਿਲਾਫ ਗੈਰ-ਜ਼ਮਾਨਤੀ ਵਾਰੰਟ ਜਾਰੀ ਕੀਤਾ ਹੈ, ਕਿਉਂਕਿ ਉਹ ਕਥਿਤ ਅਗਵਾ ਅਤੇ ਜਬਰੀ ਵਸੂਲੀ ਦੇ ਇੱਕ ਮਾਮਲੇ ਵਿੱਚ ਪੇਸ਼ ਨਹੀਂ ਹੋਇਆ ਸੀ। 25 ਅਗਸਤ ਨੂੰ ਪਾਸ ਕੀਤੇ ਗਏ ਹੁਕਮ ਦੇ ਅਨੁਸਾਰ , ਪਟਿਆਲਾ ਹਾਊਸ ਅਦਾਲਤਾਂ ਦੇ ਵਧੀਕ ਸੈਸ਼ਨ ਜੱਜ ਸੌਰਭ ਪ੍ਰਤਾਪ ਸਿੰਘ ਲਾਲੇਰ ਨੇ ਨੋਟ ਕੀਤਾ ਕਿ ਯਾਦਵ “ਸਵੇਰ ਤੋਂ ਵਾਰ-ਵਾਰ ਕਾਲਾਂ ਕਰਨ ਦੇ ਬਾਵਜੂਦ” ਗੈਰਹਾਜ਼ਰ ਸੀ। ਅਦਾਲਤ ਨੇ ਨਿਰਦੇਸ਼ ਦਿੱਤਾ, “ਦੋਸ਼ੀ ਵਿਕਾਸ ਯਾਦਵ ਵਿਰੁੱਧ ਗੈਰ-ਜ਼ਮਾਨਤੀ ਵਾਰੰਟ ਜਾਰੀ ਕੀਤੇ ਜਾਣ ਅਤੇ ਧਾਰਾ 491 ਬੀਐਨਐਸਐਸ (ਭਾਰਤੀ ਨਾਗਰਿਕ ਸੁਰੱਖਿਆ ਸੰਹਿਤਾ) ਦੇ ਤਹਿਤ ਉਸਦੀ ਜ਼ਮਾਨਤ ਨੂੰ 17 ਅਕਤੂਬਰ ਲਈ ਨੋਟਿਸ ਦਿੱਤਾ ਜਾਵੇ÷ ।ਯਾਦਵ ਨੂੰ ਪਿਛਲੀਆਂ ਸੁਣਵਾਈਆਂ ਵਿੱਚ ਪੇਸ਼ ਹੋਣ ਤੋਂ ਛੋਟ ਦਿੱਤੀ ਗਈ ਸੀ ਜਦੋਂ ਉਸਦੇ ਵਕੀਲ ਨੇ ਅਰਜ਼ੀ ਦਾਇਰ ਕੀਤੀ ਸੀ। ਨਵੰਬਰ 2023 ਵਿੱਚ, ਅਮਰੀਕੀ ਵਕੀਲਾਂ ਨੇ ਭਾਰਤੀ ਨਾਗਰਿਕ ਨਿਖਿਲ ਗੁਪਤਾ ’ਤੇ ਪੰਨੂ ਦੀ ਹੱਤਿਆ ਦੀ ਕੋਸ਼ਿਸ਼ ਦਾ ਦੋਸ਼ ਲਗਾਇਆ, ਇਹ ਕਹਿੰਦੇ ਹੋਏ ਕਿ ਉਹ ਉਸ ਸਮੇਂ ਸਿਰਫ “ਸੀ ਸੀ-1” ਵਜੋਂ ਪਛਾਣੇ ਗਏ ਇੱਕ ਭਾਰਤੀ ਸਰਕਾਰੀ ਅਧਿਕਾਰੀ ਦੇ ਨਿਰਦੇਸ਼ਾਂ ਹੇਠ ਕੰਮ ਕਰ ਰਿਹਾ ਸੀ। ਤਿੰਨ ਹਫ਼ਤੇ ਬਾਅਦ, 18 ਦਸੰਬਰ, 2023 ਨੂੰ, ਦਿੱਲੀ ਪੁਲਿਸ ਦੇ ਵਿਸ਼ੇਸ਼ ਸੈੱਲ ਨੇ ਰੋਹਿਣੀ ਨਿਵਾਸੀ ਦੀ ਸ਼ਿਕਾਇਤ ਦੇ ਆਧਾਰ ’ਤੇ ਯਾਦਵ ਨੂੰ ਅਗਵਾ ਅਤੇ ਜਬਰੀ ਵਸੂਲੀ ਦੇ ਇੱਕ ਵੱਖਰੇ ਮਾਮਲੇ ਵਿੱਚ ਗ੍ਰਿਫਤਾਰ ਕੀਤਾ। ਤਿਹਾੜ ਜੇਲ੍ਹ ਵਿੱਚ ਚਾਰ ਮਹੀਨੇ ਬਿਤਾਉਣ ਤੋਂ ਬਾਅਦ ਉਸਨੂੰ ਅਪ੍ਰੈਲ 2024 ਵਿੱਚ ਜ਼ਮਾਨਤ ਮਿਲ ਗਈ। ਉਸਦੀ ਰਿਹਾਈ ਤੋਂ ਬਾਅਦ ਉਸਦਾ ਪਤਾ ਨਹੀਂ ਹੈ। ਅਕਤੂਬਰ 2024 ਵਿੱਚ, ਅਮਰੀਕੀ ਅਧਿਕਾਰੀਆਂ ਨੇ ਵਿਕਾਸ ਯਾਦਵ ਦੇ ਨਾਮ ’ਤੇ “ਸੀ ਸੀ -1” ਨਾਮਕ ਇੱਕ ਦੂਜੇ ਸੁਪਰਸੀਡਿੰਗ ਦੋਸ਼ ਪੱਤਰ ਨੂੰ ਖੋਲ੍ਹਿਆ, ਜਿਸ ਵਿੱਚ ਉਸਨੂੰ ਪ੍ਰਧਾਨ ਮੰਤਰੀ ਦਫ਼ਤਰ ਦੇ ਅਧੀਨ ਕੈਬਨਿਟ ਸਕੱਤਰੇਤ ਦੇ ਇੱਕ ਅਧਿਕਾਰੀ ਵਜੋਂ ਦਰਸਾਇਆ ਗਿਆ ਸੀ। ਵਿਦੇਸ਼ ਮੰਤਰਾਲੇ ਨੇ ਬਾਅਦ ਵਿੱਚ ਕਿਹਾ ਕਿ ਉਹ “ਹੁਣ ਭਾਰਤ ਸਰਕਾਰ ਦਾ ਕਰਮਚਾਰੀ ਨਹੀਂ ਰਿਹਾ।÷ਇਸ ਸਾਲ ਡੋਨਾਲਡ ਟਰੰਪ ਦੇ ਦੂਜੇ ਰਾਸ਼ਟਰਪਤੀ ਅਹੁਦੇ ਦੇ ਉਦਘਾਟਨ ਤੋਂ ਪੰਜ ਦਿਨ ਪਹਿਲਾਂ, ਗ੍ਰਹਿ ਮੰਤਰਾਲੇ ਨੇ ਇੱਕ ਬਿਆਨ ਜਾਰੀ ਕੀਤਾ ਕਿ ਇੱਕ ਉੱਚ-ਸ਼ਕਤੀਸ਼ਾਲੀ ਸਰਕਾਰੀ ਕਮੇਟੀ ਨੇ “ਇੱਕ ਵਿਅਕਤੀ” ਵਿਰੁੱਧ “ਕਾਨੂੰਨੀ ਕਾਰਵਾਈ” ਦੀ ਸਿਫਾਰਸ਼ ਕੀਤੀ ਹੈ । ਇਸਨੇ ਪ੍ਰਕਿਰਿਆਵਾਂ ਵਿੱਚ ਖਾਮੀਆਂ ਨੂੰ ਵੀ ਸਵੀਕਾਰ ਕੀਤਾ ਜਿਨ੍ਹਾਂ ਨੂੰ ਠੀਕ ਕਰਨ ਦੀ ਲੋੜ ਸੀ, ਇਹ ਸੁਝਾਅ ਦਿੰਦੇ ਹੋਏ ਕਿ ਯਾਦਵ ਨੇ ਸੁਤੰਤਰ ਤੌਰ ’ਤੇ ਕੰਮ ਕੀਤਾ ਸੀ।

ਆਵਾਜ਼ਿ ਕੌਮ AWAZE QAUM International Newspaper & WEB TV

### ਸਰਕਾਰ ਵੱਲੋਂ ਭਾਈ ਗੁਰਮੀਤ ਸਿੰਘ ਬੁੱਕਣਵਾਲਾ ਦਾ ਸ਼ੋਅਰੂਮ ਢਾਹੁਣਾਂ ਸਿਆਸੀ ਬਦਲਾਖੋਰੀ : ਸ਼ਮਸ਼ੇਰ ਸਿੰਘ ਪੱਧਰੀ

# ਅੰਮ੍ਰਿਤਸਰ ਹਲਕਾ ਪੱਛਮੀ ਦੇ ਵਾਰਡ ਨੰਬਰ 1 ਵਿੱਚ ਵੱਡੀ ਇਕੱਤਰਤਾ, ਪੰਜ ਮੈਂਬਰੀ ਕਮੇਟੀ ਦਾ ਗਠਨ





**ਅੰਮ੍ਰਿਤਸਰ, 27 ਅਗਸਤ (ਆਵਾਜ਼ਿ ਕੌਮ ਬਿਊਰੋ)**-ਅਕਾਲੀ ਦਲ ਵਾਰਿਸ ਪੰਜਾਬ ਦੇ ਵੱਲੋਂ ਸਰਕਾਰ ਵੱਲੋਂ ਕੀਤੀ ਗਈ ਇਸ ਨਾਜਾਇਜ਼ ਕਾਰਵਾਈ ਦੀ ਸਖ਼ਤ ਨਿਖੇਧੀ ਕੀਤੀ ਜਾਂਦੀ ਹੈ ਜਿਸ ਅਧੀਨ ਭਾਈ ਗੁਰਮੀਤ ਸਿੰਘ ਬੁੱਕਣਵਾਲਾ ਦੇ ਸ਼ੋਅਰੂਮ ਨੂੰ ਬੇਰਹਿਮੀ ਨਾਲ ਢਾਹ ਦਿੱਤਾ ਗਿਆ। ਇਹ ਕਾਰਵਾਈ ਨਾਂ ਸਿਰਫ਼ ਇੱਕ ਵਿਅਕਤੀ ਦੇ ਰੋਜ਼ਗਾਰ ’ਤੇ ਵਾਰ ਹੈ, ਸਗੋਂ ਇਹ ਸਿੱਖ ਨੌਜਵਾਨਾਂ ਦੀ ਆਵਾਜ਼ ਨੂੰ ਦਬਾਉਣ ਅਤੇ ਪੰਥਕ ਚੇਤਨਾ ਨੂੰ ਕੁਚਲਣ ਦੀ ਕੋਸ਼ਿਸ਼ ਹੈ। ਸਰਕਾਰ ਲੋਕਾਂ ਨੂੰ ਡਰਾਉਣ ਅਤੇ ਖਾਮੋਸ਼ ਕਰਨ ਲਈ ਅਜਿਹੀਆਂ ਧੱਕੇਸ਼ਾਹੀਆਂ ਕਰ ਰਹੀ ਹੈ ਪਰ ਹਕੀਕਤ ਇਹ ਹੈ ਕਿ ਅਜਿਹੇ ਜ਼ੁਲਮ ਪੰਜਾਬ ਦੀ ਧਰਤੀ ’ਤੇ ਕਦੇ ਕਾਮਯਾਬ ਨਹੀਂ ਹੋਏ ਅਤੇ ਨਾਂ ਹੀ ਹੁਣ ਹੋਣਗੇ ਇਹਨਾਂ ਸ਼ਬਦਾਂ ਦਾ ਪ੍ਰਗਟਾਵਾ ਅਕਾਲੀ ਦਲ ਵਾਰਿਸ ਪੰਜਾਬ ਦੇ ਅੰਮ੍ਰਿਤਸਰ ਦੇ ਕਾਰਜਕਾਰੀ ਮੈਂਬਰ ਸ਼ਮਸ਼ੇਰ ਸਿੰਘ ਪੱਧਰੀ ਨੇ ਵਾਰਡ ਨੰਬਰ 1 ਵਿੱਚ ਰੱਖੀ ਗਈ ਇਕ ਇਕੱਤਰਤਾ ਦੌਰਾਨ ਕੀਤਾ। ਇਸ ਵਕਤ ਉਹਨਾਂ ਦੇ ਨਾਲ ਭਾਈ ਕੁਲਵਿੰਦਰ ਸਿੰਘ ਵਡਾਲੀ, ਜਥੇਦਾਰ ਹਰਪ੍ਰੀਤ ਸਿੰਘ ਖ਼ਾਲਸਾ, ਭਾਈ ਮਹਿੰਦਰਪਾਲ ਸਿੰਘ ਤੁੰਗ ਅਤੇ ਭਾਈ ਪ੍ਰਭਜੋਤ ਸਿੰਘ ਵੀ ਮੌਜੂਦ ਸਨ। ਉਹਨਾਂ ਨੇ ਬੋਲਦਿਆਂ ਹੋਇਆਂ ਕਿਹਾ ਕਿ ਇਹ ਖੁੱਲਾ ਰਾਜਨੀਤਿਕ ਬਦਲਾ ਸਾਫ਼ ਦਿਖਾਉਂਦਾ ਹੈ ਕਿ ਸਰਕਾਰ ਆਪਣੇਂ ਅਸਲ ਮੁੱਦਿਆਂ ਤੋਂ ਧਿਆਨ ਹਟਾਉਣ ਲਈ ਸਿਆਸੀ ਬਦਲਾਖੋਰੀ ਨੂੰ ਅੱਗੇ ਰੱਖਕੇ ਅਜਿਹੀਆਂ ਕਾਰਵਾਈਆਂ ਕਰ ਰਹੀ ਹੈ। ਅਕਾਲੀ ਦਲ ਵਾਰਿਸ ਪੰਜਾਬ ਦੇ ਸਪਸ਼ਟ ਕਰਦਾ ਹੈ ਕਿ ਸਾਡੀ ਜੁੱਝਾਰੂ ਲਹਿਰ ਸੱਚ ਅਤੇ ਨਿਆਂ ਲਈ ਹਰ ਪੱਧਰ ’ਤੇ ਜਾਰੀ ਰਹੇਗੀ ਅਤੇ ਅਜਿਹੀਆਂ ਧੱਕੇਸ਼ਾਹੀਆਂ ਦਾ ਡੱਟਕੇ ਜਵਾਬ ਦਿੱਤਾ ਜਾਵੇਗਾ। ਇਸਦੇ ਨਾਲ ਹੀ ਅੱਜ ਅੰਮ੍ਰਿਤਸਰ ਹਲਕਾ ਪੱਛਮੀ ਦੇ ਵਾਰਡ ਨੰਬਰ 1 ਵਿੱਚ ਗੁਰਦੁਆਰਾ ਬਾਬਾ ਜੀਵਨ ਸਿੰਘ ਜੀ ਘੰਨੂਪੁਰ ਵਿਖੇ ਇਕ ਵੱਡੀ ਇਕੱਤਰਤਾ ਕੀਤੀ ਗਈ ਜਿਸ ਵਿੱਚ ਸੰਗਤ ਨੇ ਭਰਪੂਰ ਹਾਜ਼ਰੀ ਭਰੀ। ਇਸ ਇਕੱਤਰਤਾ ਦੌਰਾਨ ਪੰਜ ਮੈਂਬਰੀ ਕਮੇਟੀ ਦਾ ਗਠਨ ਕੀਤਾ ਗਿਆ ਜੋ ਖੇਤਰ ਵਿੱਚ ਪਾਰਟੀ ਦੀਆਂ ਸਰਗਰਮੀਆਂ ਨੂੰ ਹੋਰ ਮਜ਼ਬੂਤੀ ਦੇਵੇਗੀ। ਇਹ ਕਮੇਟੀ ਸਿੱਖ ਨੌਜਵਾਨਾਂ ਅਤੇ ਲੋਕਾਂ ਦੀਆਂ ਅਸਲ ਮੁਸ਼ਕਲਾਂ ਨੂੰ ਉਠਾਉਂਦੇ ਹੋਏ ਅਕਾਲੀ ਦਲ ਵਾਰਿਸ ਪੰਜਾਬ ਦੇ ਦੇ ਪੰਥਕ ਤੇ ਲੋਕਤੰਤਰੀ ਮੋਰਚੇ ਨੂੰ ਹਰ ਪਿੰਡ ਤੇ ਹਰ ਵਾਰਡ ਤੱਕ ਪਹੁੰਚਾਉਣ ਵਿੱਚ ਅਹਿਮ ਭੂਮਿਕਾ ਨਿਭਾਵੇਗੀ। ਭਾਈ ਪੱਧਰੀ ਨੇ ਇਸ ਮੌਕੇ ਇਹ ਵੀ ਕਿਹਾ ਕਿ ਅਕਾਲੀ ਦਲ ਵਾਰਿਸ ਪੰਜਾਬ ਦੇ ਦਾ ਸੁਨੇਹਾ ਸਾਫ਼ ਹੈ ਕਿ ਸੱਚ ਨੂੰ ਦਬਾਇਆ ਨਹੀਂ ਜਾ ਸਕਦਾ, ਧਰਮ ਅਤੇ ਕੌਮ ਲਈ ਲੜਨ ਵਾਲੇ ਕਦੇ ਵੀ ਸਰਕਾਰੀ ਜ਼ੁਲਮਾਂ ਦੇ ਅੱਗੇ ਝੁਕਣ ਵਾਲੇ ਨਹੀਂ। ਪੰਜਾਬ ਦੀ ਧਰਤੀ ਇਨ੍ਹਾਂ ਧੱਕੇਸ਼ਾਹੀਆਂ ਦਾ ਹਮੇਸ਼ਾਂ ਵਿਰੋਧ ਕਰਦੀ ਆਈ ਹੈ ਅਤੇ ਅੱਗੇ ਵੀ ਕਰੇਗੀ। ਇਸ ਇਕੱਤਰਤਾ ਮੌਕੇ ਗਠਨ ਕੀਤੀ ਪੰਜ ਮੈਂਬਰੀ ਕਮੇਟੀ ਵਿੱਚ ਥਾਪੇ ਗਏ ਬਤੌਰ ਕਾਰਜਕਾਰੀ ਮੈਂਬਰ ਭਾਈ ਲਖਦੀਪ ਸਿੰਘ ਜੀ, ਭਾਈ ਗੁਰਪਾਲ ਸਿੰਘ ਜੀ, ਭਾਈ ਮਨਜੀਤ ਸਿੰਘ ਜੀ, ਭਾਈ ਗੁਰਲਾਲ ਸਿੰਘ ਜੀ, ਭਾਈ ਰਣਜੀਤ ਸਿੰਘ ਤੋਂ ਇਲਾਵਾ ਹਰਸੀਰਤ ਸਿੰਘ, ਮਨਦੀਪ ਸਿੰਘ, ਸੁਖਵਿੰਦਰ ਸਿੰਘ, ਹਰਸਿਮਰਨਜੀਤ ਸਿੰਘ, ਮੰਗਵਿੰਦਰ ਸਿੰਘ, ਗੁਰਜੋਤ ਸਿੰਘ, ਦਲਬੀਰ ਸਿੰਘ, ਸੁਰਮੁੱਖ ਸਿੰਘ, ਅਮਰੀਕ ਸਿੰਘ, ਮਨਦੀਪ ਸਿੰਘ, ਪ੍ਰਿਸੀਪਲ ਸਿੰਘ ਅਤੇ ਗੁਰਮੇਲ ਸਿੰਘ ਆਦਿ ਹਾਜ਼ਰ ਸਨ।

### ਕੱਥੂਨੰਗਲ ਦੇ ਨਾਮਵਰ ਪੱਤਰਕਾਰ ਡਾ. ਦਲਵਿੰਦਰ ਸਿੰਘ ਰੰਧਾਵਾ ਨੂੰ ਸਦਮਾ

# ਸੜਕ ਹਾਦਸੇ ’ਚ ਮਾਮਾ ਜੀ ਦਾ ਦੇਹਾਂਤ



**ਅੰਮ੍ਰਿਤਸਰ, 27 ਅਗਸਤ (ਆਵਾਜ਼ਿ ਕੌਮ ਬਿਊਰੋ)**- ਹਲਕਾ ਮਜੀਠਾ ਦੇ ਕਸਬਾ ਕੱਥੂਨੰਗਲ ਤੋਂ ਨਾਮਵਰ ਪੱਤਰਕਾਰ ਡਾ. ਦਲਵਿੰਦਰ ਸਿੰਘ ਰੰਧਾਵਾ ਨੂੰ ਉਸ ਦੇ ਮਾਮੇ ਨੰਬਰਦਾਰ ਸਤਨਾਮ ਸਿੰਘ ਝਾਂਮਕਾ ਦਾ ਇੱਕ ਸੜਕਾਂ ਹਾਦਸੇ ਦੌਰਾਨ ਦੁਖਦਾਈ ਦਿਹਾਂਤ ਹੋਣ ਨਾਲ ਗਹਿਰਾ ਸਦਮਾ ਪਹੁੰਚਾ ਹੈ। ਉਹ ਤਰਨ ਤਾਰਨ ਤੋਂ ਆਪਣੇ ਪਿੰਡ ਝਾਂਮਕਾ ਵਿਖੇ ਆ ਰਹੇ ਸਨ, ਉਨ੍ਹਾਂ ਦੀ ਗੱਡੀ ਪਿੰਡ ਪਲਾਸੌਰ ਲਾਗੇ ਸੰਤੁਲਨ ਵਿਗੜ ਜਾਣ ਕਾਰਨ ਸੜਕ ਦੇ ਕਿਨਾਰੇ ਦਰਖਤਾਂ ਵਿੱਚ ਜਾ ਵੱਜੀ ਅਤੇ ਮੌਕੇ ’ਤੇ ਉਹਨਾਂ ਦਾ ਦੇਹਾਂਤ ਹੋ ਗਿਆ । ਨੰਬਰਦਾਰ ਸਤਨਾਮ ਸਿੰਘ ਝਾਮਕਾ ਦੀ ਮ੍ਰਿਤਕ ਦੇਹ ਦਾ ਸਸਕਾਰ ਉਹਨਾਂ ਦੇ ਬੇਟੇ ਜਸਵਿੰਦਰ ਸਿੰਘ ਕੈਨੇਡਾ ਬੇਟੀ ਰਮਨਦੀਪ ਕੌਰ ਇੰਗਲੈਂਡ ਅਤੇ ਭਤੀਜਾ ਮਨਜਿੰਦਰ ਸਿੰਘ ਦੇ ਪੰਜਾਬ ਪਰਤ ਆਉਣ ’ਤੇ ਮਿਤੀ 28 ਅਗਸਤ ਨੂੰ ਕਰੀਬ 12ਵਜੇ ਉਹਨਾਂ ਦੇ ਜੱਦੀ ਪਿੰਡ ਝਾਮਕਾ ਨਜ਼ਦੀਕ ਝਬਾਲ ਵਿਖੇ ਕੀਤਾ ਜਾਵੇਗਾ।

ਇਸ ਮੌਕੇ ਉਹਨਾਂ ਦੇ ਪਰਿਵਾਰ ਨਾਲ ਸੋਗ ਪ੍ਰਗਟ ਕਰਨ ਵਾਲਿਆਂ ਵਿੱਚ ਦਲ ਪੰਥ ਬਿਧੀ ਚੰਦ ਸੁਰ ਸਿੰਘ ਦੇ ਮੁਖੀ ਸੰਤ ਬਾਬਾ ਅਵਤਾਰ ਸਿੰਘ ਜੀ, ਦਮਦਮੀ ਟਕਸਾਲ ਦੇ ਮੁਖੀ ਸੰਤ ਗਿਆਨੀ ਹਰਨਾਮ ਸਿੰਘ ਖ਼ਾਲਸਾ, ਭਾਜਪਾ ਬੁਲਾਰੇ ਪ੍ਰੋਫੈਸਰ ਸਰਚਾਂਦ ਸਿੰਘ ਖਿਆਲਾ, ਆਮ ਆਦਮੀ ਪਾਰਟੀ ਹਲਕਾ ਮਜੀਠਾ ਦੇ ਇੰਚਾਰਜ ਤਲਬੀਰ ਸਿੰਘ ਗਿੱਲ, ਵਿਧਾਇਕ ਸਰਵਣ ਸਿੰਘ ਧੁੰਨ ਖੇਮਕਰਨ, ਸੰਤ ਗੁਰਪਿੰਦਰ ਸਿੰਘ ਸਤਲਾਣੀ ਸਾਹਿਬ ਵਾਲੇ, ਬਾਬਾ ਗੁਰਦੇਵ ਸਿੰਘ ਜੀ, ਬਾਬਾ ਇੰਦਰਬੀਰ ਸਿੰਘ ਭੈਣੀ ਵਾਲੇ, ਬਾਬਾ ਹੀਰਾ ਸਿੰਘ ਠੱਠੀ ਖਾਰਾ, ਬਾਬਾ ਗੁਰਵਿੰਦਰ ਸਿੰਘ, ਬਾਬਾ ਵੀਰ ਸਿੰਘ ਜੀਓ ਬਾਲਾ,ਬਾਬਾ ਭੋਲਾ ਸਿੰਘ, ਬਾਬਾ ਬੁੱਢਾ ਸਿੰਘ ਸ਼ਹੀਦਾਂ ਵਾਲੇ,ਸਰਪੰਚ ਸੁਖਵਿੰਦਰ ਸਿੰਘ ਗਲਾਲੀਪੁਰ,ਡਾਕਟਰ ਸੁਖਵਿੰਦਰ ਸਿੰਘ ਰੰਧਾਵਾ,ਦਿਲਬਾਗ ਸਿੰਘ ਗੁਲਾਲੀਪੁਰ,ਬਾਬਾ ਰਜਿੰਦਰ ਪਾਲ ਸਿੰਘ ਮੱਲੂਵਾਲ,ਸਰਪੰਚ ਸੋਨੂ ਸ਼ਾਹ, ਡਾਕਟਰ ਪਰਮਜੀਤ ਸਿੰਘ ਜੀਓਬਾਲਾ, ਬਾਬਾ ਲਾਭ ਸਿੰਘ, ਬਾਰਾ ਸਿੰਘ,ਬਲਕਾਰ ਸਿੰਘ ਗਲਾਲੀਪੁਰ ਸ਼ਾਮਿਲ ਹਨ। ਜਿਨ੍ਹਾਂ ਨੇ ਨੰਬਰਦਾਰ ਸਤਨਾਮ ਸਿੰਘ ਝਾਮਕਾ ਦੇ ਸਦੀਵੀ ਵਿਛੋੜੇ ’ਤੇ ਪਰਿਵਾਰ ਨਾਲ ਦਿਲੀ ਹਮਦਰਦੀ ਪ੍ਰਗਟ ਕੀਤੀ ਅਤੇ ਉਨ੍ਹਾਂ ਨੂੰ ਭਾਣਾ ਮੰਨਣ ਦਾ ਬਲ ਅਤੇ ਵਿੱਛੜੀ ਆਤਮਾ ਨੂੰ ਗੁਰੂ ਚਰਨਾਂ ’ਚ ਨਿਵਾਸ ਬਖ਼ਿਸ਼ਸ਼ ਕਰਨ ਦੀ ਅਰਦਾਸ ਕੀਤੀ।

**☛ 28 ਤਰੀਕ 12 ਵਜੇ ਵਿਦੇਸ਼ੋਂ ਬੱਚਿਆਂ ਦੇ ਆਉਣ ’ਤੇ ਪਿੰਡ ਝਾਂਮਕਾ ਵਿਖੇ ਕੀਤਾ ਜਾਵੇਗਾ ਸਸਕਾਰ ☛ ਸੰਤ ਸਮਾਜ ਅਤੇ ਸਿਆਸੀ ਆਗੂਆਂ ਵੱਲੋਂ ਦੁੱਖ ਦਾ ਪ੍ਰਗਟਾਵਾ**

ਆਵਾਜ਼ਿ ਕੌਮ AWAZE QAUM International Newspaper & WEB TV
ਸਿੱਖ ਕੌਮ ਅਤੇ ਪੰਜਾਬੀਅਤ ਦਾ ਪਹਿਰੇਦਾਰ
ਆਵਾਜ਼ਿ ਕੌਮ
ਵਿੱਚ ਵਿਸ਼ਵ ਪੱਧਰ ’ਤੇ ਇਸ਼ਤਿਹਾਰ ਦੇਣ ਲਈ ਸੰਪਰਕ ਕਰੋ :
+447458381111 +447976210161 +919729091243

# ਕਾਮਰਸ ਦੇ ਵਿਦਿਆਰਥੀਆਂ ਦਾ ਨਤੀਜਾ ਸ਼ਾਨਦਾਰ ਰਿਹਾ



**ਧੂਰੀ (ਰਣਜੀਤ ਸਿੰਘ ਪੇਧਨੀ )**-ਪੰਜਾਬੀ ਯੂਨੀਵਰਸਿਟੀ ਪਟਿਆਲਾ ਵੱਲੋਂ ਹਾਲ ਹੀ ’ਚ ਐਲਾਨੇ ਨਤੀਜੇ ਦੌਰਾਨ ਯੂਨੀਵਰਸਿਟੀ ਕਾਲਜ ਬੇਨੜਾ ਦੇ ਕਾਮਰਸ ਵਿਭਾਗ ਦੇ ਬੀ ਕਾਮ ਭਾਗ ਤੀਜਾ ਦੇ ਵਿਦਿਆਰਥੀਆਂ ਨੇ ਸ਼ਾਨਦਾਰ ਅੰਕ ਹਾਸਲ ਕੀਤੇ। ਨਤੀਜੇ ਸਬੰਧੀ ਜਾਣਕਾਰੀ ਦਿੰਦੇ ਹੋਏ ਕਾਮਰਸ ਵਿਭਾਗ ਦੇ ਕੋਆਰਡੀਨੇਟਰ ਡਾ. ਅਮੀਤਾ ਜੈਨ ਨੇ ਕਿਹਾ ਕਿ ਅਨਾਮਿਕਾ ਨੇ 80.42 ਫ਼ੀਸਦੀ, ਬਲਰਾਜ ਨੇ 78.35 ਫ਼ੀਸਦੀ ਅਤੇ ਸ਼ੁਭਮ ਨੇ 77.32 ਫ਼ੀਸਦੀ ਅੰਕ ਪ੍ਰਾਪਤ ਕਰਕੇ ਕਾਲਜ ਵਿੱਚੋਂ ਕ੍ਰਮਵਾਰ ਪਹਿਲਾ ਦੂਜਾ ਅਤੇ ਤੀਜਾ ਸਥਾਨ ਹਾਸਲ ਕੀਤਾ ਹੈ। ਕਾਲਜ ਪ੍ਰਿੰਸੀਪਲ ਡਾ. ਹਰਵਿੰਦਰ ਸਿੰਘ ਮੰਡ ਨੇ ਵਿਦਿਆਰਥੀਆਂ ਦੀਆਂ ਇਨ੍ਹਾਂ ਅਕਾਦਮਿਕ ਪ੍ਰਾਪਤੀਆਂ ਲਈ ਮੁਬਾਰਕਬਾਦ ਦਿੱਤੀ ਤੇ ਵਿਦਿਆਰਥੀਆਂ ਦੇ ਸੁਨਹਿਰੇ ਭਵਿੱਖ ਦੀ ਕਾਮਨਾ ਕੀਤੀ। ਚੰਗੇ ਅਕਾਦਮਿਕ ਪ੍ਰਦਰਸ਼ਨ ਲਈ ਕਾਲਜ ਦੇ ਯੋਗ ਤੇ ਤਜਰਬੇਕਾਰ ਅਧਿਆਪਕਾਂ ਦੀ ਵੀ ਪ੍ਰਸ਼ੰਸਾ ਕੀਤੀ।

# ਸ਼ਗਨ ਸਕੀਮ ਲਈ ਮੈਰਿਜ ਸਰਟੀਫਿਕੇਟ ਦੀ ਸ਼ਰਤ ਹਟਾਉਣਾ ਮਾਨ ਸਰਕਾਰ ਦਾ ਸ਼ਲਾਘਾਯੋਗ ਫ਼ੈਸਲਾ :ਚੇਅਰਮੈਨ ਢਿੱਲੋਂ



**ਧੂਰੀ ( ਰਣਜੀਤ ਸਿੰਘ ਪੇਧਨੀ )** ਪੰਜਾਬ ਸਰਕਾਰ ਵੱਲੋਂ ਲੋੜਵੰਦ ਧੀਆਂ ਦੇ ਵਿਆਹ ਮੌਕੇ ਸ਼ਗਨ ਸਕੀਮ ਵਜੋਂ ਮਿਲਣ ਵਾਲੀ 51000 ਰੁਪਏ ਦੀ ਰਾਸ਼ੀ ਲਈ ਤਹਿਸੀਲਦਾਰ ਵੱਲੋਂ ਜਾਰੀ ਮੈਰਿਜ ਸਰਟੀਫਿਕੇਟ ਦੀ ਸ਼ਰਤ ਹਟਾ ਕੇ ਧਾਰਮਿਕ ਅਸਥਾਨ ਵੱਲੋਂ ਜਾਰੀ ਸਰਟੀਫਿਕੇਟ ਲਾਗੂ ਕੀਤੇ ਜਾਣ ਲਈ ਮੁੱਖ ਮੰਤਰੀ ਪੰਜਾਬ ਸ. ਭਗਵੰਤ ਸਿੰਘ ਮਾਨ ਦਾ ਧੰਨਵਾਦ ਕਰਦਿਆ ਮੁੱਖ ਮੰਤਰੀ ਕੈਂਪਸ ਦੇ ਇੰਚਾਰਜ ਦਲਵੀਰ ਸਿੰਘ ਢਿੱਲੋ ਚੇਅਰਮੈਨ ਲਘੂ ਉਦਯੋਗ ਨਿਗਮ ਪੰਜਾਬ ਨੇ ਕਿਹਾ ਕਿ ਪਿਛਲੇ ਵਿਧਾਨ ਸਭਾ ਸੈਸ਼ਨ ਦੌਰਾਨ ਮੰਗ ਉਠਾਈ ਗਈ ਸੀ ਕਿ ਸ਼ਗਨ ਸਕੀਮ ਲਈ ਮੈਰਿਜ ਸਰਟੀਫਿਕੇਟ ਦੀ ਜ਼ਰੂਰਤ ਨੂੰ ਖਤਮ ਕਰਕੇ ਧਾਰਮਿਕ ਸਥਾਨ ਤੋਂ ਮਿਲਣ ਵਾਲੇ ਪ੍ਰਮਾਣ ਪੱਤਰ ਨੂੰ ਹੀ ਆਧਾਰ ਮੰਨ ਕੇ ਇਸ ਸਕੀਮ ਦਾ ਲਾਭ ਸਾਡੇ ਸੂਬੇ ਦੇ ਲੋਕਾਂ ਨੂੰ ਦਿੱਤਾ ਜਾਵੇ। ਉਨ੍ਹਾਂ ਕਿਹਾ ਕਿ ਮੁੱਖ ਮੰਤਰੀ ਪੰਜਾਬ ਭਗਵੰਤ ਸਿੰਘ ਮਾਨ ਨੇ ਇਸ ਸ਼ਗਨ ਸਕੀਮ ਤਹਿਤ ਮਿਲਣ ਵਾਲੀ 51000 ਰੁਪਏ ਦੀ ਰਾਸ਼ੀ ਲੈਣ ਲਈ ਕਾਗਜ਼ੀ ਕਾਰਵਾਈ ਨੂੰ ਬਿਲਕੁੱਲ ਸੌਖਾ ਕਰ ਦਿੱਤਾ ਹੈ, ਜਿਸ ਨਾਲ ਕਿ ਲੋੜਵੰਦ ਲੋਕਾਂ ਨੂੰ ਧੀਆਂ ਦੇ ਵਿਆਹ ਮੌਕੇ ਵੱਡਾ ਸਹਾਰਾ ਮਿਲੇਗਾ। ਇਸ ਮੌਕੇ ਜਗਤਾਰ ਸਿੰਘ ਬਾਗੜੀ , ਗਿੰਨੀ ਸਲੇਮਪੁਰ ,ਮਨਪ੍ਰੀਤ ਸਿੰਘ ਸਲੇਮਪੁਰ ਹਾਜ਼ਰ ਸਨ ।

# ਨੌਜਵਾਨਾਂ ਨੂੰ ਨਸ਼ਿਆਂ ਤੋਂ ਦੂਰ ਰੱਖਣ ’ਚ ਖੇਡਾਂ ਨਿਭਾ ਰਹੀਆਂ ਨੇ ਸਾਰਥਿਕ ਭੂਮਿਕਾ : ਚੇਅਰਮੈਨ ਘੁੱਲੀ



**ਧੂਰੀ ( ਰਣਜੀਤ ਸਿੰਘ ਪੇਧਨੀ )**-ਪੰਜਾਬ ਦੇ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦੀ ਅਗਵਾਈ ਹੇਠ ਪੰਜਾਬ ਸਰਕਾਰ ਨੌਜਵਾਨਾਂ ਨੂੰ ਖੇਡਣ ਦਾ ਸ਼ਾਨਦਾਰ ਪਲੇਟਫਾਰਮ ਮੁਹੱਈਆ ਕਰਵਾ ਰਹੀ ਹੈ, ਜਿਸ ਦੇ ਚੱਲਦਿਆਂ ਉੱਭਰਦੇ ਖਿਡਾਰੀਆਂ ਨੂੰ ਓਲੰਪਿਕ ਅਤੇ ਹੋਰ ਵਿਸ਼ਵ ਪੱਧਰੀ ਖੇਡ ਮੁਕਾਬਲਿਆਂ ਵਿੱਚ ਹਿੱਸਾ ਲੈਣ ਦੇ ਯੋਗ ਬਣਾਉਣ ਲਈ 13,000 ਅਤਿ ਆਧੁਨਿਕ ਪੇਂਡੂ ਖੇਡ ਮੈਦਾਨ ਬਣਾਉਣ ਦੀ ਯੋਜਨਾ ਲਾਗੂ ਕੀਤੀ ਹੈ। ਇਹ ਮਾਨ ਸਰਕਾਰ ਦਾ ਫੈਸਲਾ ਸਲਾਘਾਯੋਗ ਫ਼ੈਸਲਾ ਹੈ । ਇਨ੍ਹਾਂ ਵਿਚਾਰਾਂ ਦਾ ਪ੍ਰਗਟਾਵਾ ਮੁੱਖ ਮੰਤਰੀ ਕੈਂਪਸ ਦਫ਼ਤਰ ਇੰਚਾਰਜ ਰਾਜਵੰਤ ਸਿੰਘ ਘੁੱਲੀ ਚੇਅਰਮੈਨ ਮਾਰਕੀਟ ਕਮੇਟੀ ਧੂਰੀ ਨੇ ਕੀਤਾ । ਉਨਾ ਕਿਹਾ ਕਿ ਸੂਬਾ ਸਰਕਾਰ ਵਲੋਂ ਪਿੰਡਾਂ ਵਿੱਚ 3073 ਖੇਡ ਮੈਦਾਨਾਂ ਦੀ ਉਸਾਰੀ ਦਾ ਕੰਮ ਸ਼ੁਰੂ ਹੋ ਚੁੱਕਾ ਹੈ। ਖੇਡ ਬੁਨਿਆਦੀ ਢਾਂਚੇ ਦੇ ਵਿਕਾਸ ਜਾਂ ਨੌਜਵਾਨਾਂ ਦੇ ਚਹੁੱਖੀ ਵਿਕਾਸ ਲਈ ਇਸ ਤੋਂ ਪਹਿਲਾਂ ਕੋਈ ਸਾਰਥਕ ਕਦਮ ਨਹੀਂ ਚੁੱਕੇ ਗਏ ਸਨ ਪਰ ਆਮ ਆਦਮੀ ਪਾਰਟੀ ਦੀ ਸਰਕਾਰ ਨੇ ਖੇਡਾਂ ਨੂੰ ਉਤਸ਼ਾਹਿਤ ਕਰਨ ’ਤੇ ਵਿਸ਼ੇਸ਼ ਧਿਆਨ ਦਿੱਤਾ ਹੈ। ਉਨ੍ਹਾਂ ਕਿਹਾ ਕਿ ਪੰਜਾਬ ਦੇ ਪੇਂਡ ਖੇਤਰਾਂ ਵਿਚ ਖੇਡ ਮੈਦਾਨ ਬਣਾਉਣ ਨਾਲ ਖੇਡ ਸੱਭਿਆਚਾਰ ਪ੍ਰਫੁੱਲਤ ਹੋਵੇਗਾ ਅਤੇ ਨੌਜਵਾਨਾਂ ਨੂੰ ਨਸ਼ਿਆਂ ਦੀ ਲਾਹਨਤ ਤੋ ਦੂਰ ਰੱਖਣ ਵਿਚ ਮਦਦ ਮਿਲੇਗੀ।

### ਸੰਤ ਬਾਬਾ ਬਲਜਿੰਦਰ ਸਿੰਘ ਜੀ ਰਾੜਾ ਸਾਹਿਬ ਵਾਲੇ ਮਹਾਂਪੁਰਖਾਂ ਦਾ

# ਅੰਤਿਮ ਸੰਸਕਾਰ ਅੱਜ ਰਾੜ੍ਹਾ ਸਾਹਿਬ ਵਿਖੇ ਕੀਤਾ ਗਿਆ

## ਦਮਦਮੀ ਟਕਸਾਲ ਦੇ ਮੁਖੀ ਸੰਤ ਗਿਆਨੀ ਹਰਨਾਮ ਸਿੰਘ ਜੀ ਭਿੰਡਰਾਂਵਾਲਿਆਂ ਸਮੇਤ ਅਨੇਕਾਂ ਪੰਥਕ ਸ਼ਖਸੀਅਤਾਂ ਨੇ ਭੇਟ ਕੀਤੀਆਂ ਸ਼ਰਧਾਂਜਲੀਆਂ • ਸੰਗਤਾਂ ਦਾ ਆਇਆ ਹੜ੍ਹ






















**ਰਾੜਾ ਸਾਹਿਬ, 27 ਅਗਸਤ (ਆਵਾਜਿ ਕੌਮ ਬਿਉਰੋ ਰਿਪੋਰਟ)** -ਅੱਜ ਸੰਪ੍ਰਦਾਇ ਰਾੜਾ ਸਾਹਿਬ ਵਿਖੇ ਸੰਤ ਬਾਬਾ ਬਲਜਿੰਦਰ ਸਿੰਘ ਜੀ ਰਾੜਾ ਸਾਹਿਬ ਵਾਲੇ ਮਹਾਂਪੁਰਖਾਂ ਦਾ ਅੰਤਿਮ ਸੰਸਕਾਰ ਕੀਤਾ ਗਿਆ। ਸੰਗਤਾਂ ਦਾ ਵਰਦੇ ਮੀਂਹ ਵਿੱਚ ਆਇਆ ਹੋਇਆ ਹੜ ਦੱਸ ਰਿਹਾ ਸੀ ਕਿ ਸੰਤਾਂ ਨਾਲ ਸਭ ਦਾ ਕਿਨਾ ਪਿਆਰ ਸਤਿਕਾਰ ਸੀ, ਬਹੁਤ ਜ਼ਿਆਦਾ ਭਾਰੀ ਮੀਂਹ ਦੇ ਕਾਰਨ ਵੀ ਸੰਗਤਾਂ ਨੇ ਅੰਤਿਮ ਸੰਸਕਾਰ ਸਮੇਂ ਹਾਜ਼ਰੀ ਭਰ ਕੇ ਨਮ ਅੱਖਾਂ ਨਾਲ ਸ਼ਰਧਾਂਜਲੀ ਦਿੱਤੀ। ਸਮੂਹ ਸੇਵਾਦਾਰਾਂ ਨੇ ਭਾਰੀ ਮੀਂਹ ਵਿੱਚ ਵੀ ਆਪਣੀਆਂ ਸੇਵਾਵਾਂ ਨਿਭਾਈਆਂ। ਇਸ ਅੰਤਿਮ ਸੰਸਕਾਰ (ਅੰਤਿਮ ਯਾਤਰਾ) ਸਮੇਂ ਵੱਖ ਵੱਖ ਮਹਾਂਪੁਰਖਾਂ ਅਤੇ ਪੰਥ ਦੀਆਂ ਮਹਾਨ ਸ਼ਖ਼ਸੀਅਤਾਂ ਵੱਲੋਂ ਹਾਜ਼ਰੀ ਲਗਵਾਈ ਗਈ ਅਤੇ ਸੰਤਾਂ ਨੂੰ ਮਰਿਯਾਦਾ ਅਨੁਸਾਰ ਅੰਤਿਮ ਯਾਤਰਾ ਕਰਵਾਈ ਗਈ। ਸਮੂਹ ਸੰਤਾਂ ਮਹਾਂਪੁਰਖਾਂ ਅਤੇ ਸੰਗਤਾਂ ਨੇ ਦੂਰੋਂ ਨੇੜਿਉਂ ਚੱਲ ਕੇ ਅੰਤਿਮ ਸੰਸਕਾਰ ਵਿੱਚ ਹਾਜ਼ਰੀ ਭਰ ਕੇ ਗੁਰਬਾਣੀ ਕੀਰਤਨ ਦੇ ਲਾਹੇ ਪ੍ਰਾਪਤ ਕੀਤੇ। ਸੰਤ ਬਾਬਾ ਬਲਜਿੰਦਰ ਸਿੰਘ ਜੀ ਮਹਾਂਪੁਰਖਾਂ ਦਾ ਸ਼ਰਧਾਂਜਲੀ ਸਮਾਗਮ (ਦੁਸਹਿਰਾ ਸਮਾਗਮ) 3 ਤਾਰੀਖ ਨੂੰ ਰਾੜਾ ਸਾਹਿਬ ਵਿਖੇ ਹੀ ਮਨਾਇਆ ਜਾਵੇਗਾ। ਗੁਰੂ ਦੇ ਲੰਗਰ ਸਾਰਾ ਦਿਨ ਅਤੁੱਟ ਵਰਤਾਏ ਗਏ।

**-ਗੁਰਪ੍ਰੀਤ ਸਿੰਘ, ਲੁਧਿਆਣਾ**

ਆਵਾਜ਼ਿ ਕੌਮ AWAZE QAUM International Newspaper & WEB TV






ਹਮ ਰਾਖਤ ਪਾਤਿਸ਼ਾਹੀ ਦਾਵਾ ॥ ਜਾਂ ਇਤ ਕੋ ਜਾਂ ਅਗਲੋ ਪਾਵਾ ॥
ਗੁਰੂ ਨਾਨਕ ਦੇਵ ਜੀ ਦੇ ਪ੍ਰਕਾਸ਼ ਗੁਰਪੁਰਬ, ਗੁਰੂ ਤੇਗ ਬਹਾਦਰ ਜੀ ਦੇ 350 ਸਾਲਾ ਸ਼ਹੀਦੀ ਸ਼ਤਾਬਦੀ, ਗੁਰੂ ਗੋਬਿੰਦ ਸਿੰਘ ਸਾਹਿਬ ਜੀ ਦੀ ਗੁਰਤਗੱਦੀ ਦਿਵਸ, ਮਾਤਾ ਸਾਹਿਬ ਕੌਰ ਜੀ ਦਾ ਜਨਮ ਦਿਹਾੜਾ, ਭਾਈ ਮਤੀ ਦਾਸ, ਭਾਈ ਸਤੀ ਰਾਮ, ਭਾਈ ਦਿਆਲ ਦਾਸ, ਭਾਈ ਜੈਤਾ ਅਤੇ ਭਾਈ ਲੱਖੀ ਸ਼ਾਹ ਬਨਜਾਰਾ ਨੂੰ ਸਮਰਪਿਤ
29ਵਾਂ
ਸਲਾਨਾ ਗੁਰਮਤਿ ਸਮਾਗਮ
ਸੰਤ ਬਾਬਾ ਜਰਨੈਲ ਸਿੰਘ ਜੀ ਖਾਲਸਾ ਭਿੰਡਰਾਂਵਾਲੇ
ਗੁਰਦੁਆਰਾ ਸ਼ਹੀਦਾਂ, ਪਿੰਡ ਜੱਸੋਵਾਲ (ਬੀਹੜਾਂ) ਬੱਬਰਾਂ ਦੇ ਹਾਈ ਕੋਰਟ
20 ਅਕਤੂਬਰ ਦਿਨ ਸੋਮਵਾਰ ਤੋਂ 1 ਨਵੰਬਰ ਦਿਨ ਸ਼ਨੀਵਾਰ ਤੱਕ 13 ਦਿਨ ਸਮਾਗਮ
ਮਿਤੀ 1 ਨਵੰਬਰ 2025 ਦਿਨ ਸ਼ਨੀਵਾਰ
ਨੂੰ ਸ਼੍ਰੀ ਅਖੰਡ ਪਾਠ ਸਾਹਿਬਾਂ ਜੀ ਦੇ ਭੋਗ ਉਪਰੰਤ ਦੀਵਾਨ ਸਜਣਗੇ ।
ਗੁਰੂ ਦੇ ਲੰਗਰ ਅਤੇ ਚਾਹ-ਪਕੌੜਿਆਂ ਦੇ ਲੰਗਰ ਅਤੁੱਟ ਵਰਤਣਗੇ ।
1 ਨਵੰਬਰ 2025 ਦਿਨ ਸ਼ਨੀਵਾਰ ਨੂੰ
ਲੜੀ ਭੋਗ ਸ਼੍ਰੀ ਅਖੰਡ ਪਾਠ ਸਾਹਿਬ 10-00 ਵਜੇ ਸਵੇਰੇ
ਸਿੰਘ ਸਾਹਿਬ ਭਾਈ ਜਸਵੀਰ ਸਿੰਘ ਰੋਡੇ
ਖੁੱਲ੍ਹੇ ਪੰਡਾਲ ਵਿੱਚ ਸਵੇਰੇ 10-00 ਵਜੇ ਤੋਂ ਸ਼ਾਮ 4-00 ਵਜੇ ਤੱਕ ਦੀਵਾਨ ਸਜਣਗੇ ।
ਸੰਤ ਬਾਬਾ ਚਰਨਜੀਤ ਸਿੰਘ ਜੱਸੋਵਾਲ
ਦਮਦਮੀ ਟਕਸਾਲ
ਮੈਂਬਰ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ
ਮੁੱਖ ਬੁਲਾਰਾ ਅੰਤਰਰਾਸ਼ਟਰੀ ਇੰਟਰਨੈਸ਼ਨਲ ਪੰਥਕ ਦਲ
ਮੋ: 98141-27470, 73408-35137
ਜਾਰੀ ਕਰਤਾ :- ਜਰਨੈਲ ਸਿੰਘ ਢਿੱਲੋਂ, 84278-66404
ਆਵਾਜ਼ਿ ਕੌਮ AWAZE QAUM International Newspaper & WEB TV

ਨਾਨਕ ਦੁਨੀਆਂ ਕੈਂਸੀ ਹੋਈ , ਸਾਲਕ ਮਿੱਤ ਨਾ ਰਹਿਓ ਕੋਈ

# ਭਾਈਬੰਦੀ ਹੇਤ ਚੁਕਾਇਆ , ਦੁਨੀਆਂ ਕਾਰਣ ਦੀਨ ਗਵਾਇਆ॥



ਪਰਮਿੰਦਰ ਸਿੰਘ ਬੱਲ
ਪ੍ਰਧਾਨ ਸਿੱਖ ਫੈਡਰੇਸ਼ਨ ਯੂ .ਕੇ.
Email:psbal46@gmail.com

"ਨਾਨਕ ਦੁਨੀਆਂ ਕੈਂਸੀ ਹੋਈ , ਸਾਲਕ ਮਿੱਤ ਨਾ ਰਹਿਓ ਕੋਈ ।ਭਾਈਬੰਦੀ ਹੇਤ ਚੁਕਾਇਆ ,ਦੁਨੀਆਂ ਕਾਰਣ ਦੀਨ ਗਵਾਇਆ ॥ " —ਇੱਕ ਝੂਠ ਨੂੰ ਛੁਪਾਉਣ ਲਈ ਕਿਤਨੇ ਨਵੇਂ ਝੂਠ ਘੜੇ ਜਾ ਰਹੇ ਹਨ – ਜਦੋ ਚੈਰਿਟੀ ਕਮਿਸ਼ਨ ਨੂੰ ਝੂਠ ਦੱਸਿਆ ਗਿਆ , ਕਿ ਖਾਲਿਸਤਾਨ ਸਿਖਾਂ ਦਾ ਧਾਰਮਿਕ ਸ਼ਬਦ ਹੈ ।ਕਮਿਸ਼ਨ ਨੇ ਇਸ ਝੂਠ ਨੂੰ ਮੰਨ ਕੇ ਵੀ ਯਕੀਨ ਨਹੀਂ ਕੀਤਾ । ਜੋ ਪਾਬੰਦੀਆਂ ਗੁਰੂ ਘਰ ਤੇ ਲਗਾ ਦਿੱਤੀਆਂ ,ਉਹ ਪੜੋ ਤਾਂ ਝੂਠ ਤੋ ਹੋਰ ਪਰਦਾ ਉੱਠੇਗਾ –ਚੈਰਿਟੀ ਕਮਿਸ਼ਨ ਹੂ ਬਹੂ ਆਦੇਸ਼ ਦੇ ਰਿਹਾ ਹੈ ਕਿ – "ਗੁਰਦੁਆਰੇ ਅੰਦਰ , ਇੰਡੀਆ ਵਿੱਚ ਵੱਖਰੀ ਸਟੇਟ ਬਾਰੇ ਪ੍ਰਚਾਰ ਨਹੀਂ ਕੀਤਾ ਜਾ ਸਕਦਾ, ਕੋਈ ਇਸ ਸਬੰਧੀ ਪੈਸਾ ਇਕੱਤਰ ਨਹੀਂ ਕੀਤਾ ਜਾ ਸਕਦਾ ,ਇਹ ਸਪਸ਼ਟ ਕਿ ਚੈਰਿਟੀ ਖਾਲਿਸਤਾਨ ਦੀ ਸਥਾਪਤੀ ਦੇ ਪ੍ਰਚਾਰ ਨੂੰ ਬਿਲਕੁਲ ਉਤਸ਼ਾਹਿਤ (Promote) ਨਹੀਂ ਕਰਦੀ " ।ਹੁਣ ਸੰਬੰਧਤ ਭਾਈਬੰਦਾਂ ਨੇ ਫਿਰ ਆਪਣੀ ਗੱਲ ਦੁਹਰਾਈ ਹੈ ਤੇ ਕਿਹਾ ਹੈ ਕਿ "ਗੁਰਦੁਆਰਾ ਸਾਹਿਬਾਨ ਵਿੱਚ ਖਾਲਿਸਤਾਨ ਦੀਆਂ ਤਖ਼ਤੀਆਂ ਲਗਾਣ ਦੇ ਨਾਲ " ਸੁਤੰਤਰ ਸਿੱਖ ਰਾਜ" ਵਜੋਂ ਖਾਲਿਸਤਾਨ ਦੀ ਪ੍ਰਾਪਤੀ ਲਈ ਪ੍ਰਚਾਰ ਜਾਰੀ ਰੱਖਣ ਲਈ ਵੀ ਸੁਤੰਤਰ ਹਨ ।" ਇਹ ਗੁਮਰਾਹ ਕੁਨ ਹੈ , ਅਫ਼ਸੋਸ ਨਾਲ ਕਹਿ ਰਿਹਾ ਹਾਂ ਕਿ ਝੂਠ ਹੈ ।ਮੇਰੀ ਗੱਲ ਦਿਆਨਤਦਾਰੀ ਨਾਲ ਪੜੋ ਤੇ ਸਹੀ ਵਿਚਾਰ ਕਰੋ ।ਕੌਮੀ ਮਸਲਾ ਹੈ ।ਮੈਂ ਇੱਕ ਸੱਚ ਲਿਖ ਚੁੱਕਾ ਹਾਂ ਕਿ " ਖਾਲਿਸਤਾਨ " ਨੂੰ ਧਾਰਮਿਕ ਸ਼ਬਦ ਕਹਿਣ ਦੇ ਆਸਰੇ ਜੋ ਚੈਰਿਟੀ ਨੂੰ ਭਾਵੇਂ ਹੀ ਗੁਮਰਾਹ ਕੀਤਾ , ਪਰ ਚੈਰਿਟੀ ਨੇ ਫਿਰ ਵੀ ਝੂਠ ਤੇ ਯਕੀਨ ਨਹੀਂ ਕੀਤਾ ,ਸਗੋਂ ਸਖ਼ਤ ਹਦਾਇਤਾਂ ਦਿਤੀਆਂ ਹਨ ।ਇਹ ਯੂ ਕੇ ਦੇ ਸਾਰੇ ਗੁਰਦੁਆਰਿਆਂ ਤੇ ਲਾਗੂ ਹਨ ।ਪਰ ਜੋ ਇਹ ਆਗੂ ਜਿਤਨਾਂ ਇਸ ਤੇ ਅਖੌਤੀ ਪਰਦਾ ਪਾ ਰਹੇ ਹਨ , ਉਤਨਾ ਹੀ ਹਾਲਾਤ ਨੂੰ ਸੰਕਟ ਵਿੱਚ ਧਕੇਲ ਰਹੇ ਹਨ ।ਇਸ ਤਰਾ ਦੀ ਅਵੱਗਿਆ ਚੈਰਿਟੀ ਕਾਨੂੰਨ ਦੇ ਵਿਰੁੱਧ ਹੈ ।ਹੁਣ ਇੰਦਰਾ , ਰਾਹੁਲ ਦੇ ਚੇਲੇ ਆਗੂ ਆਪਣੇ ਗੁਨਾਹ ਨੂੰ ਨਹੀ ਕਬੂਲਦੇ , ਸਗੋਂ ਮੋਦੀ ਦੇ ਨਾਮ ਦਾ ਰਾਗ ਅਲਾਪਣ ਵਿੱਚ ਗੁਣਕਾਰੀ ਹੋ ਰਹੇ ਹਨ ।ਪੇਂਡੂ ਕਹਾਵਤ ਦਾ ਅਖਾਣ ਹੈ "ਉੱਘ ਦੀ ਪਤਾਲ " ਜਾਂ ਮੱਝ ਦੇ ਕੱਟੇ ਵਾਲੀ ਗਲ !!!! ਸਮਾਜਿਕ ਜ਼ਿੰਦਗੀ ਵਿੱਚ ਸੱਚ ਨੂੰ ਲੁਕਾਇਆ ਨਹੀਂ ਜਾ ਸਕਦਾ ।ਬਾਅਦ ਵਿੱਚ ਇਹੀ ਵਤੀਰਾ ਗੁਨਾਹ ਤੇ ਉਪਰੰਤ ਕਲੰਕਤ ਹੋ ਵਿਚਰਦਾ ਹੈ ।ਮੇਰੀ ਇਸ ਗੱਲ ਨੂੰ ਕਿਸੇ ਵਿਰੋਧ ਵਜੋਂ ਨਾ ਲਿਆ ਜਾਏ ।ਸਾਂਝੇ ਤੌਰ ਕੇ ਬਹਿ ਕੇ ਵਿਚਾਰ ਕਰ ਲਵੋ , ਗੁਰੂ ਘਰਾਂ ਨੂੰ ਕਿਸੇ ਸੌੜੀ ਸਿਆਸਤ ਦਾ ਕੇਂਦਰ ਨਾ ਬਣਾਇਆ ਜਾਵੇ ।ਆਪਣੇ ਹੀ ਭਾਈਬੰਦਾਂ ਦੇ ਜੁੱਟ ਆਸਰੇ ਝੂਠੇ ਪ੍ਰਾਪੇਗੰਡੇ ਦਾ ਆਸਰਾ ਕੌਮ ਲਈ ਹੋਰ ਭੀ ਹਾਨੀਕਾਰਕ ਹੈ ।ਦੇਸ਼ ਤੋਂ ਆਏ ਪ੍ਰਚਾਰਕ ਜਾਂ ਬੁਲਾਰੇ ਅਜੋਕੇ ਹਾਲਾਤ ਵਿੱਚ ਜੇਕਰ "ਖਾਲਿਸਤਾਨ " ਦੇ ਮੁੱਦੇ ਕੇ ਕੋਈ ਗੱਲ ਛੇੜਦੇ ਹਨ , ਤਦ ਉਸ ਗੁਰੂ ਘਰ ਦੇ ਵਿਰੁੱਧ ਚੈਰਿਟੀ ਕੋਈ ਕਦਮ ਪੁੱਟਦੀ ਹੈ ? ਇਹਨਾਂ ਪ੍ਰਚਾਰਕਾਂ , ਬੁਲਾਰਿਆਂ ਤੇ ਕਿਸੇ ਕਿਸਮ ਦੀ ਪਾਬੰਦੀ ਲੱਗਦੀ ਹੈ , ਤਦ ਇਹਨਾਂ ਗੰਭੀਰ ਸਿੱਟਿਆਂ ਲਈ , ਉਹ ਆਗੂ ਲੋਕ ਜੁਮੇਵਾਰ ਹਨ , ਜਿਨਾਂ ਨਾਲ ਮੈਂ ਇਸ ਤੀਸਰੇ ਲੇਖ ਵਿੱਚ ਵਾਰਤਾ ਛੇੜੀ ਹੈ ।ਭਾਈ ਬੰਦੀ , ਗੁੱਟਬੰਦੀ ਦੀ ਕੋਝੀ ਆਦਤ ਨੂੰ ਹੀ ਗਲੇ ਲਗਾਉਣਾ , ਕੌਮ ਦੇ ਹਿਤ ਵਿਚ ਕਦਾਚਿਤ ਨਹੀਂ ਹੈ ।ਪਹਿਲਾਂ ਵੀ ਸਪਸ਼ਟ ਦਸ ਚੁੱਕੇ ਹਾਂ ਕਿ " ਖਾਲਿਸਤਾਨ " ਸੰਗਰਸ਼ ਸਿਆਸੀ ਖ਼ਿੱਤੇ ਤੇ ਰਾਜਸੀ ਸਤਾ ਦੇ ਖ਼ਿੱਤੇ ਦਾ ਆਧਾਰ ਹੈ ।ਜੋ ਮੀਰੀ ਪੀਰੀ ਸਿੱਧਾਂਤ ਅਨੁਸਾਰ ਹੱਕ ਲਈ ਸੰਘਰਸ਼ ਕਰਨਾ ਹੈ ।ਇਹ ਧਾਰਮਿਕ ਨਹੀਂ ਹੈ ।ਚੈਰਿਟੀ ਨੂੰ ਧਾਰਮਿਕ ਦੱਸਿਆ ਗਿਆ ਵੀ ਝੂਠ ਹੈ । ਖਾਲਿਸਤਾਨ ਕਿਧਰੇ ਗੁਰਬਾਣੀ ਦਾ ਹਿੱਸਾ ਨਹੀਂ ਹੈ । ਕਿਧਰੇ ਕੋਈ ਕੀਰਤਨੀ ਵਾਰ ਦਾ ਵੀ ਹਿੱਸਾ ਨਹੀਂ ਹੈ । ਗੁਰੂ ਬਾਣੀ ਦਾ ਜਾਪ ਹੁੰਦਾ ਹੈ ।ਖਾਲਿਸਤਾਨ ਦੇ ਨਾਮ ਦਾ ਜਾਪ ਨਹੀਂ ਹੁੰਦਾ , ਇਸ ਦੇ ਨਾਮ ਤੇ ਕੌਮੀ ਤੇ ਸਮਾਜਕ ਭਲਾਈ ਲਈ ਸੰਗਰਸ਼ ਕੀਤਾ ਜਾਂਦਾ ਹੈ ।ਇਹ "ਸ਼ੁਭ ਕਰਮਨ ਤੇ ਕਬਹੂੰ ਨਾ ਟਰੋਂ " ਦੇ ਸੰਕਲਪ ਨੂੰ ਦੁਹਰਾਉਂਦਾ ਹੈ ।ਅੱਗੇ ਚੱਲ ਕੇ ਇਸੇ ਆਧਾਰ ਦੀ ਪੂਰਤੀ ਲਈ ਇਹ ਦੋਹਰਾ ਅਗਵਾਈ ਦਿੰਦਾ ਹੈ – "ਚੂੰ ਕਾਰ ਅੱਜ ਹਮਾਂ ਹੀਲਤੇ ਦਰ ਗੁਜਸ਼ਤ , ਹਲਾਲ ਅਸਤ , ਬੁਰਦਵ ਬਾ ਸ਼ਮਸ਼ੀਰ ਦਸਤ " ।

ਆਵਾਜ਼ਿ ਕੌਮ AWAZE QAUM International Newspaper & WEB TV

# ਡਿਪਟੀ ਕਮਿਸ਼ਨਰ ਅੰਮ੍ਰਿਤਸਰ ਹੜ ਪੀੜਤਾਂ ਦੀ ਮਦਦ ਲਈ ਟੀਮਾਂ ਨੂੰ ਲੈ ਕੇ ਮੌਕੇ 'ਤੇ ਪੁੱਜੇ

## ਸਮੁੱਚਾ ਪ੍ਰਸ਼ਾਸ਼ਨ ਹਰ ਪੀੜਤਾਂ ਦੀ ਮਦਦ ਵਿੱਚ ਰੁੱਝਾ • ਐਨ. ਡੀ. ਆਰ. ਐਫ. ਦੀਆਂ ਟੀਮਾਂ ਵੀ ਮੌਕੇ ਤੇ ਪੁੱਜੀਆਂ









**ਅੰਮ੍ਰਿਤਸਰ, 27 ਅਗਸਤ (ਆਵਾਜ਼ਿ ਕੌਮ ਬਿਊਰੋ)**-ਅਜਨਾਲਾ ਹਲਕੇ ਦੇ ਪਿੰਡਾਂ ਵਿੱਚ ਪਾਣੀ ਦਾ ਪੱਧਰ ਵਧਣ ਕਰਕੇ ਜਿਲ੍ਹਾ ਪ੍ਰਸਾਸ਼ਨ ਵੱਲੋਂ ਲੋਕਾਂ ਦੀ ਮਦਦ ਲਈ ਸਵੇਰ ਤੋਂ ਹੀ ਰਾਹਤ ਕਾਰਜ ਸ਼ੁਰੂ ਕਰ ਦਿੱਤੇ ਗਏ ਹਨ। ਡਿਪਟੀ ਕਮਿਸ਼ਨਰ ਅੰਮ੍ਰਿਤਸਰ ਸ਼੍ਰੀਮਤੀ ਸਾਕਸ਼ੀ ਸਾਹਨੀ ਜੋ ਕਿ ਰਾਤ 1 ਵਜੇ ਅਜਨਾਲਾ ਧੁਸੀ ਬੰਨ ਦਾ ਦੌਰਾ ਕਰਕੇ ਪਰਤੇ ਸਨ, ਅੱਜ ਸਵੇਰੇ ਫਿਰ 8 ਵਜੇ ਬੰਨ ਟੁੱਟਣ ਦੀ ਖਬਰ ਸੁਣਦੇ ਸਾਰ ਹੀ ਪੀੜਿਤ ਖੇਤਰਾਂ ਵਿੱਚ ਪਹੁੰਚ ਗਏ। ਉਹਨਾਂ ਨੇ ਰਾਹਤ ਕਾਰਜਾਂ ਦੀ ਖੁਦ ਕਮਾਨ ਸੰਭਾਲੀ। ਉਹਨਾਂ ਨਾਲ ਵਧੀਕ ਡਿਪਟੀ ਕਮਿਸ਼ਨਰ ਸ੍ਰੀ ਰੋਹਿਤ ਗੁਪਤਾ ਅਤੇ ਜ਼ਿਲ੍ਹਾ ਪੁਲਿਸ ਮੁਖੀ ਸ ਮਨਿੰਦਰ ਸਿੰਘ ਸਵੇਰ ਤੋਂ ਹੀ ਰਾਹਤ ਅਤੇ ਬਚਾਅ ਕਾਰਜਾਂ ਵਿੱਚ ਲੱਗੇ ਹੋਏ ਹਨ। ਇਸ ਸਬੰਧੀ ਪੱਤਰਕਾਰਾਂ ਨਾਲ ਗੱਲਬਾਤ ਕਰਦੇ ਹੋਏ ਡਿਪਟੀ ਕਮਿਸ਼ਨਰ ਸ੍ਰੀਮਤੀ ਸਾਕਸ਼ੀ ਸਾਹਨੀ ਨੇ ਦੱਸਿਆ ਕਿ ਪਾਣੀ ਦਾ ਪੱਧਰ ਲਗਾਤਾਰ ਵੱਧ ਰਿਹਾ ਹੈ ਅਤੇ ਪਾਣੀ 20 ਦੇ ਕਰੀਬ ਪਿੰਡਾਂ ਵਿੱਚ ਦਾਖਲ ਹੋ ਗਿਆ ਹੈ। ਉਨ੍ਹਾਂ ਕਿਹਾ ਕਿ ਐਨ:ਡੀ:ਆਰ:ਐਫ ਦੀਆਂ ਟੀਮਾਂ ਵੀ ਰਾਹਤ ਕਾਰਜ ਲਈ ਪੁੱਜ ਚੁੱਕੀਆਂ ਹਨ ਅਤੇ ਬੇੜੀਆਂ ਰਾਹੀਂ ਲੋਕਾਂ ਨੂੰ ਰੈਸਕਿਊ ਕੀਤਾ ਜਾ ਰਿਹਾ ਹੈ। ਡਿਪਟੀ ਕਮਿਸ਼ਨਰ ਨੇ ਦੱਸਿਆ ਕਿ ਅਜਨਾਲਾ ਹਲਕੇ ਦੇ ਲੱਗਭੱਗ 20 ਪਿੰਡ ਪਾਣੀ ਦੀ ਮਾਰ ਹੇਠ ਆ ਚੁੱਕੇ ਹਨ। ਉਨ੍ਹਾਂ ਦੱਸਿਆ ਕਿ ਬਠਿੰਡਾ ਤੋਂ ਐਨ:ਡੀ:ਆਰ:ਐਫ ਦੀ ਇਕ ਹੋਰ ਟੀਮ ਰਵਾਨਾ ਹੋ ਚੁੱਕੀ ਹੈ ਅਤੇ ਇਸ ਦੇ ਨਾਲ ਨਾਲ ਫੌਜ ਦੀ ਮਦਦ ਵੀ ਲੋਕਾਂ ਨੂੰ ਰੈਸਕਿਊ ਕਰਨ ਲਈ ਜਾ ਰਹੀ ਹੈ। ਡਿਪਟੀ ਕਮਿਸ਼ਨਰ ਨੇ ਦੱਸਿਆ ਕਿ ਕੱਲ ਰਾਤ ਤੋਂ ਹੀ ਸਮੁੱਚਾ ਪ੍ਰਸਾਸ਼ਨ ਮਸ਼ੀਨਰੀ ਸਮੇਤ ਇਥੇ ਪੁੱਜ ਚੁੱਕਾ ਹੈ ਅਤੇ ਲੋਕਾਂ ਦੀ ਮਦਦ ਕਰ ਰਿਹਾ ਹੈ। ਉਨ੍ਹਾਂ ਕਿਹਾ ਕਿ ਸਥਾਨਕ ਲੋਕ ਵੀ ਮਦਦ ਲਈ ਅੱਗੇ ਆਏ ਹਨ। ਡਿਪਟੀ ਕਮਿਸ਼ਨਰ ਨੇ ਲੋਕਾਂ ਨੂੰ ਅਪੀਲ ਕਰਦਿਆਂ ਕਿਹਾ ਕਿ ਉਹ ਜਿਆਦਾ ਦੇਰ ਨਾ ਕਰਨ ਅਤੇ ਬੇੜੀਆਂ ਰਾਹੀਂ ਢੁਕਵੇਂ ਸਥਾਨ ਤੇ ਪੁੱਜ ਜਾਣ। ਉਨ੍ਹਾਂ ਕਿਹਾ ਕਿ ਪ੍ਰਸਾਸ਼ਨ ਤੁਹਾਡੀ ਹਰ ਤਰ੍ਹਾਂ ਦੀ ਸਹਾਇਤਾ ਕਰੇਗਾ। ਡਿਪਟੀ ਕਮਿਸ਼ਨਰ ਨੇ ਕਿਹਾ ਕਿ ਪਾਣੀ ਦਾ ਪੱਧਰ ਹੌਲੀ ਹੌਲੀ ਘਟੇਗਾ ਪਰ ਸਾਨੂੰ ਸੁਚੇਤ ਰਹਿਣ ਦੀ ਲੋੜ ਹੈ। ਇਸ ਮੌਕੇ ਐਸ:ਐਸ:ਪੀ ਦਿਹਾਤੀ ਸ੍ਰ ਮਨਿੰਦਰ ਸਿੰਘ, ਐਸ:ਡੀ:ਐਮ ਸ੍ਰ ਰਵਿੰਦਰ ਅਰੋੜਾ ਸਮੇਤ ਹੋਰ ਪ੍ਰਸਾਸ਼ਿਨਕ ਅਧਿਕਾਰੀ ਹਾਜਰ ਸਨ।

ਆਵਾਜ਼ਿ ਕੌਮ AWAZE QAUM International Newspaper & WEB TV

# ਜਲ ਸਰੋਤ ਮੰਤਰੀ ਬਰਿੰਦਰ ਗੋਇਲ ਵੱਲੋਂ ਅਜਨਾਲਾ ਖੇਤਰ ਵਿੱਚ ਹੜ੍ਹ ਪ੍ਰਭਾਵਿਤ ਪਿੰਡਾਂ ਦਾ ਦੌਰਾ





ਅਜਨਾਲਾ 27, ਅਗਸਤ (ਆਵਾਜ਼ਿ ਕੌਮ ਬਿਊਰੋ) – ਸੂਬੇ ਦੇ ਜਲ ਸਰੋਤ ਮੰਤਰੀ ਸ੍ਰੀ ਬਰਿੰਦਰ ਕੁਮਾਰ ਗੋਇਲ ਵੱਲੋਂ ਅੱਜ ਜ਼ਿਲ੍ਹਾ ਅੰਮ੍ਰਿਤਸਰ ਦੇ ਰਾਵੀ ਦਰਿਆ ਕੰਢੇ ਹੜ੍ਹ ਪ੍ਰਭਾਵਿਤ ਇਲਾਕੇ ਦਾ ਦੌਰਾ ਕੀਤਾ ਗਿਆ। ਇਸ ਮੌਕੇ ਉਨ੍ਹਾਂ ਨੇ ਹੜ੍ਹ ਪ੍ਰਭਾਵਿਤ ਪਿੰਡਾਂ ਵਿੱਚ ਪਹੁੰਚ ਕਰਕੇ ਜ਼ਿਲ੍ਹਾ ਪ੍ਰਸ਼ਾਸਨ ਵੱਲੋਂ ਚਲਾਏ ਜਾ ਰਹੇ ਰਾਹਤ ਤੇ ਬਚਾਅ ਕਾਰਜਾਂ ਦਾ ਜਾਇਜ਼ਾ ਲਿਆ। ਉਨ੍ਹਾਂ ਕਿਹਾ ਕਿ ਪੰਜਾਬ ਸਰਕਾਰ ਹੜ੍ਹਾਂ ਦੀ ਸਥਿਤੀ ਨਾਲ ਨਜਿੱਠਣ ਲਈ ਪੂਰੀ ਤਰ੍ਹਾਂ ਤਿਆਰ ਹੈ ਅਤੇ ਲੋਕਾਂ ਦੀ ਜਾਨ-ਮਾਲ ਦੀ ਰਾਖੀ 'ਚ ਕੋਈ ਕਸਰ ਬਾਕੀ ਨਹੀਂ ਛੱਡੀ ਜਾਵੇਗੀ। ਇਸ ਮੌਕੇ ਉਨ੍ਹਾਂ ਨਾਲ ਕੈਬਨਿਟ ਮੰਤਰੀ ਸ ਹਰਭਜਨ ਸਿੰਘ ਈਟੀਓ, ਵਿਧਾਇਕ ਸ ਕੁਲਦੀਪ ਸਿੰਘ ਧਾਲੀਵਾਲ, ਮੈਡਮ ਸੋਨੀਆ ਮਾਨ, ਡਿਪਟੀ ਕਮਿਸ਼ਨਰ ਸ੍ਰੀਮਤੀ ਸਾਕਸ਼ੀ ਸਾਹਨੀ, ਜਿਲ੍ਹਾ ਪੁਲਿਸ ਮੁੱਖੀ ਸ: ਮਨਿੰਦਰ ਸਿੰਘ, ਵਧੀਕ ਡਿਪਟੀ ਕਮਿਸ਼ਨਰ ਸ੍ਰੀ ਰੋਹਿਤ ਗੁਪਤਾ ਅਤੇ ਹੋਰ ਅਧਿਕਾਰੀ ਵੀ ਹਾਜ਼ਰ ਸਨ। ਇਸ ਮੌਕੇ ਹੜ੍ਹ ਪ੍ਰਭਾਵਿਤ ਪਿੰਡਾਂ ਦੇ ਵਸਨੀਕਾਂ ਨਾਲ ਗੱਲ ਕਰਦਿਆਂ ਕੈਬਨਿਟ ਮੰਤਰੀ ਸ੍ਰੀ ਬਰਿੰਦਰ ਕੁਮਾਰ ਗੋਇਲ ਨੇ ਕਿਹਾ ਕਿ ਮੈਦਾਨੀ ਅਤੇ ਪਹਾੜੀ ਇਲਾਕਿਆਂ ਵਿੱਚ ਲਗਾਤਾਰ ਪੈ ਰਹੇ ਮੀਂਹ ਕਾਰਨ ਸਾਰੇ ਡੈਮ ਭਰ ਚੁੱਕੇ ਹਨ। ਉਨ੍ਹਾਂ ਕਿਹਾ ਕਿ ਰਣਜੀਤ ਸਿੰਘ ਸਾਗਰ ਡੈਮ ਅਤੇ ਉੱਝ ਦਰਿਆ ਵਿੱਚੋਂ ਆ ਰਹੇ ਪਾਣੀ ਨਾਲ ਕਈ ਥਾਵਾਂ ਤੋਂ ਰਾਵੀ ਦਰਿਆ ਦੇ ਧੁੱਸੀ ਬੰਨ੍ਹ ਨੂੰ ਨੁਕਸਾਨ ਪਹੁੰਚਿਆ ਹੈ। ਉਨ੍ਹਾਂ ਕਿਹਾ ਕਿ ਅੰਮ੍ਰਿਤਸਰ ਜ਼ਿਲ੍ਹੇ ਦੇ ਰਾਵੀ ਦਰਿਆ ਨਾਲ ਲੱਗਦੇ ਕਰੀਬ 20 ਪਿੰਡ ਹੜ੍ਹ ਦੀ ਮਾਰ ਹੇਠ ਆ ਗਏ ਹਨ ਜਿੱਥੇ ਸਵੇਰ ਤੋਂ ਹੀ ਜ਼ਿਲ੍ਹਾ ਪ੍ਰਸ਼ਾਸਨ ਦੀਆਂ ਟੀਮਾਂ ਬੀ.ਐੱਸ.ਐੱਫ., ਭਾਰਤੀ ਫ਼ੌਜ ਐੱਸ.ਟੀ.ਆਰ.ਐੱਫ਼. ਅਤੇ ਐੱਨ.ਡੀ.ਆਰ.ਐੱਫ਼ ਦੀਆਂ ਟੀਮਾਂ ਨਾਲ ਬਚਾਅ ਕਾਰਜਾਂ ਵਿੱਚ ਲੱਗੀਆਂ ਹੋਈਆਂ ਹਨ। ਉਨ੍ਹਾਂ ਦੱਸਿਆ ਕਿ ਇਨ੍ਹਾਂ ਟੀਮਾਂ ਵੱਲੋਂ ਲੋਕਾਂ ਨੂੰ ਸੁਰੱਖਿਅਤ ਬਾਹਰ ਕੱਢਿਆ ਜਾ ਰਿਹਾ ਹੈ। ਉਨ੍ਹਾਂ ਕਿਹਾ ਕਿ ਰਾਹਤ ਤੇ ਬਚਾਅ ਕਾਰਜ ਲਗਾਤਾਰ ਜਾਰੀ ਹਨ ਅਤੇ ਸਰਕਾਰ ਦੀ ਇਹ ਕੋਸ਼ਿਸ਼ ਹੈ ਕਿ ਨੁਕਸਾਨ ਘੱਟ ਤੋਂ ਘੱਟ ਹੋਵੇ ਅਤੇ ਲੋਕਾਂ ਨੂੰ ਰਾਹਤ ਪੁੱਜਦੀ ਕੀਤੀ ਜਾਵੇ। ਉਨ੍ਹਾਂ ਕਿਹਾ ਪਾਣੀ ਵਿੱਚ ਘਿਰੇ ਲੋਕ ਸਾਡੇ ਸੰਪਰਕ ਵਿੱਚ ਹਨ ਅਤੇ ਉਨਾਂ ਨੂੰ ਉਥੋਂ ਵਾਪਸ ਸੁਰੱਖਿਤ ਸਥਾਨਾਂ ਉੱਤੇ ਲਿਆਂਦਾ ਜਾ ਰਿਹਾ ਹੈ। ਇਸ ਮੌਕੇ ਕੈਬਨਿਟ ਮੰਤਰੀ ਸ ਹਰਭਜਨ ਸਿੰਘ ਈਟੀਓ ਨੇ ਦੱਸਿਆ ਕਿ ਜ਼ਿਲ੍ਹੇ ਵਿੱਚ ਰਾਵੀ ਦਰਿਆ ਦੀ ਮਾਰ ਵਿੱਚ ਆਏ ਪਿੰਡਾਂ ਦੇ ਵਸਨੀਕਾਂ ਲਈ ਜ਼ਿਲ੍ਹਾ ਪ੍ਰਸ਼ਾਸਨ ਵੱਲੋਂ ਕਈ ਸਥਾਨਾਂ ਉੱਤੇ ਰਾਹਤ ਕੈਂਪ ਸਥਾਪਿਤ ਕੀਤੇ ਗਏ ਹਨ, ਜਿੱਥੇ ਲੋਕਾਂ ਦੇ ਰਹਿਣ ਤੇ ਖਾਣ-ਪੀਣ ਦਾ ਪ੍ਰਬੰਧ ਕੀਤਾ ਗਿਆ ਹੈ। ਉਨ੍ਹਾਂ ਕਿਹਾ ਕਿ ਅਜੇ ਪਹਾੜਾਂ ਵਿੱਚੋਂ ਹੋਰ ਪਾਣੀ ਆ ਰਿਹਾ ਹੈ ਜਿਸ ਕਾਰਨ ਪਾਣੀ ਦਾ ਪੱਧਰ ਹੋਰ ਵੱਧ ਸਕਦਾ ਹੈ। ਉਨ੍ਹਾਂ ਦਰਿਆਵਾਂ ਕੰਢੇ ਦੀ ਵਸੋਂ ਨੂੰ ਚੌਕਸ ਕਰਦਿਆਂ ਕਿਹਾ ਕਿ ਉਹ ਜ਼ਿਲ੍ਹਾ ਪ੍ਰਸ਼ਾਸਨ ਵੱਲੋਂ ਦਿੱਤੀਆਂ ਜਾ ਰਹੀਆਂ ਹਦਾਇਤਾਂ ਦੀ ਪਾਲਣਾ ਕਰਨ ਅਤੇ ਵਿਸ਼ੇਸ਼ ਚੌਕਸੀ ਰੱਖਣ। ਇਸ ਮੌਕੇ ਪੱਤਰਕਾਰਾਂ ਨਾਲ ਗੱਲਬਾਤ ਕਰਦੇ ਵਿਧਾਇਕ ਸ ਕੁਲਦੀਪ ਸਿੰਘ ਧਾਲੀਵਾਲ ਨੇ ਕਿਹਾ ਕਿ ਇਹ ਵੇਲਾ ਸਿਆਸਤ ਕਰਨ ਦਾ ਨਹੀਂ, ਸਾਡੀ ਕੋਸ਼ਿਸ਼ ਲੋਕਾਂ ਨੂੰ ਸੁਰੱਖਿਆ ਸਥਾਨਾਂ ਉੱਤੇ ਪਹੁੰਚਾਉਣ ਦੀ ਹੈ ।ਉਹਨਾਂ ਕਿਹਾ ਕਿ ਇਹ ਕੁਦਰਤੀ ਆਫਤ ਹੈ ਤੇ ਕੇਂਦਰ ਸਰਕਾਰ ਨੂੰ ਇਸ ਮੌਕੇ ਪੰਜਾਬ ਦੀ ਬਾਂਹ ਫੜਨੀ ਚਾਹੀਦੀ ਹੈ। ਉਹਨਾਂ ਕਿਹਾ ਕਿ ਅੱਜ ਇਸ ਕੁਦਰਤੀ ਕਰੋਪੀ ਉੱਤੇ ਸਿਆਸਤ ਕਰ ਰਹੇ ਲੋਕਾਂ ਨੂੰ ਚਾਹੀਦਾ ਹੈ ਕਿ ਉਹ ਸਵਾਲ ਉਠਾਉਣ ਦੀ ਥਾਂ ਕੇਂਦਰ ਸਰਕਾਰ ਉੱਤੇ ਜ਼ੋਰ ਪਾਉਣ ਕਿ ਉਹ ਇਸ ਔਖੀ ਘੜੀ ਪੰਜਾਬ ਦੀ ਬਾਂਹ ਫੜੇ। ਇਸ ਮੌਕੇ ਹਲਕਾ ਰਾਜਾਸਾਂਸੀ ਦੇ ਇੰਚਾਰਜ ਮੈਡਮ ਸੋਨੀਆ ਮਾਨ ਵੀ ਲੋਕਾਂ ਦੀ ਮਦਦ ਅਤੇ ਰਾਹਤ ਕਾਰਜਾਂ ਵਿੱਚ ਭਾਗ ਲੈਣ ਲਈ ਵਿਸ਼ੇਸ਼ ਤੌਰ ਉੱਤੇ ਪੁੱਜੇ।

ਆਵਾਜ਼ਿ ਕੌਮ AWAZE QAUM International Newspaper & WEB TV

# ਦਰਿਆ ਕੰਢੇ ਹਾੜ ਪ੍ਰਭਾਵਿਤ ਲੋਕਾਂ ਦੀ ਮਦਦ ਕਰਨ ਸਬੰਧੀ ਕੀਤੀ ਗਈ ਅਹਿਮ ਮੀਟਿੰਗ

**ਸਰਾਏ ਅਮਾਨਤ ਖਾਂ , 27 ਅਗਸਤ (ਆਵਾਜ਼ਿ ਕੌਮ ਬਿਊਰੋ)**-ਕਿਸਾਨ ਮਜ਼ਦੂਰ ਸੰਘਰਸ਼ ਕਮੇਟੀ ਪੰਜਾਬ ਜੋਨ ਸੈਨ ਭਗਤ ਦੇ ਜੋਨ ਪ੍ਰਧਾਨ ਪਰਮਜੀਤ ਸਿੰਘ ਛੀਨਾ ਜੋਨ ਪ੍ਰੈਸ ਸਕੱਤਰ ਕੁਲਜੀਤ ਸਿੰਘ ਛੀਨਾ ਵੱਲੋਂ ਗੁਰਦੁਆਰਾ ਬਾਬਾ ਬਿਧੀ ਚੰਦ ਛੀਨਾ ਵਿਖੇ ਕਿਸਾਨ ਆਗੂਆਂ ਨਾਲ ਮੀਟਿੰਗ ਕੀਤੀ ਗਈ ਹਿਮਾਚਲ ਅਤੇ ਪੰਜਾਬ ਵਿੱਚ ਲਗਾਤਾਰ ਕਈ ਦਿਨਾਂ ਤੋਂ ਪੈ ਰਹੇ ਮੀਂਹ ਨਾਲ ਡੈਮਾਂ ਅਤੇ ਦਰਿਆਵਾਂ ਵਿਚ ਪਾਣੀ ਦਾ ਲੈਵਲ ਬਹੁਤ ਵੱਡੀ ਤਰਾਂ ਵਧ ਰਿਹਾ ਹੈ ਜੋ ਅੱਗੇ ਦਰਿਆਵਾਂ ਦੇ ਬੰਨ ਖੋਲ ਕੇ ਛੱਡੇ ਜਾ ਰਹੇ ਹਨ ਉਸ ਨਾਲ ਦਰਿਆ ਕੰਢੇ ਪੈਂਦੇ ਪਿੰਡਾਂ ਵਿੱਚ ਪਾਣੀ ਆ ਵੜਿਆ ਹੈ ਉਸ ਨਾਲ ਬਹੁਤ ਜਿਆਦਾ ਫਸਲਾਂ ਪਸ਼ੂਆ ਅਤੇ ਘਰਾਂ ਦਾ ਨੁਕਸਾਨ ਹੋ ਰਿਹਾ ਹੈ ਸਰਕਾਰਾਂ ਵੱਲੋਂ ਇਹ ਬੰਨਾਂ ਦੀ ਮਜਬੂਤੀ ਲਈ ਕੋਈ ਕਦਮ ਨਹੀਂ ਚੁੱਕੇ ਜਾਂਦੇ ਹੁਣ ਜਦੋਂ ਲੋਕ ਹੜ ਪ੍ਰਭਾਵਿਤ ਹੋਏ ਹਨ ਅਤੇ ਸਰਕਾਰ ਵੱਲੋਂ ਉਹਨਾਂ ਦੀ ਮਦਦ ਲਈ ਕੋਈ ਜੰਗੀ ਪੱਧਰ ਤੇ ਕੰਮ ਨਹੀਂ ਕੀਤਾ ਜਾ ਰਿਹਾ ਇਹਨਾਂ ਲੋਕਾਂ ਦੀ ਮਦਦ ਲਈ ਆਮ ਲੋਕ ਹੀ ਅੱਗੇ ਆ ਰਹੇ ਹਨ ਇਹ ਲੋਕ ਬਹੁਤ ਪਰੇਸ਼ਾਨ ਹੋ ਰਹੇ ਹਨ ਇਹਨਾਂ ਲੋਕਾਂ ਦੀ ਪਰੇਸ਼ਾਨੀ ਨੂੰ ਦੇਖਦਿਆਂ ਹੋਇਆਂ ਜੋਨ ਪ੍ਰਧਾਨ ਪਰਮਜੀਤ ਸਿੰਘ ਛੀਨਾ ਨੇ ਸੂਬਾ ਆਗੂ ਸੁਖਵਿੰਦਰ ਸਿੰਘ ਸਭਰਾ ਨਾਲ ਫੋਨ ਤੇ ਰਾਬਤਾ ਕੀਤਾ ਗਿਆ ਤੇ ਉਹਨਾਂ ਨੂੰ ਇਹਨਾਂ ਲੋਕਾਂ ਦੀ ਮਦਦ ਲਈ ਆਪਣੇ ਜੋਨ ਵੱਲੋ ਪੇਸ਼ਕਸ਼ ਕੀਤੀ ਗਈ ਸੂਬਾ ਆਗੂ ਸਾਹਿਬ ਨੇ ਦੱਸਿਆ ਕਿ ਇਹ ਲੋਕ ਬਹੁਤ ਮਾੜੀ ਹਾਲਤ ਹੈ ਕਿਉਂਕਿ ਆਪਣੀਆਂ ਫਸਲਾਂ ਅਤੇ ਘਰ ਛੱਡ ਕੇ ਲੋਕ ਪਿੱਛੇ ਆਪੋ ਆਪਣੇ ਸੁਰੱਖਿਆ ਥਾਵਾਂ ਤੇ ਗਏ ਹਨ ਇਹਨਾਂ ਦੀ ਮਦਦ ਲਈ ਲੋਕਾਂ ਵੱਲੋਂ ਬਹੁਤ ਯੋਗਦਾਨ ਪਾਇਆ ਜਾ ਰਿਹਾ ਪਰ ਉਹਨਾਂ ਲੋਕਾਂ ਦੀ ਆੜ ਹੇਠ ਕਈ ਲੋਕ ਪਿੱਛੇ ਰਹਿਣ ਵਾਲੇ ਨਜਾਇਜ਼ ਤੌਰ ਤੇ ਫਾਇਦਾ ਚੁੱਕ ਰਹੇ ਹਨ ਤੇ ਆਉਣ ਵਾਲੇ ਲੋਕਾਂ ਦੀ ਸੇਵਾ ਨੂੰ ਪਿੱਛੇ ਹੀ ਰਾਸਨ ਤੂੜੀ ਜਾਂ ਹੋਰ ਕੋਈ ਸਮਾਨ ਲਵਾ ਲੈਂਦੇ ਹਨ ਉਹਨਾਂ ਤੱਕ ਅਜੇ ਸਮਾਨ ਦੀ ਪਹੁੰਚ ਨਹੀਂ ਹੋ ਰਹੀ ਇਸ ਲਈ ਤੁਸੀਂ ਕੁਝ ਦਿਨ ਬਾਅਦ ਜਦੋਂ ਦਰਿਆ ਦਾ ਪਾਣੀ ਥੱਲੇ ਹੋ ਜਾਵੇਗਾ ਤੇ ਉਹਨਾਂ ਲੋਕਾਂ ਦੀ ਪੜਤਾਲ ਕੀਤੀ ਜਾਵੇਗੀ ਫਿਰ ਆਪਾਂ ਉਹਨਾਂ ਨੂੰ ਜੋ ਜੋ ਚੀਜ਼ ਦੀ ਲੋੜ ਹੋਵੇਗੀ ਜਾਂ ਉਹਨਾਂ ਨੂੰ ਕੋਈ ਚੀਜ਼ ਚਾਹੀਦੀ ਹੋਵੇਗੀ ਉਸ ਦਾ ਪੂਰਾ ਵੇਰਵਾ ਲਿਖ ਕੇ ਫਿਰ ਆਪਾਂ ਉਹਨਾਂ ਦੀ ਨਿੱਜੀ ਮਦਦ ਕਰਨੀ ਹੈ ਇਸ ਲਈ ਤੁਸੀਂ ਆਪਣੇ ਤਿਆਰ ਬਰ ਤਿਆਰ ਰਹੋ ਜਦੋਂ ਲੋੜ ਪਈ ਤੁਹਾਨੂੰ ਦੱਸ ਦਿੱਤਾ ਜਾਵੇਗਾ ਅਗਰ ਤੁਸੀਂ ਬੰਨ ਬੰਨਣ ਵਿੱਚ ਕੋਈ ਯੋਗਦਾਨ ਪਾਉਣਾ ਚਾਹੁੰਦੇ ਹੋ ਤਾਂ ਉਹ ਆਪਣੇ ਪੂਰੇ ਪਿੰਡਾਂ ਵਿੱਚੋਂ ਲੋਕ ਲਿਆ ਕੇ ਸਮੇਤ ਖਾਦਾਂ ਵਾਲੇ ਖਾਲੀ ਤੋੜਿਆਂ ਨਾਲ ਇੱਥੇ ਆਣ ਕੇ ਬੰਨ ਬੰਨਣ ਦੀ ਸਹਾਇਤਾ ਕਰ ਸਕਦੇ ਹੋ।

ਆਵਾਜ਼ਿ ਕੌਮ AWAZE QAUM International Newspaper & WEB TV
ਸਿੱਖ ਕੌਮ ਅਤੇ ਪੰਜਾਬੀਅਤ ਦਾ ਪਹਿਰੇਦਾਰ
ਆਵਾਜ਼ਿ ਕੌਮ
ਵਿੱਚ ਵਿਸ਼ਵ ਪੱਧਰ 'ਤੇ ਇਸ਼ਤਿਹਾਰ ਦੇਣ ਲਈ ਸੰਪਰਕ ਕਰੋ :
+447458381111 +447976210161 +919729091243